ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

YouTube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 26 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਅਮਰੀਕਾ ਦੀਆਂ ਸਿੱਖ ਸੰਗਤਾਂ ਵੱਲੋਂ ਗੋਲਡ ਮੈਡਲ ਨਾਲ਼ ਸਨਮਾਨਿਤ

# ਅਮਰੀਕਾ ਦੀਆਂ ਸਿੱਖ ਸੰਗਤਾਂ ਨੇ ਦਮਦਮੀ ਟਕਸਾਲ ਦੇ ਮੁਖੀ ਦੁਆਰਾ ਭਾਰਤ 'ਚ ਨਿਭਾਏ ਗਏ ਵਡੇਰੇ ਪੰਥਕ ਕਾਰਜਾਂ ਲਈ ਕੀਤੀ ਸ਼ਲਾਘਾ

## ਦਮਦਮੀ ਟਕਸਾਲ ਦੀ ਲੀਡਰਸ਼ਿਪ ਭਾਰਤ ਤੇ ਵਿਦੇਸ਼ 'ਚ ਸਰਬ ਸਾਂਝੀਵਾਲਤਾ ਅਤੇ ਸਿੱਖ ਭਾਈਚਾਰੇ ਨੂੰ ਦਰਪੇਸ਼ ਚੁਣੌਤੀਆਂ ਦੇ ਹੱਲ ਲਈ ਯਤਨਸ਼ੀਲ





**ਚੌਂਕ ਮਹਿਤਾ / ਰੀਵਰਸਾਈਡ (ਕੈਲੇਫੋਰਨੀਆ) 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਦੀਆਂ ਪੰਥ ਪ੍ਰਤੀ ਸੇਵਾਵਾਂ ਲਈ ਅਮਰੀਕਾ ਦੀਆਂ ਸਿੱਖ ਸੰਗਤਾਂ ਵੱਲੋਂ ਉਨ੍ਹਾਂ ਨੂੰ ਗੋਲਡ ਮੈਡਲ ਨਾਲ਼ ਸਨਮਾਨਿਤ ਕੀਤਾ ਗਿਆ।

ਅਮਰੀਕਾ 'ਚ ਧਰਮ ਪ੍ਰਚਾਰ ਲਈ ਆਏ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੂੰ ਇਹ ਸਨਮਾਨ ਗੁਰਦੁਆਰਾ ਰੀਵਰਸਾਈਡ ਕੈਲੇਫੋਰਨੀਆ ਵਿਖੇ ਗੁਰਦਵਾਰਾ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਸ. ਪਰਮਜੀਤ ਸਿੰਘ ਅਤੇ ਪ੍ਰਧਾਨ ਸੋਢੀ ਸਿੰਘ ਸ਼ੇਕਰ ਵੱਲੋਂ ਇਕ ਧਾਰਮਿਕ ਸਮਾਗਮ ਦੌਰਾਨ ਭੇਟ ਕੀਤਾ ਗਿਆ। ਸ. ਪਰਮਜੀਤ ਸਿੰਘ ਨੇ ਕਿਹਾ ਕਿ ਦਮਦਮੀ ਟਕਸਾਲ ਦੀ ਪੰਥ ਨੂੰ ਬਹੁਤ ਵੱਡੀ ਦੇਣ ਹੈ। ਗੁਰਬਾਣੀ ਪ੍ਰਚਾਰ ਪ੍ਰਸਾਰ, ਸ਼ਹਾਦਤਾਂ ਅਤੇ ਇਤਿਹਾਸਕ ਗੁਰਧਾਮਾਂ ਦੀ ਸੇਵਾ ਸੰਭਾਲ ਵਰਗੇ ਹਰ ਖੇਤਰ 'ਚ ਟਕਸਾਲ ਅੱਗੇ ਰਹੀ ਹੈ। ਉਨ੍ਹਾਂ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਹਮੇਸ਼ਾਂ ਪੰਥਕ ਹਿਤਾਂ ਤੇ ਸਰੋਕਾਰਾਂ ਨੂੰ ਪਹਿਲ ਦੇਣ ਅਤੇ ਮੌਜੂਦਾ ਹਾਲਾਤਾਂ 'ਚ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਵੱਲੋਂ ਗੁਰਬਾਣੀ ਸਿਧਾਂਤ ਦਾ ਪ੍ਰਚਾਰ ਪ੍ਰਸਾਰ, ਸ਼ਹੀਦੀ ਯਾਦਗਾਰ, ਸ਼ਹੀਦੀ ਗੈਲਰੀ ਅਤੇ ਜਨਮ ਸਥਾਨ ਦੀ ਉਸਾਰੀ ਤੋਂ ਇਲਾਵਾ ਅਨੇਕਾਂ ਕਾਰਸੇਵਾ ਅਤੇ ਗੁਰੂ ਕੇ ਲੰਗਰ ਦੇ ਪ੍ਰਮੁੱਖ ਕਾਰਜ ਕੀਤੇ ਹਨ। ਸੰਤ ਹਰਨਾਮ ਸਿੰਘ ਖ਼ਾਲਸਾ ਪੰਥ ਦੇ ਵੱਡੇ ਕਾਰਜ ਅਤੇ ਵੱਡੀਆਂ ਜ਼ਿੰਮੇਵਾਰੀਆਂ ਬਾਖ਼ੂਬੀ ਨਿਭਾ ਰਹੇ ਹਨ, ਅਣਗਿਣਤ ਪ੍ਰਾਣੀਆਂ ਨੂੰ ਅੰਮ੍ਰਿਤ ਛਕਾ ਕੇ ਗੁਰੂ ਦੇ ਲੜ ਲਾਇਆ। ਬਾਣੀ ਅਤੇ ਬਾਣੇ ਦਾ ਪ੍ਰਚਾਰ ਸਮੇਂ ਦੀ ਲੋੜ ਹੈ ਅਤੇ ਦਮਦਮੀ ਟਕਸਾਲ ਨੇ ਪਾਠ ਬੋਧ ਸਮਾਗਮਾਂ ਰਾਹੀਂ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ ਹੈ। ਮੌਜੂਦਾ ਸਿਆਸੀ ਵਰਤਾਰਿਆਂ ਦੇ ਚਲਦਿਆਂ ਦੇਸ਼ ਵਿਦੇਸ਼ 'ਚ ਸਰਬ ਸਾਂਝੀਵਾਲਤਾ ਅਤੇ ਸਿੱਖ ਭਾਈਚਾਰੇ ਨੂੰ ਦਰਪੇਸ਼ ਚੁਣੌਤੀਆਂ ਦੇ ਮੱਦੇਨਜ਼ਰ ਆਪਣੀ ਸੂਝ ਬੂਝ ਅਤੇ ਦੂਰ ਦ੍ਰਿਸ਼ਟੀ ਨਾਲ਼ ਸਿੱਖ ਭਾਈਚਾਰੇ ਦਾ ਮਾਰਗ ਦਰਸ਼ਨ ਅਤੇ ਉਨ੍ਹਾਂ ਦਿਆਂ ਮੁਸ਼ਕਲਾਂ ਹੱਲ ਕਰਵਾ ਰਹੇ ਹਨ। ਇਸ ਮੌਕੇ ਸਤਿਕਾਰਤ ਸ਼ਖ਼ਸੀਅਤਾਂ 'ਚ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਭਾਈ ਪਿੰਦਰਪਾਲ ਸਿੰਘ, ਬਾਬਾ ਬੰਤਾ ਸਿੰਘ ਜੀ ਮੁੰਡਾ ਪਿੰਡ ਵਾਲੇ, ਬਾਬਾ ਧਰਮ ਸਿੰਘ ਜੀ, ਭਾਈ ਝੂਮਣ ਸਿੰਘ, ਭਾਈ ਅਕਵਿੰਦਰ ਸਿੰਘ, ਭਾਈ ਗੁਰਪ੍ਰੀਤ ਸਿੰਘ ਸਕੱਤਰ, ਭਾਈ ਸੁਰਿੰਦਰਪਾਲ ਸਿੰਘ ਸਾਬਕਾ ਚੇਅਰਮੈਨ, ਜੋਈਂ ਸੰਧੂ, ਤਜਿੰਦਰ ਸਿੰਘ, ਦਲਬੀਰ ਸਿੰਘ, ਪ੍ਰੀਤਮ ਸਿੰਘ, ਗਗਨ ਸੰਘਾ, ਗੁਰਪ੍ਰੀਤ ਸਿੰਘ ਸ਼ੋਕਰ, ਸੰਤ ਅਨੂਪ ਸਿੰਘ ਊਨੇ ਵਾਲ਼ੇ, ਭਾਈ ਲਖਵਿੰਦਰ ਸਿੰਘ, ਭਾਈ ਸੁਖਦੀਪ ਸਿੰਘ ਦਾਮਾਦ ਸ਼ਹੀਦ ਭਾਈ ਮਨਬੀਰ ਸਿੰਘ ਚਹੇੜੂ, ਭਾਈ ਦਲਬੀਰ ਸਿੰਘ ਟਰਲਕ, ਭਾਈ ਦਲਬੀਰ ਸਿੰਘ ਪੱਡਾ, ਭਾਈ ਮੇਜਰ ਸਿੰਘ, ਭਾਈ ਜਗਰੂਪ ਸਿੰਘ, ਰਾਗੀ ਭਾਈ ਰਣਜੀਤ ਸਿੰਘ, ਗਿਆਨੀ ਭਾਈ ਰਣਜੀਤ ਸਿੰਘ, ਭਾਈ ਭਰਵਿੰਦਰ ਸਿੰਘ, ਭਾਈ ਸਰਬਜੋਤ ਸਿੰਘ, ਭਾਈ ਗੁਰਪ੍ਰੀਤ ਸਿੰਘ ਬੈਂਸ, ਗਿਆਨੀ ਅਮਨਦੀਪ ਸਿੰਘ ਯੂ ਕੇ, ਮਨਦੀਪ ਸਿੰਘ ਜੌਹਲ ਅਤੇ ਭਾਈ ਮਹਾ ਸਿੰਘ ਟਰਾਂਟੋ ਵੀ ਮੌਜੂਦ ਸਨ। ਇਸ ਤੋਂ ਪਹਿਲਾਂ ਦਮਦਮੀ ਟਕਸਾਲ ਦੇ ਮੁਖੀ ਗਿਆਨੀ ਹਰਨਾਮ ਸਿੰਘ ਖ਼ਾਲਸਾ ਜੀ ਦਾ ਅਮਰੀਕਾ ਦੀ ਧਰਤੀ 'ਤੇ ਧਰਮ ਪ੍ਰਚਾਰ ਫੇਰੀ ਲਈ ਪਹੁੰਚਣ 'ਤੇ ਲਾਸ ਏਂਜਲਸ ਹਵਾਈ ਅੱਡੇ ਉੱਤੇ ਅਮਰੀਕਾ ਦੇ ਕੋਨੇ ਕੋਨੇ ਤੋਂ ਵੱਡੀ ਗਿਣਤੀ 'ਚ ਆਈਆਂ ਸਿੱਖ ਸੰਗਤਾਂ, ਪ੍ਰਮੁੱਖ ਗੁਰਦੁਆਰੇ ਸਾਹਿਬਾ ਦੀਆਂ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦੇ ਅਤੇ ਸਿਰਮੌਰ ਸਿੱਖ ਸ਼ਖ਼ਸੀਅਤਾਂ ਨੇ ਉਨ੍ਹਾਂ ਨੂੰ ਗੁਰੂ ਸਾਹਿਬ ਦੀ ਬਖ਼ਿਸ਼ਸ਼ ਸਰੋਪਾ ਅਤੇ ਫੁੱਲਾਂ ਦੇ ਹਾਰ ਭੇਟ ਕਰਕੇ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ। ••

## ਭਾਈ ਰਾਜੋਆਣਾ ਦੀ ਰਹਿਮ ਦੀ ਅਪੀਲ 'ਤੇ

# ਕੇਂਦਰ ਚਾਰ ਹਫ਼ਤਿਆਂ 'ਚ ਫੈਸਲਾ ਕਰੇ : ਸੁਪਰੀਮ ਕੋਰਟ



**ਨਵੀਂ ਦਿੱਲੀ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਜੋ ਕਿ 28 ਸਾਲਾਂ ਤੋਂ ਜੇਲ 'ਚ ਬੰਦ ਹਨ ਅਤੇ ਉਨ੍ਹਾਂ ਨੂੰ ਪੰਜਾਬ ਦੇ ਤਤਕਾਲੀ ਮੁੱਖਮੰਤਰੀ ਬੇਅੰਤ ਸਿੰਘ ਕਤਲ ਕੇਸ ਵਿਚ ਫਾਂਸੀ ਦੀ ਸਜ਼ਾ ਸੁਣਾਈ ਗਈ ਹੈ, ਦੀ ਰਹਿਮ ਦੀ ਅਪੀਲ 'ਤੇ ਫੈਸਲਾ ਕਰਨ ਲਈ ਚਾਰ ਹਫਤਿਆਂ ਦਾ ਸਮਾਂ ਦਿੱਤਾ ਹੈ । ਜਸਟਿਸ ਬੀਆਰ ਗਵਈ, ਜਸਟਿਸ ਪ੍ਰਸ਼ਾਂਤ ਕੁਮਾਰ ਮਿਸ਼ਰਾ ਅਤੇ ਜਸਟਿਸ ਕੇਵੀ ਵਿਸ਼ਵਨਾਥਨ ਦੀ ਬੈਂਚ ਨੇ ਕੇਂਦਰ ਸਰਕਾਰ ਦੀ ਬੇਨਤੀ 'ਤੇ ਇਹ ਹੁਕਮ ਦਿੱਤਾ। ਬੈਂਚ ਦੇ ਸਾਹਮਣੇ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਇਸ ਮਾਮਲੇ ਵਿੱਚ ਕੁਝ ਸੰਵੇਦਨਸ਼ੀਲਤਾ ਸ਼ਾਮਲ ਹੈ। ਐਡੀਸ਼ਨਲ ਸਾਲਿਸਟਰ ਜਨਰਲ ਕੇਐਮ ਨਟਰਾਜ ਨੇ ਵੀ ਕਿਹਾ ਕਿ ਇਸ ਮਾਮਲੇ ਵਿੱਚ ਕੁਝ ਹੋਰ ਜਾਣਕਾਰੀ ਇਕੱਠੀ ਕਰਨ ਦੀ ਲੋੜ ਹੈ, ਇਸ ਲਈ ਕੇਂਦਰ ਸਰਕਾਰ ਵੱਲੋਂ ਅਜੇ ਤੱਕ ਕੋਈ ਫੈਸਲਾ ਨਹੀਂ ਲਿਆ ਗਿਆ ਹੈ। ਜਿਕਰਯੋਗ ਹੈ ਕਿ ਸੁਪਰੀਮ ਕੋਰਟ ਨੇ ਬੀਤੀ 18 ਨਵੰਬਰ ਨੂੰ ਰਾਸ਼ਟਰਪਤੀ ਦ੍ਰੋਪਦੀ ਮਮਰੂ ਦੇ ਸਕੱਤਰ ਨੂੰ ਰਾਜੋਆਣਾ ਦੀ ਰਹਿਮ ਦੀ ਪਟੀਸ਼ਨ 'ਤੇ ਦੋ ਹਫ਼ਤਿਆਂ ਦੇ ਅੰਦਰ ਫੈਸਲਾ ਕਰਨ ਦੀ ਬੇਨਤੀ ਦੇ ਨਾਲ ਉਸ ਦੇ ਸਾਹਮਣੇ ਰੱਖਣ ਦੇ ਨਿਰਦੇਸ਼ ਦਿੱਤੇ ਸਨ। ਹਾਲਾਂਕਿ, ਬਾਅਦ ਵਿੱਚ ਉਸੇ ਦਿਨ, ਅਦਾਲਤ ਨੇ ਸਾਲਿਸਟਰ ਜਨਰਲ ਦੀ ਬੇਨਤੀ 'ਤੇ ਆਪਣੇ ਆਦੇਸ਼ 'ਤੇ ਰੋਕ ਲਗਾ ਦਿੱਤੀ ਸੀ। ਅਦਾਲਤ ਨੂੰ ਦੱਸਿਆ ਗਿਆ ਸੀ ਕਿ ਮਾਮਲੇ ਦੇ ਸਬੰਧਤ ਦਸਤਾਵੇਜ਼ ਕੇਂਦਰੀ ਗ੍ਰਹਿ ਮੰਤਰਾਲੇ ਕੋਲ ਹਨ ਨਾ ਕਿ ਰਾਸ਼ਟਰਪਤੀ ਦਫ਼ਤਰ ਕੋਲ। ਇਸ ਤੋਂ ਪਹਿਲਾਂ ਸਿਖਰਲੀ ਅਦਾਲਤ ਨੇ 4 ਨਵੰਬਰ ਨੂੰ ਭਾਈ ਰਾਜੋਆਣਾ ਦੀ ਅੰਤਰਿਮ ਰਾਹਤ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਉਸ ਦੇ ਵਕੀਲ ਨੇ ਉਦੋਂ ਦਲੀਲ ਦਿੱਤੀ ਸੀ ਕਿ ਇਹ ਇਕ ਹੈਰਾਨ ਕਰਨ ਵਾਲਾ ਮਾਮਲਾ ਹੈ, ਕਿਉਂਕਿ ਪਟੀਸ਼ਨਰ ਲਗਭਗ 29 ਸਾਲਾਂ ਤੋਂ ਹਿਰਾਸਤ ਵਿਚ ਹੈ ਅਤੇ ਕਦੇ ਵੀ ਜੇਲ੍ਹ ਤੋਂ ਬਾਹਰ ਨਹੀਂ ਆਇਆ ਹੈ, ਉਸ ਨੇ ਕਿਹਾ ਸੀ ਕਿ ਇਹ ਸੰਵਿਧਾਨ ਦੀ ਧਾਰਾ 21 ਦੀ ਪੂਰੀ ਤਰ੍ਹਾਂ ਉਲੰਘਣਾ ਹੈ, ਕਿਉਂਕਿ ਉਸ ਦੀ ਰਹਿਮ ਦੀ ਪਟੀਸ਼ਨ ਅਦਾਲਤ ਅੰਦਰ ਪਿਛਲੇ 12 ਸਾਲਾਂ ਤੋਂ ਪੈਂਡਿੰਗ ਹੈ। ਸੁਪਰੀਮ ਕੋਰਟ ਨੇ 3 ਮਈ, 2023 ਨੂੰ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਰਹਿਮ ਦੀ ਅਪੀਲ ਦਾ ਫੈਸਲਾ ਕਰਨ ਵਿੱਚ 10 ਸਾਲ ਤੋਂ ਵੱਧ ਦੇਰੀ ਕਾਰਨ ਭਾਈ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਘਟਾਉਣ ਦੀ ਮੰਗ ਕਰਨ ਵਾਲੀ ਪਟੀਸ਼ਨ ਨੂੰ ਵੀ ਰੱਦ ਕਰ ਦਿੱਤਾ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਅਜਿਹੇ ਸੰਵੇਦਨਸ਼ੀਲ ਮੁੱਦਿਆਂ 'ਤੇ ਫੈਸਲੇ ਲੈਣਾ ਕਾਰਜਕਾਰਨੀ ਦਾ ਅਧਿਕਾਰ ਖੇਤਰ ਹੈ।

## ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਿਤ ਵਿਚਾਰ-ਅਧੀਨ ਮਸਲਿਆਂ ਲਈ ਅਕਾਲ ਤਖਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 2 ਦਸੰਬਰ ਨੂੰ

# ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰਾਂ ਕੋਲੋਂ ਵੀ ਮੰਗਿਆ ਗਿਆ ਸਪਸ਼ਟੀਕਰਨ





**ਨਵੀਂ ਦਿੱਲੀ, 25 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਿਤ ਵਿਚਾਰ-ਅਧੀਨ ਮਸਲੇ ਅਤੇ ਚਲੰਤ ਪੰਥਕ ਮਾਮਲਿਆਂ ਸਬੰਧੀ ਜ਼ਰੂਰੀ ਵਿਚਾਰ-ਵਟਾਂਦਰੇ ਲਈ ਮਿਤੀ 2 ਦਸੰਬਰ 2024, ਦਿਨ ਸੋਮਵਾਰ ਨੂੰ ਬਾਅਦ ਦੁਪਹਿਰ 1 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਬੁਲਾਈ ਹੈ। ਇਸ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸਾਲ 2007 ਤੋਂ 2017 ਵਾਲੀ ਅਕਾਲੀ ਸਰਕਾਰ ਦੀ ਸਮੁੱਚੀ ਕੈਬਨਿਟ, ਸ਼੍ਰੋਮਣੀ ਅਕਾਲੀ ਦਲ ਦੀ ਤਤਕਾਲੀ ਕੋਰ ਕਮੇਟੀ ਅਤੇ 2015 ਵੇਲੇ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿਗ ਕਮੇਟੀ ਨੂੰ ਮਿਤੀ 2 ਦਸੰਬਰ 2024, ਦਿਨ ਸੋਮਵਾਰ ਨੂੰ ਬਾਅਦ ਦੁਪਹਿਰ 1 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਹੈ। ਇਸ ਸਬੰਧੀ ਸਕੱਤਰੇਤ ਵਲੋਂ ਸਬੰਧਿਤਾਂ ਨੂੰ ਪੱਤਰ ਜਾਰੀ ਕਰ ਦਿੱਤੇ ਹਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਵੀ ਸਮੁੱਚੇ ਸਕੱਤਰਾਂ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਮੌਜੂਦ ਰਹਿਣ ਲਈ ਕਿਹਾ ਹੈ। ਇਸ ਦੇ ਨਾਲ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਮੁਖ ਸਿੰਘ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਇਕਬਾਲ ਸਿੰਘ ਕੋਲੋਂ ਵੀ ਸਪੱਸ਼ਟੀਕਰਨ ਮੰਗਿਆ ਗਿਆ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
Enjoy Real Taste of PUNJAB
PURE AND NATURAL 100% VEGETARIAN
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI


ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ
ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ
ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਧਮਤਾਨ ਸਾਹਿਬ ਵਿਖੇ
ਮਿਤੀ 4 ਦਸੰਬਰ 2024 ਤੋਂ 6 ਦਸੰਬਰ 2024 ਤੱਕ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਨਗਰ ਕੀਰਤਨ, ਅੰਮ੍ਰਿਤ ਸੰਚਾਰ ਅਤੇ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਜਿਸ ਵਿੱਚ ਸਿੱਖ ਕੌਮ ਦੇ ਮਹਾਨ ਵਿਦਵਾਨ ਉਚੇਚੇ ਤੌਰ ਤੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ । ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।
4 ਦਸੰਬਰ 2024 ਦਿਨ ਬੁੱਧਵਾਰ ਅਰੰਭ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 10-00 ਵਜੇ
5 ਦਸੰਬਰ 2024 ਦਿਨ ਵੀਰਵਾਰ ਨਗਰ ਕੀਰਤਨ ਅਰੰਭ ਸਵੇਰੇ 8-00 ਵਜੇ
6 ਦਸੰਬਰ 2024 ਦਿਨ ਸ਼ੁੱਕਰਵਾਰ ਭੋਗ ਸ਼੍ਰੀ ਅਖੰਡ ਪਾਠ ਸਾਹਿਬ ਸਵੇਰੇ 9-00 ਵਜੇ
ਵਿਸ਼ੇਸ਼ ਬੇਨਤੀ
ਜਿਹਨਾਂ ਸੰਗਤਾਂ ਨੂੰ ਸਤਿਗੁਰ ਜੀ ਨੇ ਟਰੈਕਟਰ, ਟਰਾਲੀਆਂ, ਗੱਡੀਆਂ ਆਦਿ ਦੀ ਦਾਤ ਬਖ਼ਸ਼ੀ ਹੈ, ਉਹ ਨਗਰ ਕੀਰਤਨ ਵਿੱਚ ਆਪੋ ਆਪਣੇ ਸਾਧਨ ਲੈ ਕੇ ਸਮੂਲੀਅਤ ਕਰਨ ਜੀ ।
ਨੋਟ : ਮੋਟਰਸਾਈਕਲ ਲੈ ਕੇ ਆਉਣ ਵਾਲੇ ਨੌਜਵਾਨ ਕਿਸੇ ਤਰ੍ਹਾਂ ਦੀ ਕਰਤਬ ਬਾਜੀ ਨਾ ਕਰਨ ।
ਪ੍ਰੋਗਰਾਮ ਨਗਰ ਕੀਰਤਨ : ਮਿਤੀ 5 ਦਸੰਬਰ 2024, ਵੀਰਵਾਰ ਨੂੰ ਸਵੇਰੇ 8-00 ਵਜੇ ਗੁਰਦੁਆਰਾ ਧਮਤਾਨ ਸਾਹਿਬ ਤੋਂ ਅਰੰਭ ਹੋ ਕੇ ਲੋਨ, ਖਰਲ, ਪਿਪਲਥਾ, ਗੜ੍ਹੀ, ਦਾਤਾ ਸਿੰਘ ਵਾਲਾ, ਹੰਸਡੇਹਰ, ਢੰਢੋਲੀ, ਸ਼ੇਰਗੜ੍ਹ, ਖਨੌਰੀ, ਪਦਾਰਥ ਖੇੜਾ, ਰੇਵਰ, ਪਿਪਲਥਾ, ਢਾਬੀ ਟੇਕ ਸਿੰਘ ਅਤੇ ਰਸੀਦਾਂ ਹੁੰਦਾ ਹੋਇਆ ਗੁਰਦੁਆਰਾ ਧਮਤਾਨ ਸਾਹਿਬ ਵਿਖੇ ਪਹੁੰਚੇਗਾ । ਸਮਾਪਤੀ, ਗੁਰਦੁਆਰਾ ਧਮਤਾਨ ਸਾਹਿਬ ਵਿਖੇ ਸ਼ਾਮ 5-00 ਵਜੇ ਹੋਵੇਗੀ ।
ਪ੍ਰੋਗਰਾਮ : 6 ਦਸੰਬਰ 2024 ਦਿਨ ਸ਼ੁੱਕਰਵਾਰ
ਸਵੇਰੇ 9-00 ਤੋਂ 10-00 ਵਜੇ ਤੱਕ
ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਜੱਥਾ
ਗੁ: ਧਮਤਾਨ ਸਾਹਿਬ
10-00 ਤੋਂ 10-30 ਵਜੇ ਤੱਕ
ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ
ਗੁ: ਧਮਤਾਨ ਸਾਹਿਬ
10-30 ਤੋਂ 11-00 ਵਜੇ ਤੱਕ
ਭਾਈ ਚਰਨਜੀਤ ਸਿੰਘ ਕਥਾਵਾਚਕ
ਗੁ: ਧਮਤਾਨ ਸਾਹਿਬ
11-00 ਤੋਂ 12-30 ਵਜੇ ਤੱਕ
ਭਾਈ ਗੁਰਮੀਤ ਸਿੰਘ ਕਵੀਸ਼ਰ
ਧਰਮ ਪ੍ਰਚਾਰ ਕਮੇਟੀ।
ਅੰਮ੍ਰਿਤ ਸੰਚਾਰ : 6 ਦਸੰਬਰ 2024, ਦਿਨ ਸ਼ੁਕਰਵਾਰ ਸਮਾਂ 12 ਵਜੇ
ਅੰਮ੍ਰਿਤ ਸੰਚਾਰ ਸੰਬੰਧੀ
1. ਅੰਮ੍ਰਿਤ ਸੰਚਾਰ ਗੁਰਦੁਆਰਾ ਧਮਤਾਨ ਸਾਹਿਬ ਵਿਖੇ 12-00 ਵਜੇ ਹੋਵੇਗਾ ।
2. ਅੰਮ੍ਰਿਤ ਅਭਿਲਾਖੀ ਕੇਸੀ ਇਸ਼ਨਾਨ ਕਰ ਕੇ ਆਉਣ ਜੀ ।
3. ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ।
ਸਮੂਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਅਤੇ ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਪਾਤਸ਼ਾਹੀ ਨੌਵੀਂ, ਧਮਤਾਨ ਸਾਹਿਬ (ਜੀਂਦ) ਹਰਿਆਣਾ
ਸੰਪਰਕ : ਭਾਈ ਹਰਵਿੰਦਰ ਸਿੰਘ ਦਨੌਲੀ (ਮੈਨੇਜਰ) 9991037375 ਭਾਈ ਜੋਗਿੰਦਰ ਸਿੰਘ ਹੈਡ ਗ੍ਰੰਥੀ 9896166509 ਭਾਈ ਚਰਨਜੀਤ ਸਿੰਘ ਕਥਾਵਾਚਕ 9802947712 ਭਾਈ ਕਰਮਜੀਤ ਸਿੰਘ 7015967169 ਸ: ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਸਾਹਿਬਾਨ 9354100003


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621




# ਸਫਰ - ਏ - ਦਸ਼ਮੇਸ਼ ਸਮਾਗਮਾਂ ਦਾ ਮੁੱਖ ਮਕਸਦ ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨਾ : ਜਥੇਦਾਰ ਦਾਦੂਵਾਲ

## ਨੌਜਵਾਨ ਪੀੜੀ ਨੂੰ ਚਾਅ ਹੁੰਦਾ ਨਗਰ ਕੀਰਤਨ ਦੇ ਵਿੱਚ ਸੇਵਾ ਭਾਵ ਨਿਭਾਉਣ ਦਾ

**ਹਰਿਆਣਾ** ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਉਲੀਕੇ ਜਾ ਰਹੇ ਸਫਰ ਏ ਦਸਮੇਸ਼ ਧਾਰਮਿਕ ਸਮਾਗਮਾਂ ਦੀ ਸੰਗਤਾਂ ਵੱਲੋਂ ਚਾਰੇ ਪਾਸੇ ਸਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਇਤਿਹਾਸ ਵਿੱਚ ਪਹਿਲੀ ਵਾਰ ਹਰਿਆਣਾ ਕਮੇਟੀ ਵੱਲੋਂ ਇਸ ਤਰਾਂ ਦੇ ਪ੍ਰੋਗਰਾਮ ਉਲੀਕੇ ਜਾਂ ਰਹੇ ਹਨ । ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਹੋਣ ਦੇ ਨਾਤੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਇਨਾਂ ਪ੍ਰੋਗਰਾਮਾਂ ਦੀ ਅਗਵਾਈ ਕਰ ਰਹੇ ਹਨ । ਗੁਰਦੁਆਰਾ ਨਾਢਾ ਸਾਹਿਬ ਦੇ ਮੁੱਖ ਗ੍ਰੰਥੀ ਗਿ: ਜਗਜੀਤ ਸਿੰਘ ਜੀ ਨੇ ਸੰਗਤ ਨੂੰ ਪ੍ਰੇਰਣ ਦਾ ਵਧੀਆ ਉਪਰਾਲਾ ਕੀਤਾ ਹੈ । ਇਸ ਗੱਲ ਤੇ ਵੀ ਬੜਾ ਧਿਆਨ ਦੇਣਾ ਬਣਦਾ ਹੈ ਕਿ ਪ੍ਰੋਗਰਾਮ ਠੀਕ ਉਸੇ ਤਰ੍ਹਾਂ ਉਲੀਕੇ ਗਏ ਜਿਵੇਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਕਿਸੇ ਵੇਲੇ ਪਾਉਂਟਾ ਸਾਹਿਬ ਤੋਂ ਭੰਗਾਣੀ ਦਾ ਜੰਗ ਜਿੱਤ ਕੇ ਅਨੰਦਪੁਰ ਸਾਹਿਬ ਨੂੰ ਵਾਪਸ ਗਏ ਨੌਜਵਾਨ ਪੀੜੀ ਨੂੰ ਨਗਰ ਕੀਰਤਨ ਦੇ ਵਿੱਚ ਸੇਵਾ ਨਿਭਾਉਣ ਦਾ ਬਹੁਤ ਵੱਡਾ ਚਾਅ ਹੁੰਦਾ ਹੈ । ਨੌਜਵਾਨ ਪੀੜੀ ਨੂੰ ਗੁਰੂ ਇਤਿਹਾਸ ਨਾਲ ਜੋੜਨ ਦਾ ਇਹ ਵਧੀਆ ਉਪਰਾਲਾ ਹੈ । ਇੱਥੇ ਇਸ ਗੱਲ ਦਾ ਵੀ ਜ਼ਿਕਰ ਕਰਨਾ ਬਣਦਾ ਹੈ ਕਿ ਪਾਉਂਟਾ ਸਾਹਿਬ ਤੋਂ ਲੈ ਕੇ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਇਤਿਹਾਸਿਕ ਸਥਾਨਾਂ ਬਾਰੇ ਟਰਾਈ ਸਿਟੀ ਚੰਡੀਗੜ ਦੀਆਂ ਜਿਆਦਾਤਰ ਸੰਗਤਾਂ ਨੂੰ ਵੀ ਕੋਈ ਬਹੁਤੀ ਜਾਣਕਾਰੀ ਨਹੀਂ ਹੈ । ਖਾਸ ਕਰ ਬਹੁ ਗਿਣਤੀ ਸੰਗਤਾਂ ਨੂੰ ਗੁਰਦੁਆਰਾ ਟੋਕਾ ਸਾਹਿਬ, ਗੁਰਦੁਆਰਾ ਮਾਣਕ ਟਬਰਾ ਸਾਹਿਬ ਬਾਰੇ ਕੋਈ ਬਹੁਤੀ ਜਾਣਕਾਰੀ ਨਹੀਂ ਹੈ । ਸਫਰ ਏ ਦਸਮੇਸ਼ ਸਮਾਗਮ ਤੇ ਨਗਰ ਕੀਰਤਨ ਉਲੀਕਣ ਦਾ ਮੁੱਖ ਮਕਸਦ ਹੀ ਨੌਜਵਾਨ ਪੀੜੀ ਨੂੰ ਇਤਿਹਾਸ ਨਾਲ ਜੋੜਨਾ ਅਤੇ ਉਨਾਂ ਸੰਗਤਾਂ ਤੱਕ ਇਤਿਹਾਸ ਪਹੁੰਚਾਉਣਾ ਹੈ ਜਿਨਾਂ ਨੂੰ ਪਹਿਲਾਂ ਇਨਾਂ ਇਤਿਹਾਸਿਕ ਸਥਾਨਾ ਬਾਰੇ ਕੋਈ ਜਾਣਕਾਰੀ ਨਹੀਂ ਸੀ ਜਿਕਰਯੋਗ ਹੈ ਕੇ 30 ਨਵੰਬਰ ਤੋਂ ਲੈ ਕੇ 8 ਦਸੰਬਰ ਤੱਕ ਸਫਰ ਏ ਦਸ਼ਮੇਸ਼ ਪ੍ਰੋਗਰਾਮ ਸਮਾਗਮ ਗੁਰਦੁਆਰਾ ਪਾਉਂਟਾ ਸਾਹਿਬ ਤੋਂ ਲੈ ਕੇ ਗੁਰਦੁਆਰਾ ਨਾਢਾ ਸਾਹਿਬ ਤੱਕ ਦੇ ਵਿਚਕਾਰਲੇ ਸਥਾਨਾਂ ਤੇ ਉਲੀਕੇ ਗਏ ਹਨ । ਜਿਨਾਂ ਵਿੱਚੋਂ ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ 30 ਨਵੰਬਰ 2024 ਨੂੰ ਸ਼ਾਮ 6 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ । ਇਸੇ ਤਰੀਕੇ ਨਾਲ 1 ਦਸੰਬਰ 2024 ਨੂੰ ਗੁਰਦੁਆਰਾ ਕਪਾਲ ਮੋਚਨ ਸਾਹਿਬ ਯਮੁਨਾਨਗਰ,2 ਦਸੰਬਰ 2024 ਨੂੰ ਗੁਰਦੁਆਰਾ ਟੋਕਾ ਸਾਹਿਬ ਨਰਾਇਣਗੜ,3 ਦਸੰਬਰ ਨੂੰ ਗੁਰਦੁਆਰਾ ਮਾਣਕ ਟਬਰਾ ਸਾਹਿਬ ਪੰਚਕੂਲਾ ਵਿਖੇ ਅਤੇ ਸਮਾਪਤੀ ਗੁਰਦੁਆਰਾ ਨਾਢਾ ਸਾਹਿਬ ਵਿਖੇ 8 ਦਸੰਬਰ ਨੂੰ ਹੋਵੇਗੀ । ਸਾਰੇ ਇਤਿਹਾਸਿਕ ਸਥਾਨਾਂ ਵਿਖੇ ਸ਼ਾਮ ਦੇ ਦੀਵਾਨਾਂ ਦਾ ਸਮਾਂ ਸ਼ਾਮ 6 ਤੋਂ 10 ਦਾ ਰੱਖਿਆ ਗਿਆ ਹੈ । ਸਾਰੇ ਸਮਾਗਮਾਂ ਵਿੱਚ ਪੰਥ ਪ੍ਰਸਿੱਧ ਰਾਗੀ ਢਾਡੀ ਕਥਾਵਾਚਕ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਜੋੜ ਕੇ ਨਿਹਾਲ ਕਰਨਗੇ । ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਅਤੇ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੀ ਇਨਾਂ ਸਮਾਗਮਾਂ ਵਿੱਚ ਵੱਖ ਵੱਖ ਥਾਵਾਂ ਤੇ ਹਾਜ਼ਰੀ ਭਰਨਗੇ। ••

ਆਵਾਜ਼ਿ ਕੌਮ AWAZE QAUM International Newspaper & WEB TV


ਅੰਮ੍ਰਿਤ ਛਕੋ
ਪਰਉਪਕਾਰੀ ਭਾਈ ਲੱਧਾ ਜੀ ਦੀ ਯਾਦ ਵਿੱਚ ਅਤੇ ਬ੍ਰਹਮ ਗਿਆਨੀ ਬਾਪੂ ਖੁਸ਼ਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ
ਅੰਮ੍ਰਿਤ ਛਕੋ
ਸਲਾਨਾ ਗੁਰਮਤਿ ਸਮਾਗਮ
6 ਦਸੰਬਰ (21 ਮੱਘਰ) 2024 ਦਿਨ ਸ਼ੁਕਰਵਾਰ
ਸਮਾਂ : ਸਵੇਰੇ 10 ਵਜੇ
ਗੁਰਵਿੰਦਰ ਸਿੰਘ ਲਹੋਰੀਏ ਦਾ ਕਵੀਸ਼ਰੀ ਜੱਥਾ
ਕਬੱਡੀ ਐਕਸ਼ਨ ਸਟਾਰ
ਛੋਟੇ ਸੁਪਰ ਸਟਾਰਾਂ ਦੀ ਕਬੱਡੀ ਸ਼ਾਮ:3:00 ਵਜੇ
ਮੋ: 94634-27380, 98777-07918,
ਆਵਾਜ਼ਿ ਕੌਮ AWAZE QAUM TV
ਲਾਈਵ ਪ੍ਰੋਗਰਾਮ ਸਾਰਾ ਦਿਨ ਚੱਲੇਗਾ
ਅਜੀਤ ਪੌਦ ਨਰਸਰੀ
ਜਾਰੀ ਕਰਤਾ: ਭਾਈ ਸਰਬਜੀਤ ਸਿੰਘ ਵੱਲੀਆਂ, ਜਿਲ੍ਹਾ ਪ੍ਰੈਸ ਸਕੱਤਰ, ਮੋ: 75278-45340


ਤੇਰੇ ਜਨ ਪਰਉਪਕਾਰੀ ਆਏ
ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼
ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ
100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ
51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ
ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ
ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।
ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473
ਵਿਸ਼ੇਸ਼ ਸਹਿਯੋਗ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮਹੰਤ ਕਾਹਨ ਸਿੰਘ ਸੇਵਾਪੰਥੀ
ਸੰਤ ਰਣਜੀਤ ਸਿੰਘ ਸੇਵਾਪੰਥੀ
ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਸੰਨਚੀਨੋ ਨਗਰ ਦੀਆਂ ਸਿੱਖ ਸੰਗਤਾਂ ਵੱਲੋਂ ਸੇਵਾ ਲਈ ਗਈ ਹੈ।

# ਮਹਾਨ ਸ਼ਹੀਦੀ ਦਿਹਾੜਾ

**ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹੀਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 27 ਦਸੰਬਰ ਸ਼ੁੱਕਰਵਾਰ 10 : 30 ਵਜੇ ਹੋਵੇਗਾ, ਐਤਵਾਰ 10:30 ਭੋਗ ਪੈਣਗੇ**

• ਸ਼ਨਿੱਚਰਵਾਰ 28 ਦਸੰਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ • ਐਤਵਾਰ 29 ਦਸੰਬਰ 2024 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਕੀਰਤਨੀ ਅਤੇ ਢਾਡੀ ਜਥਾ ਵੀ ਵਾਰਾਂ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

**Call+393475711755 / 3208124778**




ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





**ਮਹਾਰਾਸ਼ਟਰ ਸਿਕਲੀਗਰ ਅਤੇ ਬੰਜਾਰਾ ਸਮਾਜ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਦੇ ਨਾਲ ਚਟਾਨ ਵਾਂਗ ਖੜ੍ਹਾ - ਸਰਦਾਰ ਤੇਗਾ ਸਿੰਘ ਸਿਕਲੀਗਰ**

# ਬਾਬਾ ਹਰਨਾਮ ਸਿੰਘ ਖ਼ਾਲਸਾ ਦੇ ਸਮਰਥਨ ਵਿੱਚ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਸੰਗਤਾਂ ਨੂੰ ਇੱਕਮੁੱਠ ਰਹਿਣ ਦੀ ਕੀਤੀ ਅਪੀਲ




**ਮੁੰਬਈ (ਮਹਾਰਾਸ਼ਟਰ)/ਅੰਮ੍ਰਿਤਸਰ 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਮਹਾਰਾਸ਼ਟਰ ਸਿਕਲੀਗਰ ਅਤੇ ਬੰਜਾਰਾ ਸਮਾਜ ਦੇ ਉੱਘੇ ਆਗੂ ਸਰਦਾਰ ਤੇਗਾ ਸਿੰਘ ਨੇ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਦੇ ਸਮਰਥਨ ਵਿੱਚ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਸੰਗਤਾਂ ਨੂੰ ਇੱਕਮੁੱਠ ਰਹਿਣ ਦੀ ਅਪੀਲ ਕੀਤੀ ਹੈ। ਸੋਸ਼ਲ ਮੀਡੀਆ 'ਤੇ ਜਿਹੜਾ ਉਹਨਾਂ ਬਾਰੇ ਗ਼ਲਤ ਲਫ਼ਜ਼ ਬੋਲਿਆ ਜਾ ਰਿਹਾ ਹੈ ਅਸੀਂ ਉਹਨਾਂ ਦਾ ਨਿਖੇਧੀ ਕਰਦੇ ਹਾਂ। ਸਿਕਲੀਗਰ ਸਿੰਘਾਂ ਦੇ ਅਨੇਕ ਮੁੱਦੇ ਹਨ, ਬਾਬਾ ਹਰਨਾਮ ਸਿੰਘ ਖ਼ਾਲਸਾ ਸਾਡਾ ਹੱਕ ਦਵਾ ਰਹੇ ਹਨ। ਉਹ ਸਾਡੇ ਮੁੱਦੇ ਚੁੱਕ ਰਹੇ ਹਨ, ਇਸ ਕਰਕੇ ਸਿਕਲੀਗਰ ਸਿੰਘਾਂ ਦਾ ਉਹਨਾਂ ਨੂੰ ਪੂਰਾ ਸਮਰਥਨ ਹੈ। ਅਸੀਂ ਉਹਨਾਂ ਦੇ ਨਾਲ ਡਟ ਕੇ ਖਲੋਤੇ ਹਾਂ, ਉਸ ਨੇ ਸਾਰਿਆਂ ਨੂੰ ਬੇਨਤੀ ਕੀਤੀ ਹੈ ਕਿ ਉਹ ਕਿਸੇ ਵੀ ਨਕਾਰਾਤਮਿਕ ਟਿੱਪਣੀ ਤੋਂ ਬਚਣ ਜੋ ਸਾਡੀ ਏਕਤਾ ਅਤੇ ਸਮੂਹਿਕ ਤਾਕਤ ਨੂੰ ਵਿਗਾੜ ਸਕਦੀ ਹੈ। ਉਨ੍ਹਾਂ ਵੀਡੀਓ ਸੰਦੇਸ਼ 'ਚ ਕਿਹਾ ਕਿ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਪੰਜਾਬ ਤੋਂ ਆ ਕੇ ਮਹਾਰਾਸ਼ਟਰ ਗੌਰਮਿੰਟ ਕੋਲ ਸਥਾਨਕ ਸਿੱਖ ਭਾਈਚਾਰੇ ਦੀਆਂ ਮੁਸ਼ਕਲਾਂ ਦਾ ਮੁੱਦਾ ਚੁੱਕਿਆ ਹੋਇਆ ਉਹ ਸ਼ਲਾਘਾਯੋਗ ਹਨ। ਅਸੀਂ ਉਨ੍ਹਾਂ ਦਾ ਸਮਰਥਨ ਕਰਦੇ ਹਾਂ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਗੌਰਮਿੰਟ ਦੇ ਵਿੱਚ ਸਾਡੇ ਸਿਕਲੀਗਰ ਅਤੇ ਵਣਜਾਰੇ ਸਿੰਘਾਂ ਨੂੰ ਆਪਣਾ ਹੱਕ ਮਿਲਣਾ ਚਾਹੀਦਾ ਹੈ। ਸਾਡੀਆਂ ਕਈ ਪ੍ਰੇਸ਼ਾਨੀਆਂ ਹਨ। ਗੌਰਮਿੰਟ ਸਾਡੀ ਗੱਲ ਨਹੀਂ ਸੁਣਦੀ ਰਹੀ ਅਤੇ ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਖ਼ਾਲਸਾ ਨੇ ਸਾਡੀ ਗਲ ਸਰਕਾਰ ਕੋਲ ਰੱਖੀ ਹੈ। ਉਨ੍ਹਾਂ ਆਲੋਚਕਾਂ ਨੂੰ ਕਿਹਾ ਕਿ ਪਹਿਲਾਂ ਤੁਸੀਂ ਗੱਲ ਨੂੰ ਸਮਝੋ, ਚੰਗੀ ਤਰ੍ਹਾਂ ਦੇਖੋ ਕਿ ਕੀ ਕੀ ਰਿਹਾ ਹੈ, ਸੱਚ ਕੀ ਹੈ, ਝੂਠ ਕੀ ਹੈ ? ਇਸ ਤਰਾਂ ਸੋਸ਼ਲ ਮੀਡੀਆ ਦੇ ਵਿੱਚ ਲੋਕਾਂ ਨੂੰ ਗੁਮਰਾਹ ਨਾ ਕਰੋ ਤੇ ਸਾਡੀ ਬੇਨਤੀ ਇਹ ਜਿਹੜੇ ਬਾਬਾ ਹਰਨਾਮ ਸਿੰਘ ਜੀ ਮੁੱਦਾ ਚੁੱਕ ਰਹੇ ਹਨ ਇਹ ਸਾਡਾ ਹੱਕ ਹਨ। ਸਾਡੀ ਬੇਨਤੀ ਹੈ ਸਾਨੂੰ ਗੌਰਮਿੰਟ ਤੋਂ ਇਹ ਲਾਭ ਲੈਣੇ ਚਾਹੀਦੇ ਹਨ । ਉਨ੍ਹਾਂ ਅੱਗੇ ਕਿਹਾ ਕਿ ਜੋ ਸਰਕਾਰ ਨੇ 11 ਮੈਂਬਰੀ ਸਿੱਖ ਪ੍ਰਤੀਨਿਧ ਕਮੇਟੀ ਬਣਾਈ ਗਈ ਹੈ ਉਹਦੇ ਵਿੱਚ ਇੱਕ ਸਿਕਲੀਗਰ ਸਿੱਖ ਨੂੰ ਵੀ ਨੁਮਾਇੰਦਗੀ ਦਿੱਤੀ ਜਾਵੇ। ਤਾਂ ਜੋ ਉਹ ਸਮਾਜ ਲਈ ਕੰਮ ਕਰ ਸਕੇ। ਉਨ੍ਹਾਂ ਕਿਹਾ ਕਿ ਸਾਡੀ ਜਿੰਨੀ ਵੀ ਸੰਗਤ ਹਜ਼ੂਰ ਸਾਹਿਬ ਦੀ ਹੈ ਸਿਕਲੀਗਰ ਸਿੰਘਾਂ ਦਾ ਉਹਨਾਂ ਨੂੰ ਬਿਲਕੁਲ ਸਮਰਥਨ ਹੈ, ਜਿਹੜੀਆਂ ਸਾਡੀਆਂ ਮੰਗਾਂ ਦੀ ਗਲ ਕਰੇਗਾ। ਉਨ੍ਹਾਂ ਸਮਾਜ ਨੂੰ ਸੱਦਾ ਦਿੱਤਾ ਕਿ ਆਪਾਂ ਇਕਸੁਰਤਾ ਨਾਲ ਖੜੇ ਹੋਈਏ ਅਤੇ ਆਪਣੇ ਭਾਈਚਾਰੇ ਦੀ ਭਲਾਈ 'ਤੇ ਧਿਆਨ ਦੇਈਏ।

ਆਵਾਜ਼ਿ ਕੌਮ AWAZE QAUM International Newspaper & WEB TV

### ਨਵੇਂ ਅਤੇ ਪੁਰਾਣੇ ਬਾਗ ਨੂੰ

# ਸੁਰਜੀਤ ਕਰਨ ਲਈ ਮਿਲੇਗੀ ਸਬਸਿਡੀ : ਤਜਿੰਦਰ ਸਿੰਘ ਸੰਧੂ ਡਾਇਰੈਕਟਰ ਬਾਗਬਾਨੀ



**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ)**- ਬਾਗਬਾਨੀ ਮੰਤਰੀ ਪੰਜਾਬ ਸ੍ਰ. ਮਹਿੰਦਰ ਭਗਤ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਅਤੇ ਸ਼੍ਰੀਮਤੀ ਸੈਲਿੰਦਰ ਕੌਰ ਆਈ. ਐਫ. ਐਸ. ਡਾਇਰੈਕਟਰ ਬਾਗਬਾਨੀ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਵਿਭਾਗ ਦੀਆਂ ਸਕੀਮਾਂ ਨੂੰ ਵੱਧ ਤੋਂ ਵੱਧ ਜਿਮੀਦਾਰਾਂ ਤੱਕ ਪਹੁੰਚਾਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਜਿਸ ਤਹਿਤ ਵਿਭਾਗ ਵੱਲੋਂ ਜਿਮੀਦਾਰਾਂ ਲਈ ਕਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਮੁੱਖ ਤੌਰ ਤੇ ਐਨ.ਐਚ.ਐਮ ਸਕੀਮ ਅਧੀਨ ਨਵਾਂ ਬਾਗ ਲਗਾਉਣ ਲਈ 19000/- ਰੁਪਏ ਪ੍ਰਤੀ ਹੈਕ, ਪੁਰਾਣੇ ਬਾਗਾਂ ਨੂੰ ਮੁੜ ਸੁਰਜੀਤ ਕਰਨ ਲਈ 20000/- ਰੁਪਏ ਪ੍ਰਤੀ ਹੈਕ, ਫੁੱਲ ਲਗਾਉਣ ਲਈ 16000/- ਰੁਪਏ ਪ੍ਰਤੀ ਹੈਕ, ਪੌਲੀ ਹਾਊਸ ਲਗਾਉਣ ਲਈ 18,70,000/- ਰੁਪਏ ਪ੍ਰਤੀ ਏਕੜ, ਸ਼ੇਡ ਨੈੱਟ ਹਾਊਸ ਲਈ 14,20,000/- ਰੁਪਏ ਪ੍ਰਤੀ ਏਕੜ, ਵਰਮੀ ਕੰਪੋਸਟ ਯੂਨਿਟ ਲਈ 50000/- ਰੁਪਏ, ਸ਼ਿਹਦ ਦੀਆਂ ਮੱਖੀਆਂ ਪਾਲਣ ਲਈ 1600/- ਰੁਪਏ ਪ੍ਰਤੀ ਬਕਸਾ ਸਮੇਤ 8 ਫਰੇਮ ਮੱਖੀ, ਖੁੰਬ ਪੈਦਾ ਕਰਨ ਲਈ 8 ਲੱਖ ਪ੍ਰਤੀ ਯੂਨਿਟ, ਖੁੰਬਾਂ ਦਾ ਬੀਜ ਤਿਆਰ ਕਰਨ ਲਈ 6 ਲੱਖ ਪ੍ਰਤੀ ਯੂਨਿਟ, ਕੰਪੋਸਟ ਬਣਾਉਣ ਲਈ 8 ਲੱਖ ਰੁਪਏ ਪ੍ਰਤੀ ਯੂਨਿਟ, ਮਸ਼ੀਨਰੀ ਜਿਵੇਂ ਟਰੈਕਟਰ 20 ਐਚ.ਪੀ, ਪਾਵਰ ਟਿੱਲਰ, ਸਪਰੇ ਪੰਪ ਤੇ 40% ਸਬਸਿਡੀ, ਹਾਈਬ੍ਰਿਡ ਸਬਜੀਆਂ ਦੀ ਕਾਸ਼ਤ ਤੇ 20,000/- ਰੁਪਏ ਪ੍ਰਤੀ ਹੈਕ. ਸਬਸਿਡੀ , ਬਾਗ ਅਤੇ ਸਬਜੀਆਂ ਦੀ ਤੋੜਾਈ ਤੋਂ ਬਾਅਦ ਸਾਂਭ-ਸੰਭਾਲ ਅਤੇ ਪੈਕਿੰਗ ਲਈ ਪੈਕ ਹਾਊਸ ਬਣਾਉਣ ਲਈ 2 ਲੱਖ ਰੁਪਏ ਸਬਸਿਡੀ, ਕੋਲਡ ਸਟੋਰ ਤੇ ਰਾਈਪਨਿੰਗ ਚੈਂਬਰ ਬਣਾਉਣ ਲਈ 35% ਸਬਸਿਡੀ ਦਿੱਤੀ ਜਾ ਰਹੀਂ ਹੈ। ਸ਼੍ਰੀ ਤਜਿੰਦਰ ਸਿੰਘ ਸੰਧੂ ਡਿਪਟੀ ਡਾਇਰੈਕਟਰ ਬਾਗਬਾਨੀ ਅੰਮ੍ਰਿਤਸਰ ਨੇ ਦੱਸਿਆ ਕਿ ਇਨ੍ਹਾਂ ਮੌਜੂਦਾ ਸਕੀਮਾਂ ਤੋਂ ਇਲਾਵਾ ਸਰਕਾਰ ਵੱਲੋਂ ਕੁਝ ਨਵੀਆਂ ਸਕੀਮਾਂ ਸ਼ੁਰੂ ਕੀਤੀਆਂ ਗਈਆਂ ਹਨ ਜਿਨ੍ਹਾਂ ਵਿੱਚ ਜਿਮੀਦਾਰ ਸਬਸਿਡੀ ਦਾ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਬਾਗਾਂ ਅਧੀਨ ਰਕਬਾ ਵਧਾਉਣ ਲਈ ਬਾਗਬਾਨ ਨੂੰ ਤੁਪਕਾ ਸਿੰਚਾਈ ਅਧੀਨ ਨਵੇਂ ਬਾਗ ਲਗਾਉਣ 'ਤੇ 10000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਇਨਸੈਟਿਵ ਦਿੱਤਾ ਜਾਵੇਗਾ। ਉਨ੍ਹਾਂ ਨੇ ਵਿਸ਼ੇਸ਼ ਤੌਰ ਤੇ ਦੱਸਿਆ ਕਿ ਬਾਗਬਾਨ ਵੱਖ-ਵੱਖ ਸਕੀਮਾਂ ਅਧੀਨ ਸਬਸਿਡੀ ਲੈਣ ਤੋਂ ਬਾਅਦ ਵੀ ਇਸ ਇੰਨਸੈਟਿਵ ਦਾ ਲਾਭ ਲੈ ਸਕਦੇ ਹਨ ਅਤੇ ਇਨਸੈਟਿਵ ਲਈ ਨਵੇਂ ਬਾਗ ਅਧੀਨ ਰਕਬੇ ਦੀ ਵੱਧ ਤੋਂ ਵੱਧ ਕੋਈ ਸੀਮਾਂ ਨਹੀਂ ਰੱਖੀ ਗਈ ਹੈ। ਦੂਜੀ ਨਵੀਂ ਸਕੀਮ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਜਿਨ੍ਹਾਂ ਜਿਮੀਦਾਰਾਂ ਵੱਲੋਂ ਸੁਰੱਖਿਤ ਖੇਤੀ ਤਹਿਤ ਪੌਲੀ ਹਾਊਸ ਅਧੀਨ ਹਾਈ ਵੈਲਯੂ ਸਬਜੀਆਂ ਜਾਂ ਫੁੱਲਾਂ ਦੀ ਕਾਸ਼ਤ ਕੀਤੀ ਜਾ ਰਹੀ ਹੈ ਅਤੇ ਉਨ੍ਹਾਂ ਦੇ ਪੌਲੀ ਹਾਊਸ ਦੀ ਸ਼ੀਟ ਫੱਟ ਚੁੱਕੀ ਹੈ, ਅਤੇ ਚਾਰ ਸਾਲ ਤੋਂ ਜਿਆਦਾ ਪੁਰਾਣੇ ਹਨ, ਉਨ੍ਹਾਂ ਜਿਮੀਦਾਰਾਂ ਨੂੰ ਸ਼ੀਟ ਬਦਲਾਉਣ 'ਤੇ 50 ਫੀਸਦੀ ਸਬਸਿਡੀ ਜਾਰੀ ਕੀਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਫਲਾਂ ਅਤੇ ਸਬਜੀਆਂ ਦੇ ਮੰਡੀਕਰਣ ਲਈ ਵੀ ਜਿਮੀਦਾਰਾਂ ਨੂੰ ਕਰੇਟਾਂ 'ਤੇ 50 ਫੀਸਦੀ ਸਬਸਿਡੀ ਦੀ ਸਕੀਮ ਨਵੀਂ ਸ਼ੁਰੂ ਕੀਤੀ ਗਈ ਹੈ। ਅਗਲੀ ਸਕੀਮ ਬਾਰੇ ਦੱਸਿਆ ਕਿ ਫੁੱਲਾਂ ਦੇ ਬੀਜ ਪੈਦਾਵਾਰ ਲਈ ਵਿਭਾਗ ਵੱਲੋਂ ਕਿਸਾਨਾਂ ਨੂੰ 40 ਫੀਸਦੀ ਦੇ ਹਿਸਾਬ ਨਾਲ ਪ੍ਰਤੀ ਏਕੜ 14000 ਰੁਪਏ ਸਬਸਿਡੀ ਦੀ ਸਹੂਲਤ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ ਤਾਂ ਜੋ ਬਾਗਬਾਨੀ ਖੇਤਰ ਨੂੰ ਅੱਗੇ ਲਿਜਾਇਆ ਜਾ ਸਕੇ। ਇਹਨਾਂ ਸਕੀਮਾਂ ਸਬੰਧੀ ਵਧੇਰੇ ਜਾਣਕਾਰੀ ਲਈ ਜਿਲ੍ਹਾ ਬਾਗਬਾਨੀ ਦਫਤਰ ਵਿਖੇ ਸ਼੍ਰੀ ਜਸਪਾਲ ਸਿੰਘ ਢਿੱਲੋਂ ਸਹਾਇਕ ਡਾਇਰੈਕਟਰ ਬਾਗਬਾਨੀ ਜਾਂ ਬਲਾਕਾਂ ਦੇ ਸਬੰਧਤ ਬਾਗਬਾਨੀ ਵਿਕਾਸ ਅਫਸਰਾਂ ਨਾਲ ਤਾਲਮੇਲ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

### 'ਆਪ' ਦੀ ਸਰਕਾਰ ਆਪ ਦੇ ਦੁਆਰ ਤਹਿਤ

# ਅੱਜ 26 ਨਵੰਬਰ ਨੂੰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਮਦਾਸ ਵਿਖੇ ਲੱਗੇਗਾ ਕੈਂਪ - ਡਿਪਟੀ ਕਮਿਸ਼ਨਰ



**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਵੱਲੋ ਲੋਕਾਂ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਸ ਗੱਲ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸ਼ਾਕਸੀ ਸਾਹਨੀ ਨੇ ਕਰਦਿਆਂ ਦੱਸਿਆ ਕਿ ਬਾਰਡਰ ਏਰੀਆਂ ਦੇ ਨਾਗਰਿਕਾ ਨੂੰ ਕਾਮਯਾਬੀ ਅਤੇ ਤਰੱਕੀ ਦੇ ਰਾਹ ਤੇ ਲੈ ਕੇ ਜਾਣ ਲਈ ਕੈਂਪ ਲਗਵਾਉਣੇ ਸ਼ੁਰੂ ਕੀਤੇ ਜਾ ਰਹੇ ਹਨ, ਜਿਸ ਤਹਿਤ 26 ਨਵੰਬਰ 2024 ਦਿਨ ਮੰਗਲਵਾਰ ਨੂੰ ਰਮਦਾਸ ਬਲਾਕ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰਮਦਾਸ ਵਿਖੇ ਸਰਕਾਰੀ ਸੁਵਿਧਾਵਾ ਸਬੰਧੀ ਜਾਗਰੂਕ ਕਰਨ ਅਤੇ ਸੇਵਾਵਾਂ ਪ੍ਰਦਾਨ ਕਰਨ ਲਈ ਸਵੇਰੇ 9:30 ਵਜੇ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਸਹਾਇਕ ਕਮਿਸ਼ਨਰ(ਸਿਖਲਾਈ ਅਧੀਨ) ਸ੍ਰੀਮਤੀ ਸੋਨਮ ਨੇ ਦੱਸਿਆ ਕਿ ਇਸ ਕੈਂਪ ਵਿੱਚ ਵੱਖ-ਵੱਖ ਸਰਕਾਰੀ ਵਿਭਾਗਾ ਜਿਵੇਂ ਕਿ ਕਿਰਤ ਵਿਭਾਗ, ਅੰਮ੍ਰਿਤਸਰ, ਜੀ.ਐਮ. ਜਿਲ੍ਹਾਂ ਇੰਡਸਟਰੀ ਸੈਂਟਰ, (ਜੀ.ਐਮ.ਡੀ.ਆਈ.ਸੀ) ਅੰਮ੍ਰਿਤਸਰ, ਡਾਇਰੈਕਟਰ ਆਰ ਸੈਟੀ ਪੀ.ਐਨ.ਬੀ. ਮੱਲੀਆਂ ਕਲਾਂ, ਅੰਮ੍ਰਿਤਸਰ, ਬਲਾਕ ਮਿਸ਼ਨ ਮੈਨੇਜਰ, ਪੰਜਾਬ ਸਕਿਲ ਡਵੈਲਪਮੈਂਟ ਮਿਸ਼ਨ, ਅੰਮ੍ਰਿਤਸਰ, ਡਿਪਟੀ ਡਾਇਰੈਕਟਰ, ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ, ਜਿਲ੍ਹਾ ਮੈਨੇਜਰ ਐਸ.ਸੀ. ਕਾਰਪੋਰੇਸ਼ਨ, ਅੰਮ੍ਰਿਤਸਰ, ਜਿਲ੍ਹਾ ਮੈਨੇਜਰ ਬੈਂਕ ਫਿੰਨੋ ਕਾਰਪੋਰੇਸ਼ਨ, ਅੰਮ੍ਰਿਤਸਰ, ਡਾਇਰੈਕਟਰ ਕ੍ਰਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ, ਡਿਪਟੀ ਡਾਇਰੈਕਟਰ, ਡੇਅਰੀ ਡਿਵੈਲਪਮੈਂਟ ਵਿਭਾਗ, ਅੰਮ੍ਰਿਤਸਰ, ਜਿਲ੍ਹਾ ਲੀਡ ਬੈਂਕ ਮੈਨੇਜਰ, ਅੰਮ੍ਰਿਸਤਰ, ਜਿਲ੍ਹਾ ਮੈਨੇਜਰ ਕਾਮਨ ਸਰਵਿਸ ਸੈਂਟਰ, (CSC) ਅੰਮ੍ਰਿਤਸਰ, ਜਿਲ੍ਹਾ ਮੈਨੇਜਰ ਪੰਜਾਬ ਸਟੇਟ ਰੂਲਰ ਲਾਇਵਲੀਹੁਡ ਮਿਸ਼ਨ, ਅੰਮ੍ਰਿਤਸਰ ਵੱਲੋਂ ਭਾਗ ਲਿਆ ਜਾਣਾ ਹੈ। ਜਿਸ ਵਿੱਚ ਉਹਨਾ ਦੇ ਮਹਿਕਮੇ ਵੱਲੋਂ ਜਰੂਰੀ ਜਾਣਕਾਰੀ ਉਪਲੱਬਧ ਕਰਵਾਈ ਜਾਵੇਗੀ। ਉਨਾਂ ਰਮਦਾਸ ਅਤੇ ਇਸ ਦੇ ਨਾਲ ਲੱਗਦੇ ਇਲਾਕੇ ਦੇ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰਮਦਾਸ ਵਿਖੇ ਲੱਗ ਰਹੇ ਕੈਂਪ ਵਿੱਚ ਹਿੱਸਾ ਲੈ ਕੇ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ। ਇਸ ਸੰਬੰਧੀ ਵਧੇਰੇ ਜਾਣਕਾਰੀ ਲਈ ਬਲਾਕ ਡਿਵੈਲਪਮੈਂਟ ਅਤੇ ਪੰਚਾਇਤ ਅਫ਼ਸਰ, ਰਮਦਾਸ ਦੇ ਦਫਤਰ ਸੰਪਰਕ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਪੰਚ ਸੰਧੂ ਸਮੇਤ ਪੰਚਾਂ ਨੂੰ ਕੀਤਾ ਸਨਮਾਨਿਤ



**ਚੌਕ ਮਹਿਤਾ, 25 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗ੍ਰਾਮ ਪੰਚਾਇਤ ਬਾਬਾ ਦਰਸ਼ਨ ਸਿੰਘ ਕਲੋਨੀ ਦੇ ਨਵ ਨਿਯੁਕਤ ਸਰਪੰਚ ਅਤੇ ਮੈਂਬਰਾਂ ਨੂੰ ਸਨਮਾਨਿਤ ਕਰਨ ਲਈ ਵਾਰਡ ਨੰਬਰ ਛੇ ਵੱਲੋਂ ਸਨਮਾਨ ਸਮਰੋਹ ਕਰਵਾਇਆ ਗਿਆ ਨਵ ਨਿਯੁਕਤ ਸ ਸਰਪੰਚ ਅਮਨਦੀਪ ਸਿੰਘ ਸੰਧੂ ਬਾਬਾ ਗੁਰਜੀਤ ਸਿੰਘ ਕੁੱਲੀ ਵਾਲੇ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਪੰਚ ਕੁਲਵੰਤ ਕੌਰ ਪੰਚ ਜਸਬੀਰ ਕੌਰ ਪੰਚ ਰਜਵੰਤ ਕੌਰ ਪੰਚ ਕੈਪਟਨ ਸੁਲੱਖਣ ਸਿੰਘ ਪੰਚ ਬਲਵਿੰਦਰ ਕੌਰ ਨੂੰ ਵਾਰਡ ਨੰਬਰ ਛੇ ਦੇ ਇਲਾਕਾ ਨਿਵਾਸੀਆਂ ਵੱਲੋਂ ਸਰੋਪਾ ਦੇਖ ਕੇ ਸਨਮਾਨਿਤ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਪੰਚ ਅਮਨਦੀਪ ਸਿੰਘ ਸੰਧੂ ਬਾਬਾ ਗੁਰਜੀਤ ਸਿੰਘ ਕੁੱਲੀ ਵਾਲਿਆਂ ਕਿਹਾ ਕਿ ਜਿੱਥੇ ਪੰਚਾਇਤ ਦੀਆਂ ਵੱਖ ਵੱਖ ਵਾਰਡਾਂ ਵਿੱਚ ਵਿਕਾਸ ਕਾਰਜ ਪਿਛਲੇ 10 ਸਾਲ ਦੇ ਕਾਰਜਕਾਲ ਵਿੱਚ ਪਛੜ ਗਏ ਹਨ ਉੱਥੇ ਇਹਨਾਂ ਵਾਰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਯਤਨਸ਼ੀਲ ਹੋਣਗੇ ਉਹਨਾਂ ਕਿਹਾ ਕਿ ਜਿੱਥੇ ਅੱਜ 10 ਦਿਨ ਦੇ ਕਰੀਬ ਉਨਾਂ ਦੀ ਸਮੁੱਚੀ ਟੀਮ ਵੱਲੋਂ ਬੰਦ ਪਈਆਂ ਸਟਰੀਟ ਲਾਈਟਾਂ ਡੀਪੂ ਹੋਲਡਰ ਕੇਵਾਈਸੀ ਕਰਾਉਣ ਵਿੱਚ ਸਫਲ ਹੋਏ ਹਨ ਉਥੇ ਉਹ ਪੰਚਾਇਤ ਦੇ ਕਾਰਜਾਂ ਲਈ ਤਤਪਰ ਰਹਿਣਗੇ ਇਲਾਕੇ ਵਿੱਚ ਵਾਟਰ ਸਪਲਾਈ ਬਿਜਲੀ ਸਪਲਾਈ ਅਤੇ ਸੜਕਾਂ ਬਣਾਉਣ ਲਈ ਛੇਤੀ ਉਪਰਾਲਾ ਕੀਤਾ ਜਾ ਰਿਹਾ ਇਸ ਮੌਕੇ ਬਲਰਾਜ ਸਿੰਘ ਗਿੱਲ ਮੱਸਾ ਸਿੰਘ ਬਖਸ਼ੀਸ਼ ਸਿੰਘ ਅਮਰੀਕ ਸਿੰਘ ਗੁਰਜੀਤ ਸਿੰਘ ਜਗਜੀਤ ਸਿੰਘ ਰਸਪਾਲ ਸਿੰਘ ਰਣਜੀਤ ਸਿੰਘ ਰੇਸ਼ਮ ਸਿੰਘ ਰਣਜੀਤ ਸਿੰਘ ਰਾਣਾ ਪ੍ਰੀਤਮ ਸਿੰਘ ਅਜੀਤ ਸਿੰਘ ਪੱਤਰਕਾਰ ਨਵਤੇਜ ਸਿੰਘ ਵਿਰਦੀ ਹੈਡ ਗ੍ਰੰਥੀ ਗੁਰਦੁਆਰਾ ਕਾਲ ਸਰ ਸਾਹਿਬ ਭਾਈ ਅੰਗਰੇਜ ਸਿੰਘ ਨਛੱਤਰ ਸਿੰਘ ਅਸ਼ੋਕ ਕੁਮਾਰ ਡਾਕਟਰ ਕੁਲਵੰਤ ਸਿੰਘ ਅਮਰੀਕ ਸਿੰਘ ਮਨਜੀਤ ਸਿੰਘ ਆਜ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਪਰਦਾਏ ਬਾਬਾ ਬਿਧੀ ਚੰਦ ਜੀ ਦੇ ਮੁਖੀ ਬਾਬਾ ਦਇਆ ਸਿੰਘ ਸੁਰ ਸਿੰਘ 'ਸ਼੍ਰੋਮਣੀ ਪੰਥ ਸੇਵਕ' ਦੀ ਉਪਾਧੀ ਦੇ ਅਸਲ ਹੱਕਦਾਰ - ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸੰਪਰਦਾਏ ਦਲ ਬਾਬਾ ਬਿਧੀ ਚੰਦ ਜੀ ਸੁਰ ਸਿੰਘ ਦੇ ਮੁਖੀ ਰਹੇ ਸੱਚਖੰਡ ਵਾਸੀ ਬਾਬਾ ਦਇਆ ਸਿੰਘ ਸੁਰ ਸਿੰਘ ਵਾਲਿਆਂ ਨੂੰ ਉਨ੍ਹਾਂ ਦੁਆਰਾ ਸਿੱਖ ਪੰਥ ਲਈ ਨਿਭਾਈਆਂ ਵਡਮੁੱਲੀਆਂ ਸੇਵਾਵਾਂ ਸਦਕਾ "ਸ਼੍ਰੋਮਣੀ ਪੰਥ ਸੇਵਕ" ਦੀ ਉਪਾਧੀ ਨਾਲ ਸਨਮਾਨਿਤ ਕੀਤੇ ਜਾਣ 'ਤੇ ਜਥੇ ਦੇ ਮੌਜੂਦਾ ਮੁਖੀ ਬਾਬਾ ਅਵਤਾਰ ਸਿੰਘ ਸੁਰ ਸਿੰਘ ਵਾਲਿਆਂ ਅਤੇ ਸਮੂਹ ਸਿੱਖ ਪੰਥ ਨੂੰ ਵਧਾਈ ਦਿੱਤੀ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਬਾਬਾ ਬਿਧੀ ਚੰਦ ਦੀ ਵੰਸ਼ ਤੇ ਬਾਬਾ ਬਿਧੀ ਚੰਦ ਸੰਪਰਦਾਇ ਦੇ ਗਿਆਰ੍ਹਵੇਂ ਮੁਖੀ ਅਤੇ ਸਿੱਖ ਪੰਥ ਦੀ ਸਤਿਕਾਰਤ ਸ਼ਖ਼ਸੀਅਤ ਸੰਤ ਬਾਬਾ ਦਇਆ ਸਿੰਘ ਜੀ "ਸ਼੍ਰੋਮਣੀ ਪੰਥ ਸੇਵਕ" ਦੀ ਉਪਾਧੀ ਦੇ ਅਸਲ ਹੱਕਦਾਰ ਹਨ। ਆਪ ਜੀ ਦਾ ਜੀਵਨ ਸਾਡੇ ਲਈ ਪ੍ਰੇਰਣਾ ਸਰੋਤ ਹਨ। ਸੰਗਤਾਂ ਨੂੰ ਇਨ੍ਹਾਂ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ। ਆਪ ਜੀ ਗੁਰੂ ਘਰ ਦੇ ਪ੍ਰੀਤਵਾਨ ਹੋਣ ਕਰਕੇ ਗੁਰੂ ਘਰ ਨਾਲ ਲਗਾਈ ਆਪਣੀ ਪ੍ਰੀਤ ਨੂੰ ਆਖ਼ਰੀ ਦਮ ਤੱਕ ਨਿਭਾਇਆ। ਬਾਬਾ ਦਯਾ ਸਿੰਘ ਜੀ ਨੇ ਦੇਸ਼-ਵਿਦੇਸ਼ ਵਿਚ ਸਿੱਖੀ ਦਾ ਪ੍ਰਚਾਰ ਪ੍ਰਸਾਰ ਕੀਤਾ ਅਤੇ ਸੰਗਤਾਂ ਨੂੰ ਬਾਣੀ ਅਤੇ ਬਾਣੇ ਦੇ ਨਾਲ ਜੋੜਿਆ। ਉਨ੍ਹਾਂ ਕਿਹਾ ਕਿ ਬਾਬਾ ਜੀ ਆਪਣੇ ਆਖ਼ਰੀ ਸਵਾਸਾਂ ਤੀਕ ਭਜਨ ਬੰਦਗੀ ਅਤੇ ਨਿੱਤਨੇਮ ਨਾਲ ਜੁੜੇ ਰਹੇ ਸਨ। ਉਨ੍ਹਾਂ 'ਚ ਦੇਸ ਪ੍ਰੇਮ ਪ੍ਰਤੀ ਅਥਾਹ ਜਜ਼ਬਾ ਸੀ, ਜਿਸ ਦਾ ਬੋਧ ਇਸ ਗਲ ਤੋ ਲਗਦਾ ਹੈ ਕਿ ਉਨ੍ਹਾਂ 1965 ਦੀ ਭਾਰਤ ਪਾਕਿਸਤਾਨ ਜੰਗ ਸਮੇਂ ਆਪਣੇ ਪਿਤਾ ਸੰਤ ਬਾਬਾ ਸੋਹਨ ਸਿੰਘ ਜੀ ਦੀ ਅਗਵਾਈ ਵਿਚ ਪਿੰਡ ਵਾਲਿਆਂ ਨੂੰ ਨਾਲ ਲੜਾਈ ਦੇ ਮੋਰਚਿਆਂ ਵਿਚ ਫ਼ੌਜੀਆਂ ਦੀ ਮਦਦ ਲਈ ਦੁੱਧ, ਭੋਜਨ ਅਤੇ ਫਲ਼ ਆਦਿ ਲੈ ਕੇ ਪਹੁੰਚਦੇ ਰਹੇ। ਗੋਲੀਆਂ ਦੇ ਵਟਾਂਦਰੇ ਦੌਰਾਨ ਵੀ ਬਾਬਾ ਦਇਆ ਸਿੰਘ ਜੀ ਸਾਥੀਆਂ ਨਾਲ ਫ਼ੌਜੀਆਂ ਨੂੰ ਪ੍ਰਸ਼ਾਦੇ ਵਰਤਾ ਰਹੇ ਹੁੰਦੇ, ਜਿਸ ਦੀਆਂ ਅਖ਼ਬਾਰਾਂ ਵਿਚ ਆਈਆਂ ਤਸਵੀਰਾਂ ਬਾਬਾ ਜੀ ਅਤੇ ਸਰਹੱਦੀ ਲੋਕਾਂ ਦੀ ਬਹਾਦਰੀ ਤੇ ਦੇਸ਼ ਭਗਤੀ ਦੀ ਚਰਚਾ ਸਾਰੇ ਸੰਸਾਰ ਵਿਚ ਫੈਲੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਹਤ ਵਿਭਾਗ ਨੇ ਚਲਾਈ ਆਉਟ-ਰੀਚ ਇਲਾਕਿਆਂ ਲਈ 'ਸਪੈਸ਼ਲ ਟੀਕਾਕਰਣ ਮੁਹਿੰਮ'



**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਕਿਰਨਦੀਪ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਦੀ ਅਗਵਾਹੀ ਹੇਠਾਂ "ਸਪੈਸ਼ਲ ਇਮੁਨਾਈਜੇਸ਼ਨ ਵੀਕ" ਸੰਬਧੀ ਜਿਲ੍ਹਾ ਭਰ ਦੇ ਆਉਟ ਰੀਚ ਇਲਾਕਿਆਂ ਵਿਚ ਇਕ ਸਪੈਸ਼ਲ ਟੀਕਾਕਰਣ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਅਵਸਰ ਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਨੇ ਕਿਹਾ ਕਿ ਵਿਸ਼ਵ ਟੀਕਾਕਰਣ ਹਫਤਾ ਪੂਰੇ ਵਿਸ਼ਵ ਭਰ ਵਿਚ 25 ਨਵੰਬਰ ਤੋਂ ਲੈਕੇ 30 ਨਵੰਬਰ ਤੱਕ ਮਨਾਇਆ ਜਾ ਰਿਹਾ ਹੈ। ਇਸ ਮੁਹਿੰਮ ਦੌਰਾਣ ਇਹ ਯਕੀਨੀ ਬਣਾਇਆ ਜਾਵੇਗਾ ਕਿ ਕੋਈ ਬੱਚਾ ਜਾਂ ਗਰਭਵਤੀ ਮਾਂ ਵੈਕਸੀਨੇਸ਼ਨ ਤੋਂ ਵਾਂਝਾ ਨਾਂ ਰਹੇ। ਇਸ ਹਫਤੇ ਦੌਰਾਨ ਜਿਲ੍ਹੇ ਭਰ ਦੇ ਸਿਹਤ ਕੇਂਦਰਾਂ ਵਿੱਚ ਸਾਰੇ ਮੈਡੀਕਲ ਅਤੇ ਪੈਰਾ ਮੈਡੀਕਲ ਸਟਾਫ ਵਲੋਂ ਆਮ ਜਨਤਾ ਨੂੰ ਟੀਕਾਕਰਣ ਮੱਹਤਤਾ ਬਾਰੇ ਜਾਗਰੂਕ ਕੀਤਾ ਜਾਵੇਗਾ ਅਤੇ ਆਉਟਰੀਚ ਇਲਾਕੇ ਜਿਵੇਂ ਝੁੱਗੀਆਂ, ਬਸਤੀਆਂ, ਭੱਠੇ, ਗੁੱਜਰਾਂ ਦੇ ਡੇਰੇ, ਮਾਈਗਰੇਟਰੀ ਤੇ ਸੱਲਮ ਏਰੀਏ ਵਿਚ ਟੀਕਾਕਰਣ ਕੈਂਪ ਲਗਾ ਕੇ ਬੱਚਿਆਂ ਅਤੇ ਗਰਭਵਤੀ ਮਾਵਾਂ ਦੀ ਵੈਕਸੀਨੇਸ਼ਨ ਪੂਰੀ ਕੀਤੀ ਜਵੇਗੀ। ਇਸ ਉਪਰੰਤ ਇਸਦਾ ਪੂਰਾ ਰਿਕਾਰਡ ਯੂ ਵਿਨ ਐਪ ਤੇ ਅੱਪ ਲੋਡ ਕੀਤਾ ਜਾਵੇਗਾ, ਜਿਸ ਨਾਲ ਹਰੇਕ ਬੱਚੇ ਅਤੇ ਗਰਭਵਤੀ ਮਾਂ ਦਾ ਟੀਕਾਕਰਣ ਰਿਕਾਰਡ ਕਿਸੇ ਵੀ ਜਗ੍ਹਾ ਤੇ ਇੰਟਰਨੈਟ ਦੀ ਮਦਦ ਨਾਲ ਹਾਸਿਲ ਕੀਤਾ ਜਾ ਸਕੇਗਾ, ਜਿਸ ਨਾਲ ਟੀਕਾਕਰਣ ਵਿਚ ਹੋਰ ਵੀ ਆਸਾਨੀ ਹੋ ਸਕੇਗੀ। ਇਸ ਮੌਕੇ ਡਾ ਵਨੀਤ ਕੌਰ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਰਾਮਦਾਸ ਸਤਿਸੰਗ ਸਭਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ 43ਵਾਂ ਸਲਾਨਾ ਸਮਾਗਮ ਕਰਵਾਇਆ



**ਚੌਕ ਮਹਿਤਾ, 25 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਅਵਤਾਰ ਪੁਰਬ ਦੀ ਖੁਸ਼ੀ ਵਿੱਚ ਸ੍ਰੀ ਗੁਰੂ ਰਾਮਦਾਸ ਸਤਿਸੰਗ ਸਭਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ 43ਵਾਂ ਸਲਾਨਾ ਸਮਾਗਮ ਗੁਰੂ ਨਾਨਕਾ ਕਾਲੋਨੀ, ਗਲੀ ਨੰ: 1, ਤਰਨਤ ਤਾਰਨ ਰੋਡ, ਪੁਰਾਣੀ ਚੁੰਗੀ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ । ਇਸ ਮੌਕੇ ਵੱਖ ਵੱਖ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਸਖਸ਼ੀਅਤਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਪ੍ਰਧਾਨ ਭਾਈ ਜਤਿੰਦਰ ਸਿੰਘ, ਭਾਈ ਹਰਚਰਨ ਸਿੰਘ, ਪਵਨ ਕੁਮਾਰ ਖਜ਼ਾਨਚੀ, ਪ੍ਰਿੰਸਪਾਲ ਸਿੰਘ, ਮਲਵਿੰਦਰ ਸਿੰਘ ਪ੍ਰਦੇਸੀ, ਸਾਹਿਬ ਸਿੰਘ, ਹਰਦੇਵ ਸਿੰਘ, ਕੁਲਦੀਪ ਸਿੰਘ ਰਿੰਕੂ, ਜਰਨੈਲ ਸਿੰਘ ਸਮੇਤ ਪ੍ਰਬੰਧਕ ਕਮੇਟੀ ਵੱਲੋਂ ਸਤਪਾਲ ਸਿੰਘ ਬਹਿਲਾ (ਸੀਨੀਅਰ ਆਗੂ ਆਪ), ਰਾਜਵਿੰਦਰ ਕੌਰ ਰਾਜ ਪ੍ਰਧਾਨ ਗੁ: ਪੰਜਵੀਂ ਪਾਤਸ਼ਾਹੀ (ਸਿੰਘ ਸਭਾ), ਉੱਘੇ ਲੇਖਕ ਅਤੇ ਪੱਤਰਕਾਰ ਸ਼ੇਲਿੰਦਰਜੀਤ ਸਿੰਘ ਰਾਜਨ, ਮੱਖਣ ਸਿੰਘ ਭੈਣੀਵਾਲਾ, ਪਰਦੀਪ ਸਿੰਘ, ਅਤੇ ਹੋਰ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਵੇਟ ਲਿਫਟਿੰਗ ਵਿੱਚ ਸਟੇਟ ਦਾ ਪਹਿਲਾ ਜੇਤੂ ਬਣ ਕੇ

# ਗੋਲਡ ਮੈਡਲ ਲੈ ਕੇ ਸ੍ਰ ਫਤਿਹ ਸਿੰਘ ਦਾਬਾਂਵਾਲ ਨੇ ਪਿੰਡ ਦਾ ਨਾਮ ਕੀਤਾ ਉੱਚਾ



**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਇੰਟਰਨੈਸ਼ਨਲ ਪੰਥਕ ਦਲ ਜਿਲਾ ਗੁਰਦਾਸਪੁਰ ਦੇ ਪ੍ਰਧਾਨ ਭਾਈ ਰਜਿੰਦਰ ਸਿੰਘ ਜੀ ਰਾਜਾ ਦੇ ਹੋਣਹਾਰ ਪੁੱਤਰ ਸ੍ਰ ਫਤਿਹ ਸਿੰਘ ਵੇਟ ਲਿਫਟਿੰਗ ਵਿੱਚ ਸਟੇਟ ਦਾ ਪਹਿਲਾ ਜੇਤੂ ਬਣ ਕੇ ਗੋਲਡ ਮੈਡਲ ਲੈ ਕੇ ਗੋਬਿੰਦ ਬਾਗ ਦਾਬਾਵਾਲ ਵਿਖੇ ਪਹੁੰਚਿਆ। ਪਿੰਡ ਦੇ ਸਮੂਹ ਪਤਵੰਤਿਆਂ ਵੱਲੋਂ ਕਾਕਾ ਫਤਿਹ ਸਿੰਘ ਦਾ ਪਿੰਡ ਪਹੁੰਚਣ ਤੋਂ ਢੋਲ ਵਜਾ ਕੇ ਭਰਵਾਂ ਸਵਾਗਤ ਕੀਤਾ ਗਿਆ। ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜ ਕਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਦਾਸ ਦਾ ਛੋਟਾ ਭਰਾ ਭਾਈ ਰਜਿੰਦਰ ਸਿੰਘ ਜੀ ਰਾਜਾ ਦੇ ਪੁੱਤਰ ਕਾਕਾ ਫਤਿਹ ਸਿੰਘ ਪੰਜਾਬ ਦਾ ਪਹਿਲਾ ਜੇਤੂ ਬਣ ਕੇ ਪਿੰਡ ਦਾਬਾਂਵਾਲ ਵਿਖੇ ਪਹੁੰਚਿਆ ਹੈ। ਸਾਰੇ ਪਰਿਵਾਰ ਨੂੰ ਬਹੁਤ ਬਹੁਤ ਵਧਾਈਆਂ। ਸੰਤ ਬਾਬਾ ਜਤਿੰਦਰ ਸਿੰਘ ਜੀ ਨੇ ਦੱਸਿਆ ਕਿ ਬਹੁਤ ਖੁਸ਼ੀ ਵਾਲੀ ਗੱਲ ਹੈ ਕਿ ਕਾਕਾ ਫਤਿਹ ਸਿੰਘ ਨੇ ਇਸ ਖੇਡ ਵਿੱਚ ਵੱਧ ਚੜ ਕੇ ਦਿਲਚਸਪੀ ਦਿਖਾਈ ਹੈ ਜਿਸ ਨਾਲ ਪਿੰਡ ਦਾਬਾਂਵਾਲ ਦਾ ਨਾਮ ਉੱਚਾ ਕੀਤਾ ਹੈ। ਇਸੇ ਤਰ੍ਹਾਂ ਇੰਟਰਨੈਸ਼ਨਲ ਪੰਥਕ ਦਲ ਜਥੇਬੰਦੀ ਦੇ ਸਮੂਹ ਪਤਵੰਤੇ ਜਿਸ ਵਿੱਚ ਭਾਈ ਸਤਨਾਮ ਸਿੰਘ ਜੀ ਸੈਦੋਲੇਹਲ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਸ੍ਰੀ ਅੰਮ੍ਰਿਤਸਰ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਚੀਫ ਐਡਵਾਈਜਰ ਪੰਜਾਬ, ਭਾਈ ਗੁਰਭੇਜ ਸਿੰਘ ਜੀ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਬਲਬੀਰ ਸਿੰਘ ਜੀ ਲੱਧਾ ਮੁੰਡਾ ਜਿਲਾ ਪ੍ਰਧਾਨ ਕਿਸਾਨ ਵਿੰਗ, ਭਾਈ ਭੁਪਿੰਦਰ ਸਿੰਘ ਜੀ ਤੂਤ ਜਰਨਲ ਸਕੱਤਰ ਤਰਨ ਤਾਰਨ, ਭਾਈ ਦਲਜੀਤ ਸਿੰਘ ਜੀ ਮੁੱਠਿਆਂਵਾਲਾ ਬਲਾਕ ਪ੍ਰਧਾਨ ਵਲਟੋਹਾ, ਭਾਈ ਮਨਪ੍ਰੀਤ ਸਿੰਘ ਜੀ ਦਸ਼ਮੇਸ਼ ਨਗਰ ਇਕਾਈ ਪ੍ਰਧਾਨ ਭਰਾਤਾ ਸ਼ਹੀਦ ਭਾਈ ਜੁਗਰਾਜ ਸਿੰਘ ਜੀ, ਜੂਨ 1984, ਭਾਈ ਭੁਪਿੰਦਰ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਸਰ, ਭਾਈ ਕਾਰਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਕਿਸਾਨ ਵਿੰਗ, ਬਾਬਾ ਹਰਦੇਵ ਸਿੰਘ ਜੀ ਭੈਣੀ ਮੱਸਾ ਸਿੰਘ ਇਕਾਈ ਪ੍ਰਧਾਨ ਅਤੇ ਹੋਰ ਸਮੂਹ ਵਰਕਰ ਸਾਹਿਬਾਨਾਂ ਵੱਲੋਂ ਕਾਕਾ ਫਤਿਹ ਸਿੰਘ ਦੇ ਸਮੂਹ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਜੀ ਕਾਕਾ ਫਤਿਹ ਸਿੰਘ ਨੂੰ ਅਗਾਹਾਂ ਹੋਰ ਤਰੱਕੀ ਬਖਸ਼ੇ। ਇਸੇ ਤਰ੍ਹਾਂ ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲੇ ਦਾਬਾਂਵਾਲ ਨੇ ਕਾਕਾ ਫਤਿਹ ਸਿੰਘ ਨੂੰ ਵਧਾਈ ਦਿੱਤੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਕਾਦਰਾਬਾਦ ਵਾਲੇ, ਸ੍ਰ ਰਜਿੰਦਰ ਸਿੰਘ ਮੰਡ ਸਰਪੰਚ ਦਾਬਾਂਵਾਲ, ਸ੍ਰ ਹਰਨੇਕ ਸਿੰਘ ਸਾਬਕਾ ਸਰਪੰਚ ਨਿੱਕਾ ਦਾਬਾਵਾਲ, ਸ੍ਰ ਰੇਸ਼ਮ ਸਿੰਘ ਮੰਨੂੰ ਫੌਜੀ, ਸ੍ਰ ਬਲਦੇਵ ਸਿੰਘ ਕੋਚ ਹਰਚੋਵਾਲ ਕਾਦੀਆਂ, ਜੁਗਰਾਜ ਸਿੰਘ, ਲਖਨ ਅਤੇ ਹੋਰ ਪਤਵੰਤੇ ਪਿੰਡ ਦਾਬਾਂਵਾਲ ਪਹੁੰਚੇ।

**ਇੰਟਰਨੈਸ਼ਨਲ ਪੰਥਕ ਦਲ ਦੇ ਕਾਰਜ ਕਰੀ ਪੰਜਾਬ ਪ੍ਰਧਾਨ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਵਿਸ਼ੇਸ਼ ਤੌਰ 'ਤੇ ਕੀਤਾ ਸਨਮਾਨ**

### ਪੁਲਿਸ ਥਾਣਾ ਜੰਡਿਆਲਾ ਗੁਰੂ ਦੀ ਵੱਡੀ ਸਫਲਤਾ ਵਪਾਰੀਆਂ ਕੋਲੋਂ

# ਫਿਰੌਤੀ ਮੰਗਣ ਵਾਲੇ ਗਿਰੋਹ ਦਾ ਕੀਤਾ ਗਿਆ ਪਰਦਾਫਾਸ਼ ਚਾਰ ਗ੍ਰਿਫਤਾਰ




**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਉਸ ਸਮੇਂ ਵੱਡੀ ਕਾਮਯਾਬੀ ਹਾਸਿਲ ਹੋਈ ਜਦੋਂ ਥਾਣਾ ਜੰਡਿਆਲਾ ਗੁਰੂ ਵਿੱਚ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਫੋਨ ਤੇ ਫਰੋਤੀ ਮੰਗਣ ਦੀਆਂ ਧਮਕੀਆਂ ਦੇਣ ਵਾਲੇ ਗਰੋਹ ਦਾ ਪਰਦਾਫ਼ਾਸ਼ ਕੀਤਾ ਗਿਆ , ਇਸ ਮੌਕੇ ਥਾਣਾ ਜੰਡਿਆਲਾ ਗੁਰੂ ਦੇ ਪੁਲਿਸ ਅਧਿਕਾਰੀ ਡੀ ਐਸ ਪੀ ਰਵਿੰਦਰ ਸਿੰਘ ਅਤੇ ਐਸ ਐਚ ਓ ਸ੍ਰ ਮੁਖਤਿਆਰ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਸਾਡੀ ਪੁਲਿਸ ਟੀਮ ਵੱਲੋਂ ਜੰਡਿਆਲਾ ਦੇ ਵਿੱਚ ਵਪਾਰੀਆਂ ਤੇ ਦੁਕਾਨਦਾਰਾਂ ਕੋਲੋਂ ਫਰੋਤੀਆਂ ਮੰਗਣ ਵਾਲੇ ਚਾਰ ਨੌਜਵਾਨ ਨੂੰ ਕਾਬੂ ਕੀਤਾ ਹੈ। ਉਹਨਾਂ ਦੱਸਿਆ ਕਿ ਇਹ ਹੈਪੀਜਟ ਗਰੋਹ ਦੇ ਲੜਕੇ ਹਨ ਜਿਨਾਂ ਵੱਲੋਂ ਵਪਾਰੀਆਂ ਤੇ ਦੁਕਾਨਦਾਰਾਂ ਕੋਲੋਂ ਫਰੋਤੀਆਂ ਮੰਗੀਆਂ ਜਾ ਰਹੀਆਂ ਸਨ ਉਹਨਾਂ ਕਿਹਾ ਕਿ ਇਹਨਾਂ ਕੋਲੋਂ ਇਹਨਾਂ ਦੇ ਮੋਬਾਈਲ ਫੋਨ ਵੀ ਬਰਾਮਦ ਕਰ ਲਏ ਗਏ ਹਨ ਜਿੰਨਾਂ ਤੋਂ ਫੋਨ ਕਰ ਇਹ ਫਰੋਤੀਆਂ ਮੰਗਦੇ ਸਨ ਦੱਸਿਆ ਜਾ ਰਿਹਾ ਹੈ ਕਿ ਵਿਦੇਸ਼ੀ ਤਾਕਤਾਂ ਵੱਲੋਂ ਇਹਨਾਂ ਨੌਜਵਾਨਾਂ ਨੂੰ ਵਰਗਲਾ ਕੇ ਇਹਨਾਂ ਕੋਲ ਗਲਤ ਕੰਮ ਕਰਵਾਏ ਜਾ ਰਹੇ ਸਨ ਉਹਨਾਂ ਕਿਹਾ ਕਿ ਸਾਡੀ ਟੈਕਨੀਕਲ ਪੁਲਿਸ ਟੀਮ ਵੱਲੋਂ ਇਹਨਾਂ ਦੇ ਮੋਬਾਇਲ ਫੋਨਾਂ ਦੀ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਜਿਹੜੇ ਇਹਨਾਂ ਨੂੰ ਕਾਲਾਂ ਆ ਰਹੀਆਂ ਹਨ ਵਿਦੇਸ਼ ਤੋਂ ਆ ਰਹੀਆਂ ਹਨ ਜਾਂ ਫੇਕ ਨੰਬਰ ਤੋਂ ਕਾਲਾਂ ਆ ਰਹੀਆਂ ਹਨ ਇਸ ਦੀ ਜਾਣਕਾਰੀ ਤੋਂ ਬਾਅਦ ਹੀ ਅਗਲੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ ਉਹਨਾਂ ਕਿਹਾ ਕਿ ਇਹਨਾਂ ਦੀ ਉਮਰ ਮਹਿਜ 20 ਤੋਂ 22 ਸਾਲ ਦੇ ਕਰੀਬ ਹੈ ਇਹ ਥਾਣਾ ਜੰਡਿਆਲਾ ਹਲਕੇ ਦੇ ਹੀ ਰਹਿਣ ਵਾਲੇ ਹਨ। ਜਿਨਾਂ ਵੱਲੋਂ ਵਪਾਰੀਆਂ ਤੇ ਦੁਕਾਨਦਾਰਾਂ ਨੂੰ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ। ਉਹਨਾਂ ਕਿਹਾ ਕਿ ਜਾਂਚ ਵਿੱਚ ਸਾਹਮਣੇ ਆਇਆ ਕਿ ਇਹ ਹੈਪੀ ਜੱਟ ਗਰੋਹ ਦੇ ਲੜਕੇ ਹਨ ਜਿਨਾਂ ਨੂੰ ਵਿਦੇਸ਼ ਤੋਂ ਫੋਨ ਆਉਂਦੇ ਸਨ ਤੇ ਉਹ ਦੁਕਾਨਾਂ ਤੇ ਵਪਾਰੀਆਂ ਦੀ ਜਾ ਕੇ ਰੈਕੀ ਕਰਦੇ ਸਨ। ਤੇ ਉਸ ਤੋਂ ਬਾਅਦ ਫੋਨ ਤੇ ਧਮਕੀਆਂ ਦੇ ਕੇ ਫਰੋਤੀ ਦੀ ਮੰਗ ਕਰਦੇ ਸਨ। ਉਹਨਾਂ ਕਿਹਾ ਕਿ ਫਿਲਹਾਲ ਸਾਡੇ ਪੁਲਿਸ ਵਿਭਾਗ ਵੱਲੋਂ ਇਹਨਾਂ ਵਿਦੇਸ਼ੀ ਗੈਂਗਸਟਰਾਂ ਦੇ ਖਿਲਾਫ ਲੁੱਕ ਆਫ ਨੋਟਿਸ ਜਾਰੀ ਕੀਤਾ ਹੋਇਆ, ਅਸੀਂ ਅੱਜ ਇਹਨਾਂ ਦੇ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਇਹਨਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਦਾਲਤ ਵਿੱਚ ਰਿਮਾਂਡ ਹਾਸਿਲ ਕਰ ਇਹਨਾਂ ਕੋਲੋਂ ਪੁੱਛਗਿੱਛ ਕਰ ਹੋਰ ਵੀ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਸਾਬਕਾ ਪ੍ਰਧਾਨ ਰਾਜੀਵ ਸ਼ਰਮਾ ਦਾ ਕੀਤਾ ਵਿਸ਼ੇਸ਼ ਸਨਮਾਨ



**ਚੌਂਕ ਮਹਿਤਾ, 25 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਕਾਲਜਾਂ ਦੇ ਸਹਾਇਤਾ ਪ੍ਰਾਪਤ ਨਾਨ–ਟੀਚਿੰਗ ਇੰਪਲਾਈਜ਼ ਜਥੇਬੰਦੀ ਵੱਲੋਂ ਪੰਜਾਬ ਪ੍ਰਧਾਨ ਸਵਿੰਦਰ ਸਿੰਘ ਗੋਲਾ ਦੀ ਯੋਗ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ । ਜਿਸ ਦੌਰਾਨ ਏਡਿਡ ਕਾਲਜਾਂ ਦੇ ਕਰਮਚਾਰੀਆਂ ਨੂੰ ਦਰਪੇਸ਼ ਆ ਰਹੀਆਂ ਮੁਸ਼ਿਕਲਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਪੰਜਾਬ ਪ੍ਰਧਾਨ ਸਵਿੰਦਰ ਸਿੰਘ ਗੋਲਾ ਅਤੇ ਸਮੂਹ ਸਾਥੀਆਂ ਵੱਲੋਂ ਸਾਬਕਾ ਪ੍ਰਧਾਨ ਰਾਜੀਵ ਸ਼ਰਮਾ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ। ਸਾਬਕਾ ਪ੍ਰਧਾਨ ਰਾਜੀਵ ਸ਼ਰਮਾ ਵੱਲੋਂ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਹ ਕੁਝ ਘਰੇਲੂ ਰੁਝੇਵਿਆਂ ਕਾਰਨ ਜਥੇਬੰਦੀ ਨੂੰ ਪੂਰਾ ਸਮਾਂ ਨਹੀਂ ਦੇ ਪਾ ਰਹੇ ਸਨ, ਜਿਸ ਕਾਰਨ ਉਹਨਾਂ ਵਲੋਂ ਪ੍ਰਧਾਨਗੀ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ, ਪਰੰਤੂ ਉਹ ਜਥੇਬੰਦੀ ਦੇ ਨਾਲ ਹਮੇਸ਼ਾ ਖੜੇ ਰਹਿਣਗੇ ਅਤੇ ਜੋ ਵੀ ਜਿੰਮੇਵਾਰੀ ਉਹਨਾਂ ਨੂੰ ਸੌਂਪੀ ਜਾਵੇਗੀ ਉਹ ਪੂਰੀ ਤਨ ਦੇਹੀ ਦੇ ਨਾਲ ਨਿਭਾਉਣਗੇ। ਉਹਨਾਂ ਕਿਹਾ ਕਿ ਜਥੇਬੰਦੀ ਦੇ ਪ੍ਰਧਾਨ ਅਤੇ ਸਮੂਹ ਮੈਂਬਰਾਨ ਵੱਲੋਂ ਜੋ ਉਹਨਾਂ ਨੂੰ ਮਾਣ ਬਖਸ਼ਿਆ ਗਿਆ ਹੈ ਉਸ ਨੂੰ ਬਰਕਰਾਰ ਰੱਖਣ ਦੇ ਲਈ ਹਰ ਸੰਭਵ ਮਾਰਗ ਦਰਸ਼ਨ ਕਰਦੇ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਨਰਲ ਸਕੱਤਰ ਪੰਜਾਬ ਜਗਦੀਪ ਸਿੰਘ, ਦੀਪਕ ਸ਼ਰਮਾਂ , ਸੁਨੀਲ ਕੁਮਾਰ, ਰੋਹਿਤ ਸ਼ਰਮਾਂ, ਸਰਬਜੀਤ ਸਿੰਘ, ਅਵਤਾਰ ਸਿੰਘ, ਜਸਵੰਤ ਸਿੰਘ, ਪ੍ਰਿਥੀਪਾਲ ਸਿੰਘ, ਕੰਵਲਜੀਤ ਸਿੰਘ, ਅਸ਼ਵਨੀ ਕੁਮਾਰ ਆਦਿ ਹਾਜ਼ਰ ਸਨ।

# ਗੁਰਪ੍ਰੀਤ ਸਿੰਘ ਚਾਹਤ ਸਿਆਸੀ ਸਕੱਤਰ ਪੰਜਾਬ ਨਿਯੁਕਤ



**ਚੌਂਕ ਮਹਿਤਾ, 25 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਲੀਨੀਕਲ ਲੈਬੋਟਰੀ ਐਸੋਸੀਏਸ਼ਨ ਸੋਸਾਇਟੀ ਦੀ ਹੰਗਾਮੀ ਮੀਟਿੰਗ ਸ੍ਰੀ ਰਮੇਸ਼ ਕੁਮਾਰ ਜਨਰਲ ਸੈਕਟਰੀ ਪੰਜਾਬ ਦੀ ਅਗਵਾਈ ਹੇਠ ਕੀਤੀ ਗਈ ਇਸ ਮੌਕੇ ਸ੍ਰ ਸੁਖਦੇਵ ਸਿੰਘ ਐਕਸੀਅਨ ਪੰਜਾਬ ਪ੍ਰਦੂਸ਼ਣ ਬੋਰਡ, ਡਾ ਇੰਦਰਪਾਲ ਸਿੰਘ ਪਸਰੀਚਾ ਪੰਜਾਬ ਪ੍ਰਧਾਨ ਅਤੇ ਸ੍ਰ ਗੁਰਮਖ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕੀਤਾ ਅਤੇ ਐਸੋਸੀਏਸ਼ਨ ਦੇ ਮੈਂਬਰਾਂ ਦੀਆਂ ਮੁਸ਼ਿਕਲਾਂ ਸੁਣੀਆਂ ਇਸ ਮੌਕੇ ਪੰਜਾਬ ਦੇ ਸਗੰਠਨ ਨੂੰ ਮਜ਼ਬੂਤ ਕਰਨ ਲਈ ਨਵੇਂ ਅਹੁਦੇਦਾਰ ਨਿਯੁਕਤ ਕੀਤੇ ਅਤੇ ਸਾਰਿਆ ਨੂੰ ਨਵੇਂ ਐਕਟ ਤੋ ਜਾਣੂ ਕਰਵਾਇਆ ਗਿਆ ਇਸ ਮੌਕੇ ਸੁਮੇਸ਼ ਗੁਪਤਾ ਚੇਅਰਮੈਨ , ਮਨਜਿੰਦਰ ਸਿੰਘ ਮਾਨ ਕੈਸੀਅਰ ਪੰਜਾਬ ,ਉਪਪ੍ਰਧਾਨ ਪਵਨ ਜੀ , ਸ੍ਰ ਗੁਰਪ੍ਰੀਤ ਸਿੰਘ ਚਾਹਤ ਪੋਲੀਟੀਕਲ ਸੈਕਟਰੀ ਪੰਜਾਬ , ਰਾਜਵੀਰ ਸਿੰਘ ਜੋਸਨ ਦਿਹਾਤੀ ਪ੍ਰਧਾਨ ਪੰਜਾਬ, ਬਲਜੀਤ ਸਿੰਘ ਛੇਹਰਟਾ ਬਲਾਕ ਪ੍ਰਧਾਨ,ਅਮਰੀਕ ਸਿੰਘ, ਪ੍ਰਧਾਨ ਵਿਜੇ ਕੁਮਾਰ ਬਲਾਕ ਚਵਿੰਡਾ ਅਤੇ ਐਸੋਸੀਏਸ਼ਨ ਦੇ ਮੈਂਬਰ ਹਾਜਰ ਸਨ।

# ਸ੍ਰੀ ਗੁਰੂ ਰਾਮਦਾਸ ਸਤਿਸੰਗ ਸਭਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ 43ਵਾਂ ਸਲਾਨਾ ਸਮਾਗਮ ਕਰਵਾਇਆ



**ਚੌਂਕ ਮਹਿਤਾ, 25 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਸ੍ਰੀ ਗੁਰੂ ਰਾਮਦਾਸ ਜੀ ਦੇ ਅਵਤਾਰ ਪੁਰਬ ਦੀ ਖੁਸ਼ੀ ਵਿੱਚ ਸ੍ਰੀ ਗੁਰੂ ਰਾਮਦਾਸ ਸਤਿਸੰਗ ਸਭਾ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ 43ਵਾਂ ਸਲਾਨਾ ਸਮਾਗਮ ਗੁਰੂ ਨਾਨਕਾ ਕਾਲੌਨੀ, ਗਲੀ ਨੰ: 1, ਤਰਨਤ ਤਾਰਨ ਰੋਡ, ਪੁਰਾਣੀ ਚੂੰਗੀ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ । ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ । ਇਸ ਮੌਕੇ ਵੱਖ ਵੱਖ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਸਖਸ਼ੀਅਤਾਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਪ੍ਰਧਾਨ ਭਾਈ ਜਤਿੰਦਰ ਸਿੰਘ, ਭਾਈ ਹਰਚਰਨ ਸਿੰਘ, ਪਵਨ ਕੁਮਾਰ ਖਜ਼ਾਨਚੀ, ਪ੍ਰਿੰਸਪਾਲ ਸਿੰਘ, ਮਲਵਿੰਦਰ ਸਿੰਘ ਪ੍ਰਦੇਸੀ, ਸਾਹਿਬ ਸਿੰਘ, ਹਰਦੇਵ ਸਿੰਘ, ਕੁਲਦੀਪ ਸਿੰਘ ਰਿੰਕੂ, ਜਰਨੈਲ ਸਿੰਘ ਸਮੇਤ ਪ੍ਰਬੰਧਕ ਕਮੇਟੀ ਵੱਲੋਂ ਸਤਪਾਲ ਸਿੰਘ ਬਹਿਲਾ (ਸੀਨੀਅਰ ਆਗੂ ਆਪ), ਰਾਜਵਿੰਦਰ ਕੌਰ ਰਾਜ ਪ੍ਰਧਾਨ ਗੁ: ਪੰਜਵੀਂ ਪਾਤਸ਼ਾਹੀ (ਸਿੰਘ ਸਭਾ), ਉੱਘੇ ਲੇਖਕ ਅਤੇ ਪੱਤਰਕਾਰ ਸ਼ੇਲਿੰਦਰਜੀਤ ਸਿੰਘ ਰਾਜਨ, ਮੱਖਣ ਸਿੰਘ ਭੈਣੀਵਾਲਾ, ਪਰਦੀਪ ਸਿੰਘ, ਅਤੇ ਹੋਰ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

### ਕੇਂਦਰੀ ਸਿੱਖ ਅਜਾਇਬ ਘਰ 'ਚ

# ਦੋ ਪੰਥਕ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਸੁਸ਼ੋਭਿਤ



**ਨਵੀਂ ਦਿੱਲੀ, 25 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਸਥਿਤ ਕੇਂਦਰੀ ਸਿੱਖ ਅਜਾਇਬ ਘਰ 'ਚ ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਸੱਚਖੰਡ ਵਾਸੀ ਬਾਬਾ ਦਯਾ ਸਿੰਘ ਤੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਫ਼ੌਜ ਦੇ ਬਹਾਦਰ ਜਰਨੈਲ ਸ. ਨਿਧਾਨ ਸਿੰਘ ਪੰਜਹੱਥਾ ਦੀਆਂ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ। ਤਸਵੀਰਾਂ ਤੋਂ ਪਰਦਾ ਹਟਾਉਣ ਦੀ ਰਸਮ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਨਿਭਾਈ, ਜਦਕਿ ਇਸ ਮੌਕੇ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਗਿਆਨੀ ਗੁਰਮਿੰਦਰ ਸਿੰਘ, ਗਿਆਨੀ ਪਰਵਿੰਦਰਪਾਲ ਸਿੰਘ, ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ, ਬਾਬਾ ਜੋਗਾ ਸਿੰਘ ਮੁਖੀ ਤਰਨਾ ਦਲ ਬਾਬਾ ਬਕਾਲਾ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ ਤੇ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲੇ ਆਦਿ ਮੌਜੂਦ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਥਕ ਖੇਤਰ ਵਿਚ ਸਮੇਂ-ਸਮੇਂ ਸੇਵਾਵਾਂ ਨਿਭਾਉਣ ਵਾਲੀਆਂ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਕੇਂਦਰੀ ਸਿੱਖ ਅਜਾਇਬ ਘਰ ਵਿਚ ਲਗਾ ਕੇ ਸਿੱਖ ਕੌਮ ਦੀ ਸਿਰਮੌਰ ਸੰਸਥਾ ਵੱਲੋਂ ਉਨ੍ਹਾਂ ਦਾ ਸਤਿਕਾਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅੱਜ ਜੋ ਤਸਵੀਰਾਂ ਸੁਸ਼ੋਭਿਤ ਕੀਤੀਆਂ ਗਈਆਂ ਹਨ, ਉਨ੍ਹਾਂ ਵਿਚ ਬਾਬਾ ਬਿਧੀ ਚੰਧ ਸੰਪ੍ਰਦਾ ਦੇ ਮੁਖੀ ਸੱਚਖੰਡ ਵਾਸੀ ਬਾਬਾ ਦਯਾ ਸਿੰਘ ਨੇ ਦੇਸ਼ਾਂ ਵਿਦੇਸ਼ਾਂ ਵਿਚ ਵਿਚਰ ਕੇ ਗੁਰਸਿੱਖੀ ਦਾ ਪ੍ਰਚਾਰ ਪ੍ਰਸਾਰ ਕੀਤਾ ਅਤੇ ਬੇਅੰਤ ਪ੍ਰਾਣੀਆਂ ਨੂੰ ਅੰਮ੍ਰਿਤਪਾਨ ਕਰਵਾ ਕੇ ਗੁਰੂ ਲੜ ਲਾਇਆ। ਬਾਬਾ ਜੀ ਨੇ ਜੀਵਨ ਭਰ ਜਥੇਬੰਦੀ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸਮਰਪਿਤ ਰਹਿ ਕੇ ਮਹਾਨ ਸੇਵਾਵਾਂ ਨਿਭਾਈਆਂ। ਇਸ ਤਰ੍ਹਾਂ ਮਹਾਰਾਜਾ ਰਣਜੀਤ ਸਿੰਘ ਦੀ ਫ਼ੌਜ ਦੇ ਬਹਾਦਰ ਸਿੱਖ ਜਰਨੈਲ ਸ. ਨਿਧਾਨ ਸਿੰਘ ਪੰਜਹੱਥਾ ਨੇ ਸੰਨ 1823 ਈ: ਵਿਚ ਨੌਸ਼ਹਿਰੇ ਦੀ ਜੰਗ ਵਿਚ ਆਪਣੀ ਵੀਰਤਾ ਦੇ ਜ਼ੌਹਰ ਦਿਖਾਉਂਦੇ ਹੋਏ ਪੰਜ ਦੁਸ਼ਮਣ ਪਠਾਣ ਜਰਨੈਲਾਂ ਨੂੰ ਮਾਰ ਕੇ ਉਨ੍ਹਾਂ ਤੋਂ ਖੋਹੀਆਂ ਪੰਜ ਤਲਵਾਰਾਂ ਮਹਾਰਾਜਾ ਰਣਜੀਤ ਸਿੰਘ ਨੂੰ ਪੇਸ਼ ਕੀਤੀਆਂ ਸਨ, ਜਿਸ ਬਦਲੇ ਮਹਾਰਾਜਾ ਰਣਜੀਤ ਸਿੰਘ ਨੇ ਉਨ੍ਹਾਂ ਨੂੰ ਇਨਾਮ ਵਜੋਂ ਬਖ਼ਸ਼ੀ ਪੰਜ ਹਜ਼ਾਰ ਰੁਪਏ ਦੀ ਜਗੀਰ ਤੇ ਪੰਜ ਹੱਥੇ ਦਾ ਖ਼ਿਤਾਬ ਦਿੱਤਾ। ਉਨ੍ਹਾਂ ਕਿਹਾ ਕਿ ਸ. ਨਿਧਾਨ ਸਿੰਘ ਸਿੱਖ ਰਾਜ ਵਿਚ ਬਣੀ ਪੰਜ ਮੈਂਬਰੀ ਕੌਂਸਲ ਦੇ ਮੈਂਬਰ ਬਣੇ ਅਤੇ ਪੇਸ਼ਾਵਰ ਦੀ ਮੁਹਿੰਮ ਵਿਚ ਵੀ ਅਹਿਮ ਯੋਗਦਾਨ ਪਾਉਂਦਿਆਂ ਸਾਰੀ ਉਮਰ ਸਿੱਖ ਰਾਜ ਦੀ ਸੁਰੱਖਿਆ ਤੇ ਸਲਾਮਤੀ ਦੇ ਪਹਿਰੇਦਾਰ ਰਹੇ।

ਇਸੇ ਦੌਰਾਨ ਜਥੇਦਾਰ ਗਿਆਨੀ ਸੁਲਤਾਨ ਸਿੰਘ ਤੇ ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਨੇ ਵੀ ਸੰਬੋਧਨ ਕਰਦਿਆਂ ਤਸਵੀਰਾਂ ਲੱਗਣ ਵਾਲੀਆਂ ਸ਼ਖ਼ਸੀਅਤਾਂ ਦੇ ਜੀਵਨ ਬਾਰੇ ਵਿਚਾਰ ਪ੍ਰਗਟਾਏ। ਇਸ ਮੌਕੇ ਪੁੱਜੀਆਂ ਸ਼ਖ਼ਸੀਅਤਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

### ਮੌਜੂਦਾ ਸਰਪੰਚ ਬੀਬੀ ਜਤਿੰਦਰ ਕੌਰ ਦੇ ਗ੍ਰਹਿ ਵਿਖੇ ਸ਼ੁਕਰਾਨਾ ਸਮਾਗਮ 'ਚ ਪਹੁੰਚੇ ਕੈਬਨਿਟ ਮੰਤਰੀ ਸ੍ਰ ਈ ਟੀ ਓ

# ਪਾਰਟੀ ਬਾਜੀ ਤੋਂ ਉਪਰ ਉੱਠ ਕੇ ਕੀਤੇ ਜਾਣ ਪਿੰਡ ਦੇ ਵਿਕਾਸ ਕਾਰਜ ਕੈਬਨਿਟ ਮੰਤਰੀ



**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਮੌਜੂਦਾ ਸਰਪੰਚ ਬੀਬੀ ਜਤਿੰਦਰ ਕੌਰ ਪਤਨੀ ਸ੍ਰ ਜਗਮੋਹਨ ਸਿੰਘ ਆਮ ਆਦਮੀ ਪਾਰਟੀ ਸੀਨੀਅਰ ਆਗੂ ਅਤੇ ਸਮੂਹ ਪ੍ਰੀਵਾਰ ਵੱਲੋਂ ਸਰਪੰਚੀ ਇਲੈਕਸ਼ਨ ਵਿੱਚ ਮਿਲੀ ਜਿੱਤ ਦੀ ਖੁਸ਼ੀ ਵਿੱਚ ਪ੍ਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਹੋਇਆਂ ਬੀਤੇ ਦਿਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨ ਆਪਣੇ ਗ੍ਰਹਿ ਵਿਖੇ ਪਵਾਏ ਅਤੇ ਸ਼ੁਕਰਾਨਾ ਸਮਾਗਮ ਚ ਗੁਰੂ ਘਰ ਦੇ ਗ੍ਰੰਥੀ ਸਿੰਘ ਭਾਈ ਸਵਿੰਦਰ ਸਿੰਘ ਜੀ ਵੱਲੋਂ ਸੁੱਖਾਂ ਦੀ ਮਣੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਗੁਰੂ ਘਰ ਦੇ ਕੀਰਤਨੀ ਜਥੇ ਵੱਲੋ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਦਿਆਂ ਹੋਇਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਕੀਤੀ ਗਈ ਅਰਦਾਸ ਬਾਰੇ ਵੀਚਾਰ ਸਾਂਝੇ ਕਰਦਿਆਂ ਹੋਇਆਂ ਸਮੂਹ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਜੋ ਮਾਂਗਹਿ ਠਾਕੁਰ ਆਪਣੇ ਤੇ ਸੋਈ ਸੋਈ ਦੇਵੈ ਨਾਨਕੁ ਦਾਸੁ ਮੁਖ ਤੇ ਬੋਲੇ ਈਹਾਂ ਊਹਾਂ ਸਚਿ ਹੋਵੈ ਪ੍ਰਕਾਸ਼ ਮਾਣ ਸ਼ਬਦ ਨੂੰ ਗ੍ਰਹਿਣ ਕਰਨ ਲਈ ਪ੍ਰੇਰਿਤ ਕੀਤਾ ਅਤੇ ਭੋਗ ਤੋਂ ਉਪਰੰਤ ਗੁਰੂ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਹੁਕਮਨਾਮੇ ਤੋਂ ਉਪਰੰਤ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਾਈ ਗਈ ਅਤੇ ਇਸ ਮੌਕੇ ਸਰਪੰਚ ਬੀਬੀ ਜਤਿੰਦਰ ਕੌਰ ਅਤੇ ਸ੍ਰ ਜਗਮੋਹਨ ਸਿੰਘ ਵੱਲੋਂ ਸਮੂਹ ਨਗਰ ਨਿਵਾਸੀ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਜੋ ਸੇਵਾ ਦਾ ਮੌਕਾ ਪਿੰਡ ਤਾਰਾਗੜ੍ਹ ਵਾਸੀਆਂ ਨੇ ਉਨ੍ਹਾਂ ਨੂੰ ਬਖਸ਼ਿਆ ਹੈ ਉਸ ਤੇ ਚੱਲਣ ਦਾ ਯਤਨ ਕਰਨਗੇ ਇਸ ਮੌਕੇ ਵਿਸ਼ੇਸ਼ ਤੌਰ ਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ, ਸਰਬਜੀਤ ਸਿੰਘ ਡਿੰਪੀ, ਨਰੇਸ਼ ਪਾਠਕ, ਮਨਿੰਦਰ ਸਿੰਘ ਮਣੀ,ਈ ਟੀ ਓ ਦੇ ਭਰਾ ਸਤਿੰਦਰ ਸਿੰਘ ਨੇ ਹਾਜ਼ਰੀਆਂ ਭਰੀਆਂ ਅਤੇ ਪਿੰਡ ਤਾਰਾਗੜ੍ਹ ਦੀ ਪੰਚਾਇਤ ਨੂੰ ਪਾਰਟੀ ਬਾਜੀ ਤੋਂ ਉਪਰ ਉੱਠ ਕੇ ਅਤੇ ਪੂਰੀ ਇਮਾਨਦਾਰੀ ਨਾਲ ਵਿਕਾਸ ਕਾਰਜ ਕਰਨ ਲਈ ਅਪੀਲ ਕੀਤੀ 9 ਇਸ ਮੌਕੇ ਪੰਚ ਦਲਜੀਤ ਕੌਰ ਪਤਨੀ ਦਵਿੰਦਰ ਸਿੰਘ ਗਿੱਲ, ਪੰਚ ਜਸਵਿੰਦਰ ਕੌਰ ਪਤਨੀ ਦਿਲਬਾਗ ਸਿੰਘ ਮੋਨੂੰ , ਪੰਚ ਹਰਪਾਲ ਸਿੰਘ ਬਿਟੂ ਥਿੰਦ ,ਪੰਚ ਹਰਪ੍ਰੀਤ ਕੌਰ ਪਤਨੀ ਤੇਜਿੰਦਰ ਸਿੰਘ ,ਪੰਚ ਗੁਲਜ਼ਾਰ ਸਿੰਘ,ਪੰਚ ਰਮਨਦੀਪ ਕੌਲ ਪਤਨੀ ਗੁਰਬੀਰ ਸਿੰਘ ਹਾਂਡਾ,ਪੰਚ ਜਗਦੀਪ ਸਿੰਘ ਹੈਪੀ, ਪੰਚ ਰੁਪਿੰਦਰ ਸਿੰਘ ਆਦਿ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਜੰਡਿਆਲਾ ਪ੍ਰੈਸ ਕਲੱਬ ਦੀ ਹੋਈ ਮੀਟਿੰਗ 'ਚ ਕੁਝ ਮੁੱਦਿਆਂ ਤੇ ਕੀਤਾ ਵਿਚਾਰ-ਵਟਾਂਦਰਾ ਅਗਲੀ ਮੀਟਿੰਗ ਚ ਕੀਤੀਆਂ ਜਾਣਗੀਆਂ ਨਿਯੁਕਤੀਆਂ




**ਜੰਡਿਆਲਾ ਗੁਰੂ, 25 ਨਵੰਬਰ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਦੇਰ ਸ਼ਾਮ ਜੰਡਿਆਲਾ ਪ੍ਰੈਸ ਕਲੱਬ ਦੀ ਇੱਕ ਹੰਗਾਮੀ ਮੀਟਿੰਗ ਸਥਾਨਕ ਹੋਟਲ ਤੇਜ ਗ੍ਰੈਂਡ ਵਿਖੇ ਹੋਈ, ਜਿਸ ਵਿਚ ਪ੍ਰੈਸ ਕਲੱਬ ਦੀਆਂ ਗਤੀਵਿਧੀਆਂ ਉਪਰ ਵੱਖ ਵੱਖ ਮੈਂਬਰਾਂ ਵੱਲੋਂ ਆਪਣੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ ਗਏ ਅਤੇ ਇਸ ਮੌਕੇ ਕਲੱਬ ਦੇ ਪ੍ਰਧਾਨ ਸ੍ਰ ਵਰਿੰਦਰ ਸਿੰਘ ਮਲਹੋਤਰਾ ਅਤੇ ਚੇਅਰਮੈਨ ਸ੍ਰੀ ਸੁਨੀਲ ਦੇਵਗਨ ਨੇ ਇਕ ਸਾਂਝੇ ਬਿਆਨ ਵਿਚ ਕਲੱਬ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਕਿ ਹਰ ਇੱਕ ਮੈਂਬਰ ਆਪਣੀ ਗੱਲ ਕਰਨ ਦਾ ਹੱਕਦਾਰ ਹੈ ਅਤੇ ਇਸ ਵਾਰ ਜਿਵੇਂ ਕਲਬ ਦੇ ਕਰੀਬ ਸਾਰੇ ਮੈਂਬਰਾਂ ਨੇ ਆਪਣੀ ਹਾਜ਼ਰੀ ਲਗਵਾਈ ਹੈ ਅਤੇ ਆਪਣੇ ਵੀਚਾਰ ਸਾਂਝੇ ਕੀਤੇ ਹਨ । ਇਸ ਮੌਕੇ ਕਲੱਬ ਦੇ ਮੈਂਬਰ ਸ੍ਰ ਕੁਲਵੰਤ ਸਿੰਘ ਵਿਰਦੀ ਨੇ ਕਿਹਾ ਕਿ ਜਲਦੀ ਹੀ ਆਉਣ ਵਾਲੇ ਦਿਨਾਂ ਵਿੱਚ ਇੱਕ ਹੋਰ ਵੱਡੀ ਮੀਟਿੰਗ ਕੀਤੀ ਜਾਵੇਗੀ ਜਿਸ ਵਿਚ ਜਨਤਾ ਨੂੰ ਆਉਂਦੀਆਂ ਮੁਸ਼ਿਕਲਾਂ ਸਬੰਧੀ ਪੁਲਿਸ ਅਤੇ ਹੋਰ ਵਿਭਾਗਾਂ ਦੇ ਉੱਚ ਅਧਿਕਾਰੀਆਂ ਨੂੰ ਜਾਣੂ ਕਰਵਾਇਆ ਜਾਵੇਗਾ । ਅਤੇ ਨਵੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ 9ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪਰਦੀਪ ਜੈਨ ਜਨਰਲ ਸੈਕਟਰੀ, ਹਰਿੰਦਰਪਾਲ ਸਿੰਘ, ਅਨਿਲ ਕੁਮਾਰ , ਸੋਨੂੰ ਮਿਗਲਾਨੀ, ਮੁਨੀਸ਼ ਕੁਮਾਰ, ਅੰਗਰੇਜ ਸੂਰੀ, ਰਾਕੇਸ਼ ਕੁਮਾਰ, ਸੁਖਦੇਵ ਸਿੰਘ ਟਾਂਗਰਾ, ਕੰਵਲਜੀਤ ਸਿੰਘ ਤਰਸਿੱਕਾ ਆਦਿ ਹਾਜਰ ਸਨ।

# ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਭਰੀ ਹਾਜ਼ਰੀ



**ਤਲਵੰਡੀ ਸਾਬੋ, 25 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਦੀ ਟਿਕਟ 'ਤੇ ਚੋਣ ਲੜ ਚੁੱਕੇ ਸੀਨੀਅਰ ਕਾਂਗਰਸੀ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੇ ਸਪੁੱਤਰ ਅਤੇ ਪਿਛਲੇ ਕਾਫੀ ਸਮੇਂ ਤੋਂ ਖੇਤਰ ਚ ਵਿਚਰਦੇ ਆ ਰਹੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਕਈ ਥਾਈਂ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ ਚ ਹਾਜ਼ਰੀ ਭਰੀ। ਲੋਕਾਂ ਦੇ ਖੁਸ਼ੀ/ਗਮੀ ਦੇ ਪ੍ਰੋਗਰਾਮਾਂ ਚ ਹਾਜ਼ਰੀ ਭਰਨ ਉਪਰੰਤ ਗੁਰਬਾਜ਼ ਸਿੰਘ ਸਿੱਧੂ ਨੇ ਗੱਲਬਾਤ ਕਰਦਿਆਂ ਕਿਹਾ ਕਿ ਹਲਕਾ ਤਲਵੰਡੀ ਸਾਬੋ 'ਚ ਮੌਜੂਦਾ ਸਰਕਾਰ ਨੇ ਆਪਣੇ ਪਿਛਲੇ ਢਾਈ ਸਾਲ ਦੇ ਕਾਰਜਕਾਲ ਦੌਰਾਨ ਨਾਂ ਤਾਂ ਵਿਕਾਸ ਦਾ ਕੋਈ ਕੰਮ ਕਰਵਾਇਆ ਅਤੇ ਨਾ ਹੀ ਲੋਕ ਭਲਾਈ ਸਕੀਮਾਂ ਹੀ ਨਿਰੰਤਰ ਢੰਗ ਨਾਲ ਚੱਲ ਸਕੀਆਂ। ਉਨਾਂ ਕਿਹਾ ਕਿ ਬੀਬੀਆਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੇ ਜਿਸ ਵਾਇਦੇ ਨਾਲ ਆਮ ਆਦਮੀ ਪਾਰਟੀ ਪੰਜਾਬ ਦੀ ਸੱਤਾ ਤੇ ਕਾਬਿਜ਼ ਹੋਈ ਸੀ ਉਸਨੂੰ ਵੀ ਅੱਜ ਤੱਕ ਪੂਰਾ ਨਹੀ ਕੀਤਾ ਗਿਆ। ਉਨਾਂ ਕਿਹਾ ਕਿ ਇਸਦਾ ਨਤੀਜਾ ਆਮ ਆਦਮੀ ਪਾਰਟੀ ਨੂੰ ਸਮੁੱਚੇ ਖਿੱਤੇ 'ਚ ਪੰਚਾਇਤੀ ਚੋਣਾਂ ਦੌਰਾਨ ਭੁਗਤਣਾ ਵੀ ਪਿਆ ਕਿ ਲੋਕਾਂ ਨੇ 'ਆਪ' ਪੱਖੀ ਉਮੀਦਵਾਰਾਂ ਨੂੰ ਬੁਰੀ ਤਰ੍ਹਾਂ ਨਕਾਰ ਦਿੱਤਾ। ਉਨਾਂ ਮੰਗ ਕੀਤੀ ਕਿ ਹੁਣ ਸਰਕਾਰ ਦੇ ਨੁਮਾਇੰਦੇ ਨੀਂਦ 'ਚੋਂ ਜਾਗ ਕੇ ਲੋਕਾਂ 'ਚ ਵਿਚਰਨ, ਲੋਕਾਂ ਦੇ ਕੰਮ ਕਾਜ ਕਰਵਾਉਣ ਅਤੇ ਇਲਾਕੇ ਲਈ ਫੰਡ ਮੁਹੱਈਆ ਕਰਵਾਉਣ ਤਾਂਕਿ ਵਿਕਾਸ ਕਾਰਜ ਆਰੰਭ ਹੋ ਸਕਣ। ਇਸ ਮੌਕੇ ਉਨਾਂ ਨਾਲ ਸੀਨੀਅਰ ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਜਗਦੀਪ ਸਿੰਘ ਗੋਦਾਰਾ, ਡੂੰਗਰ ਸਿੰਘ ਸੀਂਗੋ, ਡਾ. ਮਲਕੀਤ ਸਿੰਘ ਮਿਰਜ਼ੇਆਣਾ, ਗੁਰਮੀਤ ਸਿੰਘ ਜਗਾ ਰਾਮ ਤੀਰਥ, ਦਰਸ਼ਨ ਸਿੰਘ ਗਿੱਲ, ਹਰਪਾਲ ਸਿੰਘ ਗਾਟਵਾਲੀ ਆਦਿ ਆਗੂ ਮੌਜੂਦ ਸਨ।




ਜਨਮ ਦਿਨ ਮੁਬਾਰਕ
ਵਾਨੀ ਸੰਘਾ
ਪਿਤਾ ਹਰਜਿੰਦਰ ਸਿੰਘ ਸੰਘਾ
ਮਾਤਾ ਕੋਮਲਪ੍ਰੀਤ ਕੌਰ ਸੰਘਾ
ਵਾਸੀ ਕਨੇਡਾ
ਆਵਾਜ਼ਿ ਕੌਮ AWAZE QAUM International Newspaper & WEB TV


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਰਕਾਰ ਜੀ ਬੱਚਿਆਂ ਲਈ ਸੋਸ਼ਲ ਮੀਡੀਆ 'ਤੇ ਪਾਬੰਦੀ ਲਗਾ ਕੇ ਭਾਰਤ ਦਾ ਭਵਿੱਖ ਬਚਾਓ : ਸ਼ਰਮਾ

# ਐਸਾ ਨਾ ਹੋਵੇ ਕਿ ਕੱਲ੍ਹ ਨੂੰ ਪਛਤਾਉਣਾ ਪਵੇਗਾ : ਪੀ.ਡੀ. ਸ਼ਰਮਾ



**ਫ਼ਿਰੋਜ਼ਪੁਰ, 25 ਨਵੰਬਰ (ਮਨੋਹਰ ਲਾਲ) :—** ਕਿੰਨੀ ਅਜੀਬ ਵਿਡੰਬਨਾ ਹੈ ਕਿ ਭਾਰਤ ਵਰਗਾ ਦੇਸ਼ ਜਿਸ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਈ ਦੇਸ਼ਾਂ ਨੇ ਸਰਵਉੱਚ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਹੈ। ਉਹ ਭਾਰਤ ਦੇ ਵਿਕਾਸ ਲਈ ਹਮੇਸ਼ਾ ਤਿਆਰ ਰਹਿੰਦੇ ਹਨ, ਉਹ ਭਾਰਤ ਦੇਸ਼ ਦੀ ਵਿਰਾਸਤ ਵੱਲ ਧਿਆਨ ਕਿਉਂ ਨਹੀਂ ਦੇ ਰਹੇ, ਪਤਾ ਨਹੀਂ ਇਸ ਦਾ ਕਾਰਨ ਕੀ ਹੈ, ਪਰ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ, ਸਾਡੇ ਬੱਚੇ, ਸੋਸ਼ਲ ਮੀਡੀਆ ਤੋਂ ਬਹੁਤ ਸਾਰੀਆਂ ਗਲਤ ਗੱਲਾਂ ਸਿੱਖ ਰਹੇ ਹਨ, ਜਿਸ ਕਾਰਨ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਵਿਗੜ ਜਾਣ ਦਾ ਡਰ ਹੈ। ਸਾਨੂੰ ਅੱਜ ਆਪਣੇ ਵਿਰਸੇ ਬਾਰੇ ਸੋਚਣਾ ਚਾਹੀਦਾ ਹੈ ਕਿ ਕੱਲ੍ਹ ਸਾਡੇ ਬੱਚੇ ਕੀ ਬਣਨਗੇ। ਗੱਲਬਾਤ ਕਰਦਿਆਂ ਪੀ.ਡੀ ਸ਼ਰਮਾ ਨੇ ਕਿਹਾ ਕਿ ਮੈਂ ਅੱਜ ਪੰਜਾਬ ਕੇਸਰੀ ਅਖਬਾਰ ਵਿੱਚ ਪੜ੍ਹ ਰਿਹਾ ਸੀ ਕਿ ਆਸਟ੍ਰੇਲੀਆ ਦੇ ਸੰਸਦ ਨੇ 16 ਸਾਲ ਤੱਕ ਦੇ ਬੱਚਿਆਂ ਲਈ ਸੋਸ਼ਲ ਮੀਡੀਆ ਤੇ ਪਾਬੰਦੀ ਲਗਾਉਣ ਦੀ ਤਿਆਰੀ ਕਰ ਲਈ ਹੈ। ਉਨ੍ਹਾਂ ਨੇ ਸੰਸਦ ਚ ਇਕ ਬਿੱਲ ਪੇਸ਼ ਕੀਤਾ ਹੈ ਜੋ 16 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਸੋਸ਼ਲ ਮੀਡੀਆ ਤੋਂ ਦੂਰ ਰੱਖੇਗਾ। ਇਹ ਬਿੱਲ ਪਾਸ ਹੋਣ ਤੇ ਹੀ ਇਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਹਮਣੇ ਆਵੇਗੀ। ਇਸ ਵਿੱਚ ਕੋਈ ਸ਼ੱਕ ਨਹੀਂ ਕਿ ਭਾਰਤ ਦੇਸ਼ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਦਿੱਤੇ ਜਾ ਰਹੇ ਸੰਸਕਾਰਾਂ ਵਿੱਚ ਸਰਵਉੱਚ ਮੰਨਿਆ ਜਾਂਦਾ ਹੈ। ਭਵਿੱਖ ਨੂੰ ਦੇਖਦੇ ਹੋਏ ਮੈਨੂੰ ਡਰ ਲੱਗਦਾ ਹੈ ਬੱਚਿਆਂ ਨੂੰ ਦੇਣ ਵਾਲੇ ਸੰਸਕਾਰ ਇਨ੍ਹਾਂ ਸੋਸ਼ਲ ਮੀਡੀਆ, ਫੇਸਬੁੱਕ, ਯੂਟਿਊਬ, ਇੰਸਟਾਗ੍ਰਾਮ, ਟਿੱਕਟੌਕ ਅਤੇ ਹੋਰ ਅਜਿਹੇ ਅਕਾਊਂਟਸ ਦਾ ਬੱਚਿਆਂ ਤੇ ਕਿਹੋ ਜਿਹਾ ਪ੍ਰਭਾਵ ਪੈ ਰਿਹਾ ਹੈ, ਇਸ ਬਾਰੇ ਪੂਰੀ ਤਰ੍ਹਾਂ ਕਹਿ ਪਾਣਾ ਮੁਸ਼ਕਿਲ ਹੈ ਪਰ ਇਨ੍ਹਾਂ ਦੇ ਪੈਣ ਵਾਲੇ ਪ੍ਰਭਾਵ ਸਾਡੇ ਬੱਚਿਆਂ ਦਾ ਭਵਿੱਖ ਤੇ ਦੇਸ਼ ਦਾ ਭਵਿੱਖ ਖਰਾਬ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਬੇਸ਼ੱਕ ਇੰਨ੍ਹਾਂ ਸੋਸ਼ਲ ਮੀਡੀਆ ਅਕਾਊਂਟਸ ਦੇ ਕੁਝ ਫਾਇਦੇ ਵੀ ਹਨ ਪਰ ਇਸ ਸਮੇਂ ਵਿਚਾਰਨ ਵਾਲੀ ਗੱਲ ਇਹ ਹੈ ਕਿ ਸੋਸ਼ਲ ਮੀਡੀਆ ਤੇ ਚੱਲ ਰਹੇ ਇਨ੍ਹਾਂ ਅਕਾਊਂਟਸ ਦਾ ਬੱਚਿਆਂ ਤੇ ਕੀ ਪ੍ਰਭਾਵ ਪੈ ਰਿਹਾ ਹੈ ਅਤੇ ਇਹ ਅਕਾਊਂਟ ਸੋਸ਼ਲ ਮੀਡੀਆ ਤੇ ਬੱਚਿਆਂ ਦੀ ਕਿਵੇਂ ਸਹਾਈ ਹੋ ਰਹੇ ਹਨ। ਇਸ ਬਾਰੇ ਸੋਚਣਾ ਬਹੁਤ ਜ਼ਰੂਰੀ ਹੈ। ਜੇਕਰ ਅੰਕੜਿਆਂ ਤੇ ਨਜ਼ਰ ਮਾਰੀਏ ਤਾਂ ਮਿਲੀ ਜਾਣਕਾਰੀ ਅਨੁਸਾਰ ਆਸਟਰੇਲੀਆ ਦੇ ਯੂਜ਼ਰਸ 7.1 ਘੰਟੇ ਤੱਕ ਸਕਰੀਨ ਤੇ ਰਹਿੰਦੇ ਹਨ, ਚੀਨੀ ਯੂਜ਼ਰ 5.3 ਘੰਟੇ ਤੱਕ ਸਕ੍ਰੀਨ ਤੇ ਰਹਿੰਦੇ ਹਨ ਪਰ ਭਾਰਤ ਚ ਇਹ ਯੂਜ਼ਰ 11 ਘੰਟੇ ਤੋਂ ਵੀ ਵੱਧ ਸਮਾਂ ਸਕਰੀਨ ਤੇ ਰਹਿੰਦੇ ਹਨ, ਜਿਹੜਾ ਕਿ ਬਹੁਤ ਹੀ ਘਾਤਕ ਹੈ। ਇੱਥੋਂ ਤੱਕ ਕਿ ਅਮਰੀਕਾ ਅਤੇ ਬ੍ਰਿਟੇਨ ਵਿੱਚ ਔਸਤਨ ਸੋਸ਼ਲ ਮੀਡੀਆ ਤੇ ਲਗਭਗ 7 ਘੰਟੇ ਸਕਰੀਨ ਵਰਤਦੇ ਹਨ ਜਦੋਂ ਕਿ ਭਾਰਤ ਵਿੱਚ ਉਹ ਸੋਸ਼ਲ ਮੀਡੀਆ ਪਲੇਟਫਾਰਮਾਂ ਤੇ ਲਗਭਗ 11 ਘੰਟੇ ਮੌਜੂਦ ਰਹਿੰਦੇ ਹਨ। ਗੱਲਬਾਤ ਕਰਦਿਆਂ ਪੀ.ਡੀ ਸ਼ਰਮਾ ਨੇ ਕਿਹਾ ਕਿ ਹਾਲ ਹੀ ਚ ਸੋਸ਼ਲ ਮੀਡੀਆ ਤੇ ਇਕ ਵਿਅਕਤੀ ਇਸ ਨੂੰ ਨਸ਼ੇ ਨਾਲ ਜੋੜ ਕੇ ਇਸ ਖਤਰੇ ਨੂੰ ਉਜਾਗਰ ਕਰ ਰਿਹਾ ਸੀ, ਉਸ ਦੀ ਗੱਲ ਮੈਨੂੰ ਬਹੁਤ ਵਾਜਬ ਲੱਗੀ ਕਿਉਂਕਿ ਨਸ਼ਿਆਂ ਬਾਰੇ ਗੱਲ ਕਰਦਿਆਂ ਉਸ ਨੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ 'ਤੇ ਜ਼ੋਰ ਦਿੱਤਾ ਸੀ। ਇਸ ਲਈ ਜਦੋਂ ਉਨ੍ਹਾਂ ਦੱਸਿਆ ਕਿ ਇਹ ਨਸ਼ਾ ਅਜਿਹਾ ਹੈ ਕਿ ਸਾਡਾ ਹਰ ਵਿਅਕਤੀ ਭਾਵੇਂ ਉਹ 2 ਸਾਲ ਜਾਂ 3 ਸਾਲ ਦਾ ਬੱਚਾ ਸੀ ਕਿਉਂ ਨਾ ਹੋਵੇ ਜਾਂ ਫਿਰ ਇਸ ਤੋਂ ਵੱਡਾ ਕਿੰਨੀ ਵੀ ਉਮਰ ਦਾ ਬਜ਼ੁਰਗ ਹੋਵੇ ਇਹ ਨਸ਼ਾ ਖੁੱਲ੍ਹੇਆਮ ਕਰ ਰਿਹਾ ਹੈ ਅਤੇ ਕੋਈ ਹੋਰ ਉਸ ਨੂੰ ਇਹ ਨਸ਼ਾ ਨਹੀਂ ਦੇ ਰਿਹਾ ਸਗੋਂ ਉਨ੍ਹਾਂ ਦਾ ਆਪਣਾ ਹੀ ਪਰਿਵਾਰ ਇਸ ਨੂੰ ਦੇ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਂ ਤੁਹਾਨੂੰ ਦੱਸਣਾ ਚਾਹਾਂਗਾ ਕਿ ਭਾਵੇਂ ਇਹ ਸੋਸ਼ਲ ਮੀਡੀਆ ਵਿੱਚ ਮੋਬਾਇਲ ਦੇ ਚਲਨ ਦਾ ਜਨਮ ਕੋਰੋਨਾ ਦੇ ਦੌਰ ਚ ਹੋਇਆ ਸੀ ਜਦੋਂ ਸਕੂਲ ਬੰਦ ਕਰ ਦਿੱਤਾ ਗਿਆ ਸਨ ਅਤੇ ਕਲਾਸਾਂ ਨੂੰ ਆਨਲਾਈਨ ਲਗਾਉਣ ਦੀ ਹਦਾਇਤ ਕੀਤੀ ਗਈ ਸੀ। ਆਨਲਾਈਨ ਕਲਾਸਾਂ ਦੇ ਬਹਾਨੇ ਮੋਬਾਈਲ ਬੱਚਿਆਂ ਦੇ ਹੱਥਾਂ ਵਿੱਚ ਮਾਤਾ ਪਿਤਾ ਵੱਲੋਂ ਹੀ ਦੇ ਦਿੱਤੇ ਗਏ ਸਨ, ਜਿਸ ਦਾ ਨਤੀਜਾ ਇਹ ਹੋ ਰਿਹਾ ਹੈ ਕਿ ਮੋਬਾਈਲ ਬੱਚਿਆਂ ਦੇ ਹੱਥਾਂ ਵਿੱਚੋਂ ਛਡਾਉਣੇ ਮਾਪਿਆਂ ਲਈ ਕਿਹੜੀ ਖੀਰ ਬਣਦੇ ਜਾ ਰਹੇ ਹਨ, ਪਰ ਅਸੀਂ ਸਕੂਲਾਂ ਦੇ ਨਾਲ—ਨਾਲ ਇਸ ਨੂੰ ਉਤਸ਼ਾਹਿਤ ਕਰਨ ਚ ਵੀ ਦੋਸ਼ੀ ਬਣ ਜਾਂਦੇ ਹਾਂ। ਸਕੂਲਾਂ ਨੇ ਆਨਲਾਈਨ ਕਲਾਸਾਂ ਦੇ ਨਾਂ ਤੇ ਅਧਿਆਪਕਾਂ ਦਾ ਕੰਮ ਬਹੁਤ ਆਸਾਨ ਕਰ ਦਿੱਤਾ ਹੈ। ਜੇਕਰ ਉਸ ਦੇ ਹੱਥ ਵਿੱਚ ਮੋਬਾਈਲ ਹੋਵੇ ਤਾਂ ਮੋਬਾਈਲ ਵਿੱਚ ਸਿਰਫ਼ 2 ਮਿੰਟ ਦਾ ਮੈਸੇਜ ਦੇਖਣ ਲਈ ਉਹ ਇਧਰ—ਉਧਰ ਦੀਆਂ ਗੇਮਾਂ ਖੇਡਣ ਅਤੇ ਕਈ ਬੁਰੀਆਂ ਆਦਤਾਂ ਸਿੱਖਣ ਵਿੱਚ ਸਮਾਂ ਬਿਤਾਉਣ ਲੱਗੇ ਹਨ, ਸਿਰਫ ਇਹ ਹੀ ਨਹੀਂ ਸੋਸ਼ਲ ਮੀਡੀਆ ਬੱਚਿਆਂ ਕੋਲ ਕਿਸ ਤਰਾਂ ਦਾ ਮਟੀਰੀਅਲ ਬੱਚਿਆਂ ਨੂੰ ਪਰੋਸ ਰਿਹਾ ਹੈ ਜੋ ਬੱਚਿਆਂ ਲਈ ਬਹੁਤ ਹੀ ਘਾਤਕ ਸਿੱਧ ਹੋ ਸਕਦਾ ਹੈ ਤੇ ਬੱਚਿਆਂ ਨੂੰ ਪੜ੍ਹਾਈ ਤੋਂ ਕੋਸੋ ਦੂਰ ਲੈ ਜਾ ਸਕਦਾ ਹੈ। ਇਸ ਤਰ੍ਹਾਂ ਦੀਆਂ ਸਾਈਟਸ ਬੱਚਿਆਂ ਨੂੰ ਹਰ ਤਰ੍ਹਾਂ ਦੀ ਚੰਗੀ—ਮਾੜੀ ਜਾਣਕਾਰੀ ਦੇ ਰਹੀਆਂ ਹਨ ਪਰ ਇਸ ਗੱਲ ਦੀ ਕੀ ਗਾਰੰਟੀ ਹੈ ਕਿ ਬੱਚੇ ਸਿਰਫ ਚੰਗਾ ਹੀ ਦੇਖ ਰਹੇ ਹਨ ਕਿਉਂਕਿ ਬੱਚੇ ਚੰਗੇ ਵੱਲ ਘੱਟ ਧਿਆਨ ਦੇਣਗੇ ਅਤੇ ਬੁਰਾ ਪ੍ਰਭਾਵ ਜ਼ਿਆਦਾ ਪਾਉਣਗੇ। ਸੀਨੀਅਰ ਸਿਟੀਜਨ ਕੌਂਸਲ ਫ਼ਿਰੋਜ਼ਪੁਰ ਦੇ ਪ੍ਰਧਾਨ ਪੀ.ਡੀ ਸ਼ਰਮਾ ਨੇ ਕਿਹਾ ਕਿ ਅੱਜ ਕਿੰਨਾ ਅਜੀਬ ਹੋ ਗਿਆ ਹੈ ਜਦੋਂ ਕੋਰੋਨਾ ਕਾਲ ਖਤਮ ਹੋ ਗਿਆ ਸੀ ਪਰ ਹੁਣ ਮਾਪਿਆਂ ਦੇ ਵੱਸ ਵਿੱਚ ਨਹੀਂ ਰਿਹਾ ਕਿ ਉਹ ਆਪਣੇ ਬੱਚਿਆਂ ਦੇ ਹੱਥੋਂ ਮੋਬਾਈਲ ਖੋਹ ਲੈਣ। ਇਹ ਸੋਸ਼ਲ ਮੀਡੀਆ ਸਾਈਟਾਂ ਬੱਚਿਆਂ ਲਈ ਕਿੰਨਾ ਖ਼ਤਰਨਾਕ ਬਣਦਾ ਜਾ ਰਿਹਾ ਹੈ ਅਤੇ ਇਹ ਬੱਚਿਆਂ ਦੀ ਸੂਝ—ਬੂਝ ਵਿਚ ਵਧੇਰੇ ਦਿਲਚਸਪੀ ਵਾਲੀ ਗੱਲ ਹੈ ਕਿ ਸਾਨੂੰ ਇਸ ਦਾ ਨਤੀਜਾ ਕੁਝ ਸਾਲਾਂ ਬਾਅਦ ਮਿਲਣ ਵਾਲਾ ਹੈ। ਮਾਪੇ ਬੱਚਿਆਂ ਨੂੰ ਕੀ ਬਣਾਉਣਾ ਚਾਹੁੰਦੇ ਹਨ ਪਰ ਬੱਚੇ ਕੀ ਬਣ ਗਏ ਹਨ, ਇਸ ਲਈ ਮੈਂ ਮਾਨਯੋਗ ਪ੍ਰਧਾਨ ਮੰਤਰੀ ਨੂੰ ਬੇਨਤੀ ਕਰਾਂਗਾ ਕਿ ਉਹ ਆਸਟ੍ਰੇਲੀਅਨ ਤੇ ਦੂਜੇ ਦੇਸ਼ਾਂ ਵਾਂਗ ਅੱਗੇ ਵਧ ਕੇ ਕੋਸ਼ਿਸ਼ ਕਰਨ ਅਤੇ 16 ਸਾਲ ਦੀ ਬਜਾਏ 18 ਸਾਲ ਤੱਕ ਦੇ ਬੱਚਿਆਂ ਨੂੰ ਇਸ ਸੋਸ਼ਲ ਮੀਡੀਆ ਦੇ ਨਸ਼ੇ ਤੋਂ ਦੂਰ ਕਰਨ ਲਈ ਬਿੱਲ ਪਾਸ ਕਰਨ, ਜਿਸ ਨਾਲ ਇਨ੍ਹਾਂ ਬੱਚਿਆਂ ਦਾ ਭਵਿੱਖ ਖਰਾਬ ਹੋਣ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਦੇਸ਼ ਦਾ ਭਵਿੱਖ ਸਾਡੇ ਬੱਚੇ ਜਿਨ੍ਹਾਂ ਨੇ ਕਦਰਾਂ—ਕੀਮਤਾਂ ਨੂੰ ਪਿਆਰ ਕਰਨਾ ਹੈ, ਜਿਹਨੇ ਚੰਗੇ ਸੰਸਕਾਰਾਂ ਨਾਲ ਦੇਸ਼ ਨੂੰ ਅੱਗੇ ਵਧਾਉਣਾ ਹੈ, ਜਿਨ੍ਹਾਂ ਨੇ ਆਪਣੇ ਮਾਪਿਆਂ ਦੀਆਂ ਉਮੀਦਾਂ ਤੇ ਖਰਾ ਉਤਰਨਾ ਹੈ, ਜਿਨ੍ਹਾਂ ਨੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਚੰਗੇ ਸੰਸਕਾਰ ਦੇਣੇ ਹਨ, ਉਨ੍ਹਾਂ ਨੂੰ ਇਸ ਖਤਰਨਾਕ ਨਸ਼ੇ ਤੋਂ ਬਚਾਉਣ ਲਈ ਉਪਰਾਲੇ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ ਨਹੀਂ ਤਾਂ ਭਾਰਤ, ਜਿਸ ਨੂੰ ਕਦਰਾ—ਕੀਮਤਾਂ ਦਾ ਦੇਸ਼ ਕਿਹਾ ਜਾਂਦਾ ਸੀ, ਜਿਸ ਨੂੰ ਸੰਸਕਾਰਾਂ ਦਾ ਦੇਸ਼ ਕਿਹਾ ਜਾਂਦਾ ਹੈ ਉਸ ਦੇਸ਼ ਦਾ ਭਵਿੱਖ ਇਨ੍ਹਾਂ ਕਾਰਨਾਂ ਕਰਕੇ ਖਤਰੇ ਵਿੱਚ ਨਾ ਪੈ ਜਾਵੇ। ਇਸ ਲਈ ਸਾਨੂੰ ਆਪਣੇ ਅੱਜ ਨੂੰ ਸੰਭਾਲਣਾ ਪਵੇਗਾ ਨਹੀਂ ਤਾਂ ਕਿਤੇ ਕੱਲ ਨੂੰ ਪਛਤਾਣਾ ਨਾ ਪਵੇ।

### ਸੀਨੀਅਰ ਸਿਟੀਜਨ ਫੋਰਮ ਨੇ ਮਹੀਨਾਵਰ ਮੀਟਿੰਗ ਵਿਚ ਬੜੇ ਹੀ ਸੋਹਣੇ ਢੰਗ ਨਾਲ

# ਬਜ਼ੁਰਗਾਂ ਦਾ ਜਨਮ ਦਿਨ ਮਨਾਇਆ ਤੇ ਨਾਲ ਹੀ ਉਨ੍ਹਾਂ ਨੂੰ ਕੀਤਾ ਸਨਮਾਨਿਤ



**ਫ਼ਿਰੋਜ਼ਪੁਰ, 25 ਨਵੰਬਰ (ਮਨੋਹਰ ਲਾਲ) :—**ਸੀਨੀਅਰ ਸਿਟੀਜਨ ਫੋਰਮ ਨੇ ਮਹੀਨਾਵਰ ਮੀਟਿੰਗ ਵਿਚ ਬੜੇ ਵਧੀਆ ਢੰਗ ਨਾਲ ਬਜ਼ੁਰਗਾਂ ਦਾ ਜਨਮ ਦਿਨ ਮਨਾਇਆ ਅਤੇ ਨਾਲ ਹੀ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਇਹ ਮੀਟਿੰਗ ਬਾਗਬਾਨ ਮਖੂ ਗੇਟ ਫ਼ਿਰੋਜ਼ਪੁਰ ਵਿਖੇ ਪਰਦੀਪ ਧਵਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਤੇ ਚੇਅਰਮੈਨ ਐਸ.ਪੀ ਖੇੜਾ, ਪ੍ਰਧਾਨ ਪਰਦੀਪ ਧਵਨ, ਜਨਰਲ ਸਕੱਤਰ ਸਤੀਸ਼ ਪੁਰੀ, ਕੈਸ਼ੀਅਰ ਅਵਤਾਰ ਸਿੰਘ, ਪੈਟਰਨ ਸ਼ਾਮ ਲਾਲ ਕੱਕੜ, ਦੇਸ ਤੁਲੀ, ਵਿਨੋਦ ਗੋਇਲ ਸੀਨੀਅਰ ਵਾਈਸ ਪ੍ਰਧਾਨ, ਰਮੇਸ਼ ਅਗਰਵਾਲ, ਤਿਲਕ ਰਾਜ ਏਰੀ, ਸ਼ਾਮ ਲਾਲ ਗੱਖੜ, ਪਰਵੀਨ ਧਵਨ, ਸੁਭਾਸ਼ ਚੋਧਰੀ, ਸੁਰਿੰਦਰ ਬਿਲਾਸੀ, ਅਸ਼ੋਕ ਸ਼ਰਮਾ ਪ੍ਰੈਸ ਸਕੱਤਰ, ਹਰੀਸ਼ ਮੌਂਗਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਜਿਨ੍ਹਾਂ ਦਾ ਜਨਮ ਦਿਨ ਸੀ, ਉਨ੍ਹਾਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ਵਿਚ ਹਰੀਸ਼ ਮੌਂਗਾ, ਤਿਲਕ ਰਾਜ ਏਰੀ, ਅਸ਼ੋਕ ਕੱਕੜ, ਮਦਨ ਲਾਲ ਤਿਵਾੜੀ, ਮਨੋਹਰ ਲਾਲ ਪੱਤਰਕਾਰ, ਸਤੀਸ਼ ਕਟਾਰੀਆ, ਹੁਕਮ ਚੰਦ ਸ਼ਰਮਾ, ਗਤਿੰਦਰ ਕਮਲ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਤੇ ਗੀਤ, ਸੰਗੀਤ, ਗਾਣੇ ਅਤੇ ਹੋਰ ਕਈ ਤਰ੍ਹਾਂ ਦੇ ਸ਼ਹਿਰ ਦੀਆਂ ਸਮੱਸਿਆ ਬਾਰੇ ਵਿਚਾਰ—ਵਟਾਂਦਰਾ ਕੀਤਾ ਗਿਆ। ਇਸ ਮੌਕੇ ਤੇ ਵੱਖ—ਵੱਖ ਅਹੁਦੇਦਾਰਾਂ, ਮੈਂਬਰਾਂ ਨੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਤੇ ਪਰਦੀਪ ਧਵਨ ਪ੍ਰਧਾਨ ਨੇ ਬੋਲਦਿਆਂ ਕਿਹਾ ਕਿ ਭਾਵੇਂ ਕਿ ਅਸੀਂ ਹੁਣ ਰਿਟਾਇਰਡ ਹੋ ਗਏ ਹਾਂ ਅਤੇ ਉਮਰ ਵੀ 60 ਸਾਲ ਤੋਂ ਉਪਰ ਹੋ ਗਈ ਹੈ। ਸਾਨੂੰ ਆਪਣੇ ਬੱਚਿਆਂ ਵਿਚ ਜਿਆਦਾ ਨੋਕ, ਝੋਕ ਨਹੀਂ ਕਰਨੀ ਚਾਹੀਦੀ, ਕਿਉਂਕਿ ਅਸੀਂ ਆਪਣੀ ਉਮਰ ਵਿਚ ਆਪਣੀ ਮਨਮਰਜੀ ਕਰਦੇ ਰਹੇ, ਪਰ ਹੁਣ ਬੱਚਿਆਂ ਨੂੰ ਆਪਣੀ ਮਰਜੀ ਮੁਤਾਬਿਕ ਚਲਣ ਕਿਉਂ, ਕਿਉਂਕਿ ਆਪਾ ਜਿਆਦਾ ਨੋਕ ਝੋਕ ਕਰਾਂਗੇ ਤਾਂ ਬੱਚੇ ਖਿਚਦੇ ਹਨ, ਇਸ ਲਈ ਸਾਨੂੰ ਸਮੇਂ ਮੁਤਾਬਿਕ ਆਪਣੇ ਆਪ ਨੂੰ ਢਾਲਣਾ ਚਾਹੀਦਾ ਹੈ। ਇਸ ਮੌਕੇ ਤੇ ਜਿਨ੍ਹਾਂ—ਜਿਨ੍ਹਾਂ ਸਖਸ਼ੀਅਤਾਂ ਦਾ ਜਨਮ ਦਿਨ ਸੀ, ਇਸ ਮਹੀਨੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਕਈ ਨਵੇਂ ਮੈਂਬਰ ਜਿਵੇਂ ਕਿ ਰਮੇਸ਼ ਬਜਾਜ ਨਵੇਂ ਆਏ ਹਨ, ਉਨ੍ਹਾਂ ਨੂੰ ਸੀਨੀਅਰ ਸਿਟੀਜਨ ਫੋਰਮ ਵਿਚ ਆਉਣ ਤੇ ਵਧਾਈ ਦਿੱਤੀ। ਇਸ ਮੌਕੇ ਤੇ ਚਾਹ, ਆਈਸ ਕਰੀਮ ਅਤੇ ਬਰੈਡ ਪਕੌੜਿਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਤੇ ਜਿਹੜੇ ਦਸ ਮੈਂਬਰ ਪਹਿਲਾਂ ਆਏ, ਉਨ੍ਹਾਂ ਦਾ ਵੀ ਡਰਾਅ ਕੱਢਿਆ ਗਿਆ, ਜਿਨ੍ਹਾਂ ਵਿਚ ਮਨੋਹਰ ਲਾਲ ਪੱਤਰਕਾਰ ਦਾ ਡਰਾਅ ਨਿਕਲਿਆ, ਜਿਨ੍ਹਾਂ ਨੂੰ ਪਰਦੀਪ ਧਵਨ ਪ੍ਰਧਾਨ ਨੇ ਸਨਮਾਨਿਤ ਕੀਤਾ।

# ਜੈਨੇਸਿਸ ਅਮਨਦੀਪ ਮਲਟੀ ਸਪੈਸ਼ਿਲਟੀ ਹਸਪਤਾਲ ਨੇ ਬੱਚਿਆਂ ਦੇ ਕਰਵਾਏ ਡ੍ਰਾਇੰਗ ਮੁਕਾਬਲੇ



**ਫ਼ਿਰੋਜ਼ਪੁਰ, 25 ਨਵੰਬਰ (ਮਨੋਹਰ ਲਾਲ) :—** ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਮਨੋਰਥ ਨਾਲ ਸਕੂਲੀ ਪੜ੍ਹਾਈ ਦੇ ਮੁਕਾਬਲਿਆਂ ਵਿਚ ਸ਼ਿਰਕਤ ਕਰਨ ਲਈ ਪ੍ਰੇਰਿਤ ਕਰਦਾ ਇਕ ਡ੍ਰਾਇੰਗ ਮੁਕਾਬਲਾ ਜੈਨੇਸਿਸ ਅਮਨਦੀਪ ਹਸਪਤਾਲ ਵੱਲੋਂ ਕਰਵਾਇਆ ਗਿਆ, ਜਿਸ ਵਿਚ ਬੱਚਿਆਂ ਨੂੰ ਆਪਣੀ ਰਚਨਾਤਮਕਤਾ ਦਿਖਾਉਣ ਦਾ ਮੌਕਾ ਮਿਲਿਆ। ਇਹ ਇਵੈਂਟ ਪਹਿਲਾ ਰਾਊਂਡ ਵੱਖ—ਵੱਖ ਸਕੂਲਾਂ ਵਿੱਚ ਹੋਇਆ, ਜਿਸ ਵਿਚ ਦਿਸ਼ਾ ਪਬਲਿਕ ਸੀਨੀ.ਸੈਕੰ. ਸਕੂਲ (ਬੱਗੇ ਕੇ ਪਿੱਪਲ), ਐਸ.ਬੀ.ਐਸ ਪਬਲਿਕ ਸੀਨੀ.ਸੈਕੰ.ਸਕੂਲ (ਕੁੱਲਗੜ੍ਹੀ), ਸੇਂਟ ਸਟੀਫਨ ਕਾਨਵੈਂਟ ਸਕੂਲ (ਕੁੱਲਗੜ੍ਹੀ), ਜੋਗਿੰਦਰਾ ਕੌਨਵੈਂਟ ਸਕੂਲ (ਰੱਤਾ ਖੇੜਾ), ਅਕਾਲ ਅਕੈਡਮੀ ਸਕੂਲ (ਰੱਤਾ ਖੇੜਾ), ਸ਼ਾਂਤੀ ਵਿੱਦਿਆ ਮੰਦਰ (ਸਤੀਏ ਵਾਲਾ) ਅਤੇ ਸਾਹਿਬਜ਼ਾਦਾ ਅਜੀਤ ਸਿੰਘ ਸਕੂਲ (ਬਜੀਦਪੁਰ) ਨੇ ਹਿੱਸਾ ਲਿਆ। ਮੁਕਾਬਲਿਆਂ ਦੌਰਾਨ ਕਲਾਸ 2 ਤੋਂ 4 ਤੱਕ ਦੇ ਬੱਚਿਆਂ ਨੇ ਸੇਵ ਮਦਰ ਅਰਥੌ ਅਤੇ 5 ਸਿਹਤਮੰਦ ਰਹਿਣ ਦੀਆਂ ਆਦਤਾਂ ਬਣਾਓ ਦੇ ਥੀਮਾਂ ਤੇ ਆਪਣੀ ਕਲਪਨਾ ਨਾਲ ਡ੍ਰਾਇੰਗਜ਼ ਬਣਾਈਆਂ। ਹਰ ਸਕੂਲ ਤੋਂ ਚੁਣੀਆਂ ਗਈਆਂ ਸਭ ਤੋਂ ਸ਼ਾਨਦਾਰ ਡ੍ਰਾਇੰਗਜ਼ ਨੂੰ ਫਾਈਨਲ ਰਾਊਂਡ ਲਈ ਹਸਪਤਾਲ ਵਿੱਚ ਬੁਲਾਇਆ ਗਿਆ। ਫਾਈਨਲ ਰਾਊਂਡ ਨੂੰ ਪ੍ਰਸਿੱਧ ਪੈਨਲ ਨੇ ਜੱਜ ਕੀਤਾ ਜਿਸ ਵਿੱਚ ਡਾ: ਨੀਤੂ ਕੱਕੜ (ਪ੍ਰਿੰਸੀਪਲ, ਬਚਪਨ ਪਲੇਅ ਸਕੂਲ), ਡਾ: ਪਰਵੀਨ ਔਲ (ਪ੍ਰਿੰਸੀਪਲ, ਆਰ.ਐਸ.ਡੀ ਰਾਜ ਰਤਨ ਪਬਲਿਕ ਸਕੂਲ), ਡਾ: ਬਨੀ ਨੰਦਾ ਅਤੇ ਮਿਸੇਜ਼ ਸ਼ਾਲੂ ਨੰਦਾ (ਪ੍ਰਿੰਸੀਪਲ ਅਤੇ ਡਾਇਰੈਕਟਰ, ਯੂਰੋਕਿਡਸ ਪਲੇਅ ਸਕੂਲ) ਸ਼ਾਮਲ ਸਨ। ਇਸ ਇਵੈਂਟ ਦਾ ਮਕਸਦ ਬੱਚਿਆਂ ਵਿੱਚ ਪਰਿਵਾਰ ਅਤੇ ਸਿਹਤਮੰਦ ਜੀਵਨ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਭਾਗੀਦਾਰਾਂ ਨੇ ਆਪਣੀਆਂ ਰੰਗ ਬਿਰੰਗੀਆਂ ਅਤੇ ਮਾਇਨੇਦਾਰ ਡ੍ਰਾਇੰਗਜ਼ ਨਾਲ ਸਬ ਨੂੰ ਪ੍ਰਭਾਵਿਤ ਕੀਤਾ। ਡਾ: ਅਮਨਦੀਪ ਕੌਰ ਡਾਇਰੈਕਟਰ ਏ.ਐਚ.ਪੀ.ਐਲ ਨੇ ਕਿਹਾ ਬੱਚੇ ਸਾਡਾ ਭਵਿੱਖ ਹਨ ਅਤੇ ਇਹ ਜ਼ਰੂਰੀ ਹੈ ਕਿ ਅਸੀਂ ਉਨ੍ਹਾਂ ਨੂੰ ਚੰਗੀਆਂ ਆਦਤਾਂ ਅਤੇ ਵਾਤਾਵਰਣ ਦੀ ਦੇਖਭਾਲ ਦੇ ਮਹੱਤਵ ਬਾਰੇ ਸਿਖਾਈਏ। ਇਹ ਮੁਕਾਬਲਾ ਉਨ੍ਹਾਂ ਨੂੰ ਸਿਖਣ ਦਾ ਮਜ਼ੇਦਾਰ ਤਰੀਕਾ ਹੈ ਜਦੋਂ ਕਿ ਉਹ ਆਪਣੀ ਕਲਾ ਵੀ ਦਿਖਾ ਰਹੇ ਹਨ। ਬੱਚਿਆਂ ਦੇ ਰੂਬਰੂ ਹੁੰਦਿਆਂ ਵਰਿੰਦਰ ਮੋਹਨ ਸਿੰਘਾਲ ਜੈਨੇਸਿਸ ਅਮਨਦੀਪ ਹਸਪਤਾਲ ਫਿਰੋਜ਼ਪੁਰ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਕਮਿਊਨਿਟੀ ਨੂੰ ਜੋੜਦੇ ਹਨ ਅਤੇ ਬੱਚਿਆਂ ਵਿੱਚ ਜ਼ਰੂਰੀ ਮੁੱਲਾਂ ਨੂੰ ਪੈਦਾ ਕਰਦੇ ਹਨ। ਡਾ: ਡੇਵਿਡ ਔਗਸਟਿਨ ਅਤੇ ਡਾ: ਪੂਨਮ ਜੰਗੀਰ ਨੇ ਆਪਣੇ—ਆਪਣੇ ਖੇਤਰਾਂ, ਜਿਵੇਂ ਕਿ ਪੀ.ਡੀ.ਐਟ੍ਰਿਕਸ ਅਤੇ ਗਾਇਨਕੋਲੌਜੀ ਵਿੱਚ ਜਾਗਰੂਕਤਾ ਸੈਸ਼ਨ ਕਰਵਾਏ। ਉਨ੍ਹਾਂ ਨੇ ਬੱਚਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਿਹਤਮੰਦ ਜੀਵਨ ਅਤੇ ਮਾਤਾ—ਸ਼ਿਸ਼ੂ ਸਿਹਤ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਜਿੱਤਣ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਅਤੇ ਇਨਾਮ ਦਿੱਤੇ ਗਏ। ਉਨ੍ਹਾਂ ਕਿਹਾ ਕਿ ਹਸਪਤਾਲ ਅੱਗੇ ਵੀ ਇਸ ਤਰ੍ਹਾਂ ਦੇ ਇਵੈਂਟ ਕਰਵਾਉਣ ਦੀ ਯੋਜਨਾ ਬਣਾ ਰਿਹਾ ਹੈ, ਤਾਂ ਜੋ ਬੱਚਿਆਂ ਨੂੰ ਪ੍ਰੇਰਿਤ ਕੀਤਾ ਜਾ ਸਕੇ ਅਤੇ ਸਮਾਜ ਨਾਲ ਜੁੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਸਿਰਫ ਪੰਜ ਬੈਡ ਵਾਲਾ ਹਸਪਤਾਲ ਸ਼ੁਰੂ ਹੋਇਆ ਸੀ, ਅੱਜ ਇਹ ਹਸਪਤਾਲ 750 ਤੋਂ ਵੱਧ ਬੈਡ ਨਾਲ ਚੱਲ ਰਿਹਾ ਹੈ, ਜਿਸ ਵਿੱਚ 170 ਤੋਂ ਵੱਧ ਮਾਹਰ ਡਾਕਟਰ ਅਤੇ ਸਰਜਨ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਮਨਦੀਪ ਗਰੁੱਪ ਦੀਆਂ ਛੇ ਬ੍ਰਾਂਚਾਂ ਅੰਮ੍ਰਿਤਸਰ, ਪਠਾਨਕੋਟ, ਫਿਰੋਜ਼ਪੁਰ, ਸ਼੍ਰੀਨਗਰ ਅਤੇ ਤਰਨ ਤਾਰਨ। ਇਸ ਗਰੁੱਪ ਕੋਲ ਦੁਨੀਆ ਭਰ ਦੇ ਮਸ਼ਹੂਰ ਡਾਕਟਰ ਅਤੇ ਸਰਜਨ ਹਨ ਅਤੇ ਅਮਨਦੀਪ ਗਰੁੱਪ ਨੇ 5 ਲੱਖ ਤੋਂ ਵੱਧ ਜ਼ਿੰਦਗੀਆਂ ਬਦਲੀਆਂ ਹਨ ਅਤੇ 2031 ਤੱਕ 3500 ਬੈਡ ਵਾਲੇ ਹਸਪਤਾਲ ਬਣਾਉਣ ਦੀ ਯੋਜਨਾ ਹੈ।

# ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਬਰਮਿੰਘਮ ਇੰਗਲੈਂਡ ਦੇ ਸਤਿਕਾਰਯੋਗ ਪਿਤਾ ਪਰਗਟ ਸਿੰਘ ਜੀ ਦੀ ਅੰਤਿਮ ਅਰਦਾਸ ਅਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ



**ਫ਼ਿਰੋਜ਼ਪੁਰ, 25 ਨਵੰਬਰ (ਮਨੋਹਰ ਲਾਲ) :—** ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਬਰਮਿੰਘਮ ਇੰਗਲੈਂਡ ਦੇ ਸਤਿਕਾਰਯੋਗ ਪਿਤਾ ਸ: ਪਰਗਟ ਸਿੰਘ ਜੀ ਦੀ ਅੰਤਿਮ ਅਰਦਾਸ ਅਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ ਅਤੇ ਬਾਬਾ ਹਰਜੀਤ ਸਿੰਘ ਮਹਿਤਾ ਚੌਂਕ ਵਾਲਿਆਂ ਨੇ ਕੀਰਤਨ ਕੀਤਾ।

ਇਸ ਮੌਕੇ ਤੇ ਸ: ਜ਼ਸਵਿੰਦਰ ਸਿੰਘ ਕਾਲਾ ਯੂ.ਕੇ ਨੇ ਸ: ਪਰਗਟ ਸਿੰਘ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ ਅਤੇ ਕਿਹਾ ਕਿ ਸ: ਪਰਗਟ ਸਿੰਘ ਜੀ ਅੰਕਨ ਇਕ ਖੁਲੀ ਕਿਤਾਬ ਸੀ ਅਤੇ ਗੁਰੂ ਘਰ ਨਾਲ ਅਥਾਹ ਪ੍ਰੇਮ ਸੀ ਅਤੇ ਸਵੇਰੇ ਉਠਦੇ ਹਮੇਸ਼ਾ ਗੁਰੂ ਘਰ ਜਾਂਦੇ ਸਨ ਅਤੇ ਗੁਰਬਾਣੀ ਦੇ ਪਾਠ ਹਮੇਸ਼ਾ ਕਰਦੇ ਰਹਿੰਦੇ ਸਨ। ਇਸ ਕਰਕੇ ਉਨ੍ਹਾਂ ਨੂੰ ਸਾਰੇ ਹੀ ਪਿਆਰ ਕਰਦੇ ਸੀ, ਅਸੀਂ ਵਾਹਿਗੁਰੂ ਜੀ ਅੱਗੇ ਅਰਦਾਸ ਬੇਨਤੀ ਕਰਦੇ ਹਾਂ ਕਿ ਵਾਹਿਗੁਰੂ ਜੀ ਸ: ਪਰਗਟ ਸਿੰਘ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਸਾਕ ਸਬੰਧੀਆਂ, ਮਿੱਤਰਾਂ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ ਅਤੇ ਖਾਸ ਤੌਰ ਤੇ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੂੰ ਭਾਣਾ ਮੰਨਣ ਦਾ ਬਖ ਬਖਸ਼ੇ, ਜਿਹੜੇ ਗੁਰੂ ਘਰਾਂ ਨਾਲ ਅਥਾਹ ਪ੍ਰੇਮ ਰੱਖਦੇ ਹਨ। ਇਥੇ ਇਹ ਦਸਣਯੋਗ ਹੈ ਕਿ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਜਿਹੜੇ ਕਿ ਗੁਰਦੁਆਰਾ ਬਾਬੇ ਕੇ ਸੋਹੋ ਹਿਲ ਹੋਕਲੀ ਬਰਮਿੰਘਮ ਇੰਗਲੈਂਡ ਦੇ ਸੇਵਾਦਾਰ ਹਨ ਅਤੇ ਹਰ ਸਾਲ ਸੰਤ ਬਾਬਾ ਨਾਹਰ ਸਿੰਘ ਜੀ ਦੀ ਬਰਸੀ ਮਨਾਉਂਦੇ ਹਨ, ਜ਼ੋ ਕਿ ਇਸ ਵਾਰ ਵੀ 17ਵੀਂ ਸਲਾਨਾ ਬਰਸੀ ਮਨਾਈ ਜਾਵੇਗੀ। ਇਸ ਤਰ੍ਹਾਂ ਬਾਬੇ ਕੇ ਫਾਰਮ ਵਿਖੇ ਵੀ ਹਰ ਸਾਲ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਮਨਾਉਂਦੇ ਹਨ ਅਤੇ ਇਨ੍ਹਾਂ ਦਾ ਸਾਰਾ ਪਰਿਵਾਰ ਵੱਧ ਚੜ ਕੇ ਤਨ, ਮਨ, ਧੰਨ ਨਾਲ ਸੇਵਾ ਕਰਦਾ ਹੈ।

13ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਚੌਥੇ ਦਿਨ ਨਾਟਕ '-00000' ਨੇ ਦਰਸ਼ਕ ਲੋਟ-ਪੋਟ ਕੀਤੇ

# ਨਾਟਕ ਨੇ ਵਿਅੰਗ ਰਾਹੀਂ ਕੀਤੀ ਅਜੋਕੇ ਸਮਾਜ 'ਤੇ ਚੋਟ






**ਬਠਿੰਡਾ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬਲਵੰਤ ਗਾਰਗੀ ਆਡੀਟੋਰੀਅਮ ਬਠਿੰਡਾ ਵਿਖੇ ਉੱਤਰ ਖੇਤਰ ਸੱਭਿਆਚਾਰਕ ਕੇਂਦਰ ਪਟਿਆਲਾ ਅਤੇ ਸੱਭਿਆਚਾਰ ਮੰਤਰਾਲਾ ਭਾਰਤ ਸਰਕਾਰ ਦੇ ਸਹਿਯੋਗ ਨਾਲ਼ ਚੱਲ ਰਹੇ 13ਵੇਂ ਨਾਟਿਅਮ ਨੈਸ਼ਨਲ ਥੀਏਟਰ ਫੈਸਟੀਵਲ ਦੇ ਚੌਥੇ ਦਿਨ ਪੇਸ਼ ਕੀਤੇ ਨਾਟਕ '-00000' ਨੇ ਦਰਸ਼ਕਾਂ ਨੂੰ ਹਸਾ ਹਸਾ ਕੇ ਲੋਟ ਪੋਟ ਕਰ ਦਿੱਤਾ। ਜੱਸੀ ਜਸਪ੍ਰੀਤ ਦੇ ਲਿਖੇ ਇਸ ਨਾਟਕ ਨੂੰ ਟੀਮ ਨਾਟਿਅਮ ਪੰਜਾਬ ਨੇ ਕੀਰਤੀ ਕਿਰਪਾਲ ਦੇ ਨਿਰਦੇਸ਼ਨ ਹੇਠ ਖੇਡਿਆ। ਇਸ ਵਿਅੰਗ ਭਰਪੂਰ ਨਾਟਕ ਨੇ ਦਰਸ਼ਕਾਂ ਨੂੰ ਬਾਹਰੋਂ ਸ਼ਾਂਤੀ ਲੱਭਣ ਦੀ ਬਜਾਇ ਕਾਮ,ਕ੍ਰੋਧ, ਲੋਭ,ਮੋਹ ਤੇ ਅਹੰਕਾਰ ਤਿਆਗ ਕੇ ਆਪਣੇ ਅੰਤਰ ਮਨ 'ਚੋ ਸ਼ਾਂਤੀ ਲੱਭਣ ਲਈ ਪ੍ਰੇਰਿਆ। ਨਾਟਕ ਪੇਸ਼ਕਾਰੀ ਦੌਰਾਨ ਹਾਲ ਲਗਾਤਾਰ ਹਾਸਿਆਂ ਤੇ ਤਾੜੀਆਂ ਨਾਲ਼ ਗੂੰਜਦਾ ਰਿਹਾ ਅਤੇ ਗੁਰਨੂਰ ਸਿੰਘ ਡਾ. ਦਿਲਦਾਰ ਸਿੰਘ ਦਾ ਕਿਰਦਾਰ ਨਿਭਾ ਕੇ ਰੰਗ ਬੰਨ੍ਹ ਦਿੱਤਾ। ਨਾਟ-ਉਤਸਵ ਦੇ ਚੌਥੇ ਦਿਨ ਮੁੱਖ ਮਹਿਮਾਨ ਵਜੋਂ ਸ਼੍ਰੀ ਰਜਿੰਦਰ ਮਿੱਤਲ ਐੱਮ.ਡੀ ਮਿੱਤਲ ਇੰਡਸਟਰੀਜਸ਼ ਪਹੁੰਚੇ। ਰੰਗ ਮੰਚ ਦੀ ਉੱਘੀ ਸ਼ਖ਼ਸੀਅਤ ਤ੍ਰਿਪਤੀ ਚੈਟਲੇ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਸ਼ਮਾ ਰੌਸ਼ਨ ਦੀ ਰਸਮ ਸ਼੍ਰੀ ਅਸ਼ਵਨੀ ਚੈਟਲੇ ਪ੍ਰਧਾਨ ਪੰਜਾਬ ਸੰਗੀਤ ਨਾਟਕ ਅਕਾਦਮੀ, ਚੰਡੀਗੜ੍ਹ ਨੇ ਸਤਿਕਾਰਿਤ ਮਹਿਮਾਨਾਂ ਨਾਲ਼ ਮਿਲ ਕੇ ਅਦਾ ਕੀਤੀ। ਇਸ ਮੌਕੇ ਬੋਲਦਿਆਂ ਸ਼੍ਰੀ ਰਜਿੰਦਰ ਮਿੱਤਲ ਨੇ ਜ਼ਿਲ੍ਹਾ ਭਾਸ਼ਾ ਅਫ਼ਸਰ ਅਤੇ ਨਾਟ-ਨਿਰਦੇਸ਼ਕ ਕੀਰਤੀ ਕਿਰਪਾਲ ਦੇ ਮਾਲਵੇ ਵਿੱਚ ਰੰਗਮੰਚ ਨੂੰ ਜਿਉਂਦਾ ਰੱਖਣ ਸਬੰਧੀ ਕੀਤੇ ਜਾ ਰਹੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਹਰ ਤਰ੍ਹਾਂ ਦੀ ਮਦਦ ਦਾ ਭਰੋਸਾ ਵੀ ਦਿੱਤਾ। ਸ਼੍ਰੀਮਤੀ ਤ੍ਰਿਪਤੀ ਚੈਟਲੇ ਨੇ ਨਾਟਿਅਮ ਗਰੁੱਪ ਨੂੰ ਰੰਗਮੰਚ ਨਾਲ਼ ਵੱਡੀ ਗਿਣਤੀ ਵਿੱਚ ਦਰਸ਼ਕਾਂ ਨੂੰ ਜੋੜ ਕੇ ਰੱਖਣ ਲਈ ਵਧਾਈ ਦਿੱਤੀ।

ਨਾਟਿਅਮ ਦੇ ਸਰਪ੍ਰਸਤ ਡਾ.ਕਸ਼ਿਸ਼ ਗੁਪਤਾ ਅਤੇ ਸ਼੍ਰੀ ਸੁਦਰਸ਼ਨ ਗੁਪਤਾ ਨੇ ਸਾਂਝੇ ਤੌਰ 'ਤੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਆਉਣ ਵਾਲ਼ੇ ਦਿਨਾਂ ਵਿੱਚ ਵੀ ਸਰੋਤਿਆਂ ਦੀ ਇਸੇ ਤਰ੍ਹਾਂ ਵੱਡੀ ਗਿਣਤੀ ਵਿੱਚ ਆਉਣ ਦੀ ਆਸ ਜਤਾਈ। ਸ.ਕੀਰਤੀ ਕਿਰਪਾਲ ਨੇ ਸਮੂਹ ਮਹਿਮਾਨਾਂ ਅਤੇ ਦਰਸ਼ਕਾਂ ਦਾ ਧੰਨਵਾਦ ਕੀਤਾ ਅਤੇ ਦੱਸਿਆ ਕਿ ਇਸ 15 ਦਿਨਾਂ ਨਾਟ-ਉਤਸਵ ਜੋ ਕਿ 28 ਨਵੰਬਰ ਤੱਕ ਚੱਲਣਾ ਹੈ,ਹਰ ਰੋਜ਼ ਸ਼ਾਮ 7:20 ਵਜੇ ਤੋਂ ਸ਼ੁਰੂ ਹੋਇਆ ਕਰੇਗਾ। ਇਸ ਥੀਏਟਰ ਫੈਸਟੀਵਲ ਵਿੱਚ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਆਈਆਂ ਨਾਟ-ਮੰਡਲੀਆਂ 15 ਨਾਟਕ ਪੇਸ਼ ਕਰਨਗੀਆਂ ਅਤੇ ਹਰ ਨਾਟਕ ਦਾ ਰੰਗ ਵੇਖਣਯੋਗ ਹੋਵੇਗਾ। ਉਨ੍ਹਾਂ ਸਹਿਯੋਗ ਲਈ ਉੱਤਰ ਖੇਤਰ ਸੱਭਿਆਚਾਰਕ ਕੇਂਦਰ ਪਟਿਆਲਾ, ਸੱਭਿਆਚਾਰ ਮੰਤਰਾਲਾ ਭਾਰਤ ਸਰਕਾਰ ਅਤੇ ਮਿਊਂਸਪਲ ਕਾਰਪੋਰੇਸ਼ਨ ਬਠਿੰਡਾ ਦਾ ਵੀ ਧੰਨਵਾਦ ਕੀਤਾ। ਮੰਚ ਸੰਚਾਲਕ ਦੀ ਭੂਮਿਕਾ ਪ੍ਰੋ. ਸੰਦੀਪ ਸਿੰਘ ਨੇ ਨਿਭਾਈ।

ਇਸ ਦੌਰਾਨ ਯੂਨਵਰਸਿਟੀ ਰਜਿਸਟਰਾਰ ਸ. ਗੁਰਿੰਦਰਪਾਲ ਸਿੰਘ ਬਰਾੜ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਰਿਟਾਇਰਡ ਪ੍ਰੋਫੈਸਰ ਮਹਿੰਦਰ ਕੁਮਾਰ,

ਨਾਟਿਅਮ ਦੇ ਪ੍ਰਧਾਨ ਸੁਰਿੰਦਰ ਕੌਰ, ਈਵੈਂਟ ਮੈਨੇਜਰ ਗੁਰਨੂਰ ਸਿੰਘ, ਸਮੂਹ ਅਦਾਕਾਰ ਨਾਟਿਅਮ ਗਰੁੱਪ ਤੋਂ ਇਲਾਵਾ ਸ਼ਹਿਰ ਦੀਆਂ ਪ੍ਰਮੁੱਖ ਸਾਹਿਤਕ ਹਸਤੀਆਂ ਵੀ ਮੌਜੂਦ ਸਨ। **-ਅਮਰਜੀਤ ਸਿੰਘ ਜੀਤ, 9417287122**



ਅੱਜ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਕੇਂਦਰੀ ਅਜਾਇਬ ਘਰ ਵਿੱਚ ਜਥੇਦਾਰ ਗਿਆਨੀ ਰਘਵੀਰ ਸਿੰਘ ਜੀ ਦੇ ਯਤਨਾਂ ਨਾਲ ਸਿੱਖ ਰਾਜ ਦੇ ਜਰਨੈਲ ਸਰਦਾਰ ਨਿਧਾਨ ਸਿੰਘ ਪੰਜ ਹੱਥਾਂ ਜੀ ਦੀ ਤਸਵੀਰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵਲੋਂ ਲਗਾਈ ਗਈ ਇਸ ਮੌਕੇ ਪੰਥਿਕ ਸ਼ਖ਼ਸੀਅਤਾ ਤੋ ਇਲਾਵਾ ਯੂਰਪੀਆਂਨ ਸਿੱਖ ਕੌਂਸਿਲ ਫਰਾਂਸ ਦੇ ਪ੍ਰਧਾਨ ਬਸੰਤ ਸਿੰਘ ਪੰਜਹੱਥਾਂ ਦੇ ਪਿਤਾ ਸਰਦਾਰ ਵਜ਼ੀਰ ਸਿੰਘ ਪੰਜਹੱਥਾਂ ਰਣਜੀਤ ਸਿੰਘ ਪੰਜਹੱਥਾਂ ਸੁਖਵਿੰਦਰ ਸਿੰਘ ਗੁਰਾਇਆ ਅਤੇ ਹੋਰ ਪੰਥਿਕ ਆਗੂ ਮੌਜੂਦ ਸਨ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਸਰਕਾਰੀ ਹਾਈ ਸਮਾਰਟ ਸਕੂਲ ਦੁਲਚੀ ਕੇ ਵਿਖੇ ਲਾਇਆ ਏਡਜ ਤੇ ਡਰਗਜ਼ ਜਾਗਰੂਕਤਾ ਸੈਮੀਨਾਰ




ਫ਼ਿਰੋਜ਼ਪੁਰ, 25 ਨਵੰਬਰ (ਮਨੋਹਰ ਲਾਲ) :— ਅੱਜ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਵੱਲੋਂ ਸਰਕਾਰੀ ਹਾਈ ਸਮਾਰਟ ਸਕੂਲ ਦੁਲਚੀ ਕੇ ਵਿੱਚ ਏਡਜ਼ ਅਤੇ ਡਰਗਜ਼ ਖਿਲਾਫ਼ ਜਾਗਰੂਕਤਾ ਪੈਦਾ ਕਰਨ ਲਈ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੌਰਾਨ ਮੈਡਮ ਮੋਨਿਕਾ ਬੇਦੀ ਕੌਂਸਲਰ ਸਿਵਲ ਹਸਪਤਾਲ ਮੁੱਖ ਬੁਲਾਰੇ ਦੇ ਤੌਰ ਤੇ ਵਿਦਿਆਰਥੀਆਂ ਦੇ ਰੂ ਬ ਰੂ ਹੋਏ। ਸੈਮੀਨਾਰ ਦੌਰਾਨ ਮੈਡਮ ਮੋਨਿਕਾ ਬੇਦੀ ਨੇ ਵਿਦਿਆਰਥੀਆਂ ਅਤੇ ਪਿੰਡ ਵਾਸੀਆਂ ਨੂੰ ਐਚ.ਆਈ.ਵੀ ਪੌਜ਼ਿਟਵ ਨੂੰ ਏਡਜ਼ ਬਣਨ ਤੋਂ ਰੋਕਣ ਅਤੇ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਇਸ ਮੌਕੇ ਤੇ ਨਗਿੰਦਰ ਕਲਾ ਮੰਚ ਵੱਲੋਂ ਜਸਵੀਰ ਸਿੰਘ ਦੀ ਅਗਵਾਈ ਵਿੱਚ ਨਾਟਕ ਟੀਮ ਨੇ ਏਡਜ਼ ਬਾਰੇ ਆਪਣਾ ਨਾਟਕ ਪੇਸ਼ ਕੀਤਾ। ਸਕੂਲ ਦੀ ਹੋਣ ਹਾਰ ਵਿਦਿਆਰਥਣ ਮਨਜੋਤ ਕੌਰ ਨੇ ਨਸ਼ਿਆਂ ਦੇ ਖ਼ਿਲਾਫ਼ ਆਪਣੀ ਲਿਖੀ ਰਚਨਾ ਛੇਵਾਂ ਦਰਿਆ ਸਾਂਝੀ ਕੀਤੀ। ਸਕੂਲ ਦੇ ਵਿਦਿਆਰਥੀਆਂ ਦੀ ਟੀਮ ਨੇ ਵੀ ਨਸ਼ਿਆਂ ਦੇ ਸਮਾਜ ਵਿੱਚ ਮਾੜੇ ਅਸਰ ਬਾਰੇ ਨਾਟਕ ਖੇਡਿਅ ਅਤੇ ਪਿੰਡ ਵਾਸੀਆਂ ਨੇ ਸਕੂਲ ਅਤੇ ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਸਕੂਲ ਮੁਖੀ ਸ਼੍ਰੀਮਤੀ ਰਮਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਵਿੱਦਿਅਕ ਅਦਾਰਿਆਂ ਵਿੱਚ ਅਜਿਹੇ ਉਪਰਾਲਿਆਂ ਦੀ ਲੋੜ ਤੇ ਜ਼ੋਰ ਦਿੱਤਾ। ਇਸ ਆਯੋਜਨ ਵਿੱਚ ਸਰਕਾਰੀ ਪੌਲੀਟੈਕਨਿਕ ਫ਼ਿਰੋਜ਼ਪੁਰ ਦੇ ਲੈਕਚਰਾਰ ਦੀਪਕ ਗੁਪਤਾ ਅਤੇ ਕਰਨ ਆਨੰਦ ਦਾ ਵਿਸ਼ੇਸ਼ ਯੋਗਦਾਨ ਰਿਹਾ, ਇਸ ਮੌਕੇ ਤੇ ਐਸ.ਐਮ.ਸੀ. ਕਮੇਟੀ ਦੇ ਚੇਅਰਮੈਨ ਹਰਜੀਤ, ਸਰਪੰਚ ਰਾਜ, ਦਿਲਬਾਗ ਸਿੰਘ ਅਤੇ ਪ੍ਰਵਿੰਦਰ ਸਿੰਘ ਬੱਗਾ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਸਮੂਹ ਸਕੂਲ ਸਟਾਫ਼ ਹਾਜ਼ਰ ਸੀ। ਸੈਮੀਨਾਰ ਦੇ ਅੰਤ ਵਿੱਚ ਸਕੂਲ ਮੁਖੀ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਯਤਨ ਵਿਦਿਆਰਥੀਆਂ, ਨੌਜਵਾਨ ਪੀੜ੍ਹੀ ਅਤੇ ਸਮਾਜ ਲਈ ਬਹੁਤ ਲਾਭਕਾਰੀ ਸਿੱਧ ਹੁੰਦੇ ਹਨ। ਅੰਤ ਵਿੱਚ ਸਰਕਾਰੀ ਪੌਲੀਟੈਕਨਿਕ ਫ਼ਿਰੋਜ਼ਪੁਰ ਵੱਲੋਂ ਸਕੂਲ ਮੁੱਖੀ ਰਮਿੰਦਰ ਕੌਰ ਅਤੇ ਕੌਂਸਲਰ ਮੋਨਿਕਾ ਬੇਦੀ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

## ਸਿੱਖ ਇਤਿਹਾਸ ਦੇ ਮਾਣਮੱਤੇ ਸ਼ਬਦ 'ਮਿਸਲ' ਨੂੰ ਚਲੰਤ ਸਿਆਸਤ ਲਈ ਵਰਤਣਾ ਬਰਦਾਸ਼ਤ ਤੋਂ ਬਾਹਰ

ਫ਼ਿਰੋਜ਼ਪੁਰ, 25 ਨਵੰਬਰ (ਮਨੋਹਰ ਲਾਲ) :— ਆਮ ਪਾਰਟੀ ਦੇ ਪੰਜਾਬ ਪ੍ਰਧਾਨ ਬਣਨ ਤੋਂ ਬਾਅਦ ਅਮਨ ਅਰੋੜਾ ਵੱਲੋਂ ਪ੍ਰੈਸ ਕਾਨਫਰੰਸ ਵਿੱਚ ਕਾਂਗਰਸ ਪਾਰਟੀ ਦੇ ਲੀਡਰਾਂ ਤੇ ਟਿੱਪਣੀ ਕਰਦੇ ਹੋਏ ਸਿੱਖ ਇਤਿਹਾਸ ਦੇ ਮਾਣਮੱਤੇ ਸ਼ਬਦ 'ਮਿਸਲ' ਨੂੰ ਬਹੁਤ ਹੀ ਨੀਵੇਂ ਪੱਧਰ ਤੇ ਵਰਤਣਾ ਬਰਦਾਸ਼ਤ ਤੋਂ ਬਾਹਰ ਹੈ। ਇਸ ਸਬੰਧੀ ਆਪਣੇ ਵਿਚਾਰ ਸਾਂਝੇ ਕਰਦੇ ਹੋਏ 'ਮਿਸਲ' ਸ਼ਬਦ ਦੀ ਪੰਜਾਬ ਦੇ ਇਤਿਹਾਸ ਵਿੱਚ ਮਹੱਤਤਾ ਦੱਸਦੇ ਹੋਏ ਮਿਸਲ ਸਤਲੁਜ ਦੇ ਜਰਨਲ ਸਕੱਤਰ ਦਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਮਿਸਲ ਸ਼ਬਦ 18 ਵੀਂ ਸਦੀ ਦੇ ਸਿੱਖਾਂ ਦੀਆਂ ਉਨ੍ਹਾਂ 12 ਜਥੇਬੰਦੀਆਂ ਲਈ ਵਰਤਿਆ ਗਿਆ ਜਿੰਨਾ ਨੇ ਹਿੰਦੋਸਤਾਨ ਉਪਰ ਹੁੰਦੇ ਅਬਦਾਲੀ ਵਰਗੇ ਬਾਹਰੀ ਹਮਲਾਵਰਾਂ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਅਤੇ ਰਾਜ ਕਾਇਮ ਕਰਕੇ ਬਾਹਰੀ ਹਮਲਿਆਂ ਨੂੰ ਸਦਾ ਲਈ ਰੋਕ ਦਿੱਤਾ। ਉਨ੍ਹਾਂ ਮਿਸਲਾਂ ਦੀ ਬਦੋਲਤ ਹੀ ਅੱਜ ਰਾਜਗੱਦੀਆਂ ਹਨ ਤੇ



ਅਮਨ ਅਰੋੜਾ ਵਰਗੇ ਰਾਜ ਸੱਤਾ ਮਾਣ ਰਹੇ ਹਨ ਨਹੀਂ ਤਾਂ ਪਤਾ ਨਹੀਂ ਕੌਣ ਕਾਬਜ਼ ਹੁੰਦਾ। ਗੱਲਬਾਤ ਕਰਦਿਆਂ ਰਣਪਿੰਦਰਜੀਤ ਸਿੰਘ ਗੋਲਡੀ ਮਿਸਲ ਸਤਲੁਜ ਸਕੱਤਰ ਪੰਜਾਬ ਨੇ ਕਿਹਾ ਕਿ ਨਾਲ ਬੈਠੇ ਹਰਜੋਤ ਸਿੰਘ ਬੈਂਸ ਦਾ ਫਰਜ਼ ਬਣਦਾ ਸੀ ਕਿ ਆਵਦੇ ਪ੍ਰਧਾਨ ਨੂੰ ਟੋਕਦੇ ਪਰ ਉਨ੍ਹਾਂ ਦੀ ਚੁੱਪ ਦਰਸਾਉਂਦੀ ਹੈ ਕਿ ਉਨ੍ਹਾਂ ਨੂੰ ਸਿਰਫ ਕੁਰਸੀ ਤੱਕ ਦਾ ਲਾਲਚ ਹੈ ਪਰ ਇਸ ਉਲੰਘਣਾ ਦਾ ਕੋਈ ਮਲਾਲ ਨਹੀਂ। ਇਸ ਮੌਕੇ ਹਰਦੇਵ ਸਿੰਘ ਬਰਾੜ ਘਣੀਏਵਾਲਾ ਪ੍ਰਧਾਨ ਕਿਸਾਨ ਵਿੰਗ ਮਿਸਲ ਸਤਲੁਜ ਮਾਲਵਾ ਜੋਨ ਨੇ ਕਿਹਾ ਕਿ ਅਮਨ ਅਰੋੜਾ ਅਤੇ ਹਰਜੋਤ ਬੈਂਸ ਨੂੰ ਇਸ ਤਰੀਕੇ ਦੀ ਹਲਕੀ ਟਿੱਪਣੀ ਲਈ ਜਲਦੀ ਹੀ ਮੁਆਫੀ ਮੰਗਣੀ ਚਾਹੀਦੀ ਹੈ।

## ਭਾਜਪਾ ਦੀ ਸੂਬਾ ਪੱਧਰੀ ਮੀਟਿੰਗ ਵਿਚ ਜਿਲ੍ਹਾ ਮੁਹਾਲੀ ਤੋਂ ਵੱਖ ਵੱਖ ਆਗੂਆਂ ਨੇ ਕੀਤੀ ਸ਼ਿਰਕਤ

**ਖਰੜ, 25 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਚ ਭਾਜਪਾ ਨੂੰ ਹੋਰ ਮਜ਼ਬੂਤ ਕਰਨ ਲਈ ਅਤੇ ਭਾਰਤੀ ਜਨਤੀ ਪਾਰਟੀ ਦੀ ਹੋਰ ਮੈਂਬਰਸ਼ਿਪ ਵਧਾਉਣ ਲਈ ਸਮੇਤ ਹੋਰ ਮੁੱਦਿਆਂ ਤੇ ਵਿਚਾਰਾਂ ਕਰਨ ਲਈ ਜਲੰਧਰ ਵਿਖੇ ਸੂਬਾ ਪੱਧਰੀ ਮੀਟਿੰਗ ਹੋਈ। ਭਾਜਪਾ ਜਿਲ੍ਹਾ ਮੁਹਾਲੀ ਦੇ ਸੀਨੀਅਰ ਮੀਤ ਪ੍ਰਧਾਨ ਪਵਨ ਮਨੋਚਾ ਨੇ ਦਸਿਆ ਕਿ ਅੱਜ ਦੀ ਮੀਟਿੰਗ ਜਿਲ੍ਹਾ ਐਸ.ਏ.ਐਸ.ਨਗਰ ਦੇ ਪ੍ਰਧਾਨ ਸੰਜੀਵ ਵਸ਼ਿਸ਼ਟ, ਪੰਜਾਬ ਦੇ ਖਜਾਨਚੀ ਸੁਖਵਿੰਦਰ ਸਿੰਘ ਗੋਲਡੀ, ਸੀਨੀਅਰ ਆਗੂ ਖੁਸਵੰਤ ਰਾਏ ਗੀਗਾ, ਭੁਪਿੰਦਰ ਸਿੰਘ ਭੂਮੀ, ਕੌਂਸਲਰ ਪ੍ਰਮੋਦ ਜਿਲ੍ਹਾ ਪ੍ਰਧਾਨ ਐਸ.ਸੀ.ਮੋਰਚਾ, ਜੋਗਿੰਦਰ ਸਿੰਘ ਮੰਡਲ ਪ੍ਰਧਾਨ, ਅਵੀਸ਼ੇਕ ਮੰਡਲ ਪ੍ਰਧਾਨ,ਚੈਰੀ ਮਨੋਚਾ, ਪਿਊਸ ਧੀਮਾਨ ਸਮੇਤ ਹੋਰ ਆਗੂਆਂ ਨੇ ਮੀਟਿੰਗ ਵਿਚ ਭਾਗ ਲਿਆ। ਉਨ੍ਹਾਂ ਦਸਿਆ ਕਿ ਅੱਜ ਦੀ ਇਸ ਮੀਟਿੰਗ ਵਿਚ ਭਾਜਪਾ ਦੀ ਪੰਜਾਬ ਮੈਂਬਰਸ਼ਿਪ ਬਣਾਉਣ ਲਈ ਜਿਲ੍ਹਾ ਪ੍ਰਧਾਨ ਸੰਜੀਵ ਵਸ਼ਿਸ਼ਟ ਦੀ ਅਗਵਾਈ ਵਿਚ ਤੀਸਰਾ ਸਥਾਨ ਪ੍ਰਾਪਤ ਕੀਤਾ ਅਤੇ ਵਾਇਦਾ ਕੀਤਾ ਕਿ ਆਉਣ ਵਾਲੇ ਦਿਨਾਂ ਵਿਚ ਜਿਲੇ ਵਿਚ ਹੋਰ ਮੈਂਬਰ ਸ਼ਿਪ ਬਣਾ ਕੇ ਜਿਲੇ ਨੂੰ ਪੰਜਾਬ ਵਿਚ ਪਹਿਲ ਸਥਾਨ ਦਿਵਾਇਆ ਜਾਵੇਗਾ। ਉਨ੍ਹਾਂ ਦਸਿਆ ਕਿ ਆਉਣ ਵਾਲੇ ਦਿਨਾਂ ਵਿਚ ਜਿਲ੍ਹਾ ਮੁਹਾਲੀ ਅਤੇ ਬਲਾਕ, ਮੰਡਲ, ਤਹਿਸੀਲ ਪੱਧਰ ਤੇ ਮੈਬਰਸਿਪ ਲਈ ਵਿਸ਼ੇਸ਼ ਤੌਰ ਤੇ ਕੈਂਪ ਲਗਾਏ ਜਾਣਗੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 26 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

ਉਦਾਸੀਨ ਬ੍ਰਹਮ ਅਖਾੜਾ ਮਾਂਡੀ ਪਿਹੋਵਾ ਵਿਖੇ

## ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 'ਸਲਾਨਾ ਗੁਰਮਤਿ ਸਮਾਗਮ' ਆਯੋਜਿਤ

### ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ









ਉਦਾਸੀਨ ਬ੍ਰਹਮ ਅਖਾੜਾ ਮਾਂਡੀ ਪਿਹੋਵਾ ਵਿਖੇ ਸੰਤ ਬਾਬਾ ਗੁਰਵਿੰਦਰ ਸਿੰਘ ਮਾਂਡੀ ਵਾਲਿਆਂ ਦੀ ਦੇਖਰੇਖ ਵਿੱਚ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ "ਸਲਾਨਾ ਗੁਰਮਤਿ ਸਮਾਗਮ" ਵਿੱਚ ਅੱਜ ਹਾਜਰੀ ਭਰਦੇ ਹੋਏ ਸਿੰਘ ਸਾਹਿਬ ਭਾਈ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ,ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ,ਜਥੇਦਾਰ ਬਾਬਾ ਅਵਤਾਰ ਸਿੰਘ ਬਿਧੀਚੰਦੀਏ ਦਲ ਬਾਬਾ ਬਿਧੀ ਚੰਦ,ਸੰਤ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ,ਗਿਆਨੀ ਗੁਰਵਿੰਦਰ ਸਿੰਘ ਨੰਗਲੀ ਤਰਨਾ ਦਲ ਬਾਬਾ ਬਕਾਲਾ,ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ,ਬਾਬਾ ਮਹਿੰਦਰ ਸਿੰਘ ਕਾਰ ਸੇਵਾ ਬਉਲੀ ਪਿਹੋਵਾ,ਸੰਤ ਦਰਸਨ ਸਿੰਘ ਸ਼ਾਸਤਰੀ,ਸੰਤ ਗੁਰਵਿੰਦਰ ਸਿੰਘ ਨਿਰਮਲੇ ਹਜ਼ਾਰਾ,ਸੰਤ ਹਰੀ ਸਿੰਘ ਨਾਨਕਸਰ,ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੇਅਰਮੈਨ ਚੜਦੀ ਕਲਾ ਟਾਈਮ ਟੀਵੀ ਗਰੁੱਪ ਅਤੇ ਹਜ਼ਾਰਾਂ ਸਿੱਖ ਸੰਗਤਾਂ ਹਾਜ਼ਰੀ ਭਰਦੇ ਹੋਏ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਉਦਾਸੀਨ ਬ੍ਰਹਮ ਅਖਾੜਾ ਮਾਂਡੀ ਪਿਹੋਵਾ ਵਿਖੇ

# ਬਾਬਾ ਸ੍ਰੀ ਚੰਦ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 'ਸਲਾਨਾ ਗੁਰਮਤਿ ਸਮਾਗਮ' ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਭਰੀ ਹਾਜ਼ਰੀ














ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼੍ਰੋਮਣੀ ਅਕਾਲੀ ਦਲ ਵੱਲੋਂ ਸਥਾਨਕ ਸਰਕਾਰਾਂ ਦੀਆਂ ਚੋਣਾਂ ਦੀਆਂ ਤਾਰੀਖਾਂ ਸ਼ਹੀਦੀ ਪੰਦਰਵਾੜੇ ਦੌਰਾਨ ਤੈਅ ਨਾ ਕਰਨ ਸਬੰਧੀ ਪੰਜਾਬ ਸਰਕਾਰ ਨੂੰ ਪੱਤਰ

ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬ ਸਰਕਾਰ ਅਤੇ ਰਾਜ ਚੋਣ ਕਮਿਸ਼ਨ ਨੂੰ ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਪੰਦਰਵਾੜੇ ਦੇ ਸਾਲਾਨਾ ਇਤਿਹਾਸਕ ਦਿਹਾੜੇ ਜੋ ਕਿ 15 ਦਸੰਬਰ ਤੋਂ 31 ਦਸੰਬਰ ਤੱਕ ਆਉਂਦੇ ਹਨ, ਦੌਰਾਨ ਸਥਾਨਕ ਸਰਕਾਰਾਂ ਦੀਆਂ ਚੋਣਾਂ ਨਾ ਕਰਵਾਉਣ ਦੀ ਅਪੀਲ ਕੀਤੀ ਹੈ। ਇਸ ਸਮੇਂ ਦੌਰਾਨ ਲੱਖਾਂ ਲੋਕ ਸ਼ਰਧਾਂਜਲੀ ਦੇਣ ਲਈ ਕੁਰਬਾਨੀਆਂ ਦੇ ਇਸ ਬੇਮਿਸਾਲ ਇਤਿਹਾਸ ਨਾਲ ਜੁੜੇ ਸਾਰੇ ਧਾਰਮਿਕ ਸਥਾਨਾਂ 'ਤੇ ਸ਼ਰਧਾ ਪ੍ਰਗਟ ਕਰਨ ਜਾਂਦੇ ਹਨ। ਇਸ ਲਈ ਇਸ ਸਮੇਂ ਦੌਰਾਨ ਕੋਈ ਵੀ ਚੋਣ ਸ਼ਾਂਤੀਪੂਰਨ ਅਤੇ ਪਵਿੱਤਰ ਮਾਹੌਲ ਨੂੰ ਖਰਾਬ ਕਰੇਗੀ ਅਤੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਏਗੀ।

ਮੁੱਖ ਦਫਤਰ
ਸ਼੍ਰੋਮਣੀ ਅਕਾਲੀ ਦਲ

Head Office
Shiromani Akali Dal

ਨੰ 297/ਸ਼੍ਰੋ.ਅ.ਦਲ/2024 — ਮਿਤੀ 25 ਨਵੰਬਰ, 2024

ਸੇਵਾ ਵਿਖੇ,

1. ਮੁੱਖ ਸਕੱਤਰ,
ਪੰਜਾਬ ਸਰਕਾਰ, ਚੰਡੀਗੜ੍ਹ।

2. ਮੁੱਖ ਚੋਣ ਕਮਿਸ਼ਨਰ,
ਪੰਜਾਬ ਰਾਜ ਚੋਣ ਕਮਿਸ਼ਨ,
ਐਸ.ਸੀ.ਓ-49, ਸੈਕਟਰ-17 ਈ
ਚੰਡੀਗੜ੍ਹ।

ਆਵਾਜ਼ਿ ਕੌਮ AWAZE QAUM International Newspaper & WEB TV

ਵਿਸ਼ਾ :- ਸ਼ਹੀਦੀ ਪੰਦਰਵਾੜੇ ਅਤੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਸਥਾਨਕ ਚੋਣਾ ਦੀਆਂ ਤਾਰੀਖਾਂ ਤੈਅ ਕਰਨ ਸਬੰਧੀ।

ਸ਼੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਸਨਿਮਰ ਬੇਨਤੀ ਹੈ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਅੰਦਰ ਨਗਰ ਨਿਗਮਾਂ ਅਤੇ ਨਗਰ ਕੌਂਸਲਾਂ ਦੀਆਂ ਸਥਾਨਕ ਚੋਣਾਂ ਦਸੰਬਰ ਮਹੀਨੇ ਦੇ ਅਖੀਰ ਵਿੱਚ ਕਰਵਾਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਆਪ ਜੀ ਦੇ ਧਿਆਨ ਵਿੱਚ ਇਹ ਗੱਲ ਲਿਆਂਦੀ ਜਾਂਦੀ ਹੈ ਕਿ ਮਿਤੀ 12 ਦਸੰਬਰ ਤੋਂ ਲੈ ਕੇ 31 ਦਸੰਬਰ ਤੱਕ ਮਾਤਾ ਗੁਜਰ ਕੌਰ ਜੀ ਅਤੇ ਵੱਡੇ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਮੁੱਖ ਰੱਖਕੇ ਸ਼ਹੀਦੀ ਪੰਦਰਵਾੜਾ ਮਨਾਇਆ ਜਾਂਦਾ ਹੈ ਅਤੇ ਪੰਜਾਬ ਅੰਦਰ ਵੱਖ-ਵੱਖ ਥਾਵਾਂ ਉਪਰ ਧਾਰਮਿਕ ਸਮਾਗਮ ਕੀਤੇ ਜਾਂਦੇ ਹਨ ਅਤੇ ਇਹਨਾਂ ਸ਼ਹੀਦੀ ਸਮਾਗਮਾਂ ਵਿੱਚ ਲੱਖਾਂ ਦੀ ਗਿਣਤੀ ਵਿੱਚ ਹਰ ਧਰਮ ਦੇ ਲੋਕ ਸ਼ਾਮਲ ਹੁੰਦੇ ਹਨ। ਸ਼ਹਾਦਤਾਂ ਦੇ ਵੱਡੇ ਸਾਕਿਆਂ ਦੇ ਲਾਸਾਨੀ ਇਤਿਹਾਸ ਸਦਕਾ ਇਹ ਦਿਨ ਭਾਵੁਕ, ਗੰਭੀਰ ਅਤੇ ਪਾਵਨ ਦਿਹਾੜੇ ਮੰਨੇ ਜਾਂਦੇ ਹਨ। ਇੱਥੇ ਆਪ ਜੀ ਨੂੰ ਇਹ ਵੀ ਦੱਸਿਆ ਜਾਂਦਾ ਹੈ ਕਿ ਪੰਜਾਬ ਅੰਦਰ ਦਸੰਬਰ ਮਹੀਨੇ ਵਿੱਚ ਲੋਕਾਂ ਵੱਲੋਂ ਖੁਦ ਵਿਆਹਾਂ ਦੇ ਸਮਾਗਮ ਵੀ ਰੋਕ ਦਿੱਤੇ ਜਾਂਦੇ ਹਨ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ 6 ਜਨਵਰੀ ਨੂੰ ਸਰਬੰਸਦਾਨੀ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਗੁਰਪੁਰਬ ਵੀ ਆ ਰਿਹਾ ਹੈ। ਇਸ ਦਿਨ ਨੂੰ ਵੀ ਧਿਆਨ ਵਿੱਚ ਰੱਖਿਆ ਜਾਵੇ।

ਇਸ ਲਈ ਆਪ ਜੀ ਨੂੰ ਪੁਰਜ਼ੋਰ ਬੇਨਤੀ ਹੈ ਕਿ ਇਸ ਸ਼ਹੀਦੀ ਪੰਦਰਵਾੜੇ ਅਤੇ ਗੁਰਪੁਰਬ ਨੂੰ ਮੁੱਖ ਰੱਖਦੇ ਹੋਏ ਪੰਜਾਬ ਅੰਦਰ ਹੋਣ ਵਾਲੀਆਂ ਸਥਾਨਕ ਚੋਣਾਂ ਦੀਆਂ ਤਾਰੀਖਾਂ ਇਸ ਤਰੀਕੇ ਤੈਅ ਕੀਤੀਆਂ ਜਾਣ ਕਿ ਉਪਰੋਕਤ ਸ਼ਹੀਦੀ ਪੰਦਰਵਾੜਾ ਅਤੇ ਦਸ਼ਮੇਸ਼ ਪਿਤਾ ਜੀ ਗੁਰੂ ਗੋਬਿੰਦ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਮਨਾਉਣ ਵਿੱਚ ਸੰਗਤ ਨੂੰ ਕੋਈ ਪਰੇਸ਼ਾਨੀ ਨਾ ਆਵੇ।

ਧੰਨਵਾਦ ਸਹਿਤ,

ਹਿਤੂ,

(ਡਾ. ਦਲਜੀਤ ਸਿੰਘ ਚੀਮਾ)
ਸਕੱਤਰ ਅਤੇ ਬੁਲਾਰਾ।

ਪਤਾ ਦਫਤਰ : ਪਲਾਟ ਨੰ. 6, ਸੈਕਟਰ 28-ਬੀ, ਮੱਧਿਆ ਮਾਰਗ, ਚੰਡੀਗੜ੍ਹ - 160002 Phone : 0172-2639256
Address : Plot No. 6, Sector 28-B, Madhya Marg, Chandigarh - 160 002
E-mail : shiromaniakalidal2017@gmail.com, akalidalheadoffice@gmail.com

## ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ

# ਗੁਰਪੁਰਬ ਮਨਾਇਆ ਗਿਆ



**ਚੌਕ ਮਹਿਤਾ, 25 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਚੱਲ ਰਹੀਆਂ ਸੰਸਥਾਵਾਂ ਸ਼੍ਰੀ ਗੁਰੂ ਹਰਗੋਬਿੰਦ ਸਾਹਿਬ ਖਾਲਸਾ ਕਾਲਜ ਫਾਰ ਵੁਮੈਨ ,ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੰਕੈਂਡਰੀ ਸਕੂਲ, ਜੀ. ਕੇ. ਬੀ ਇੰਟਰਨੈਸ਼ਨਲ ਸਕੂਲ ਗੁਰੂ ਕੀ ਬੇਰ ਮੱਤੇਵਾਲ ਵੱਲੋਂ ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ ਬੜੇ ਉਤਸ਼ਾਹ ਤੇ ਪ੍ਰੇਮ ਭਾਵਨਾ ਨਾਲ ਮਨਾਇਆ ਗਿਆ ਜਿਸ ਵਿੱਚ ਪਾਠ ਦੇ ਭੋਗ ਉਪਰੰਤ ਦੀਵਾਨ ਸਜਾਇਆ ਗਿਆ ਅਤੇ ਇਸ ਵਿੱਚ ਸਕੂਲ , ਕਾਲਜ ਦੇ ਵਿਦਿਆਰਥੀਆਂ ਨੇ ਕੋਰੀਓਗ੍ਰਾਫੀ ,ਸ਼ਬਦ ਕੀਰਤਨ ,ਭਾਸ਼ਣ ਆਦਿ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਬਾਅਦ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਬੱਚਿਆਂ ਨੂੰ ਅਕਾਦਮਿਕ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਕੋਆਰਡੀਨੇਟਰ ਧੰਨਾ ਸਿੰਘ,ਪ੍ਰਿੰਸੀਪਲ ਗੁਰਸੇਵਕ ਸਿੰਘ (ਪੰਜਾਬ ਸਕੂਲ ਸਿੱਖਿਆ ਬੋਰਡ) , ਪ੍ਰਿੰਸੀਪਲ ਸ਼ੈਲੀ ਮਹਾਜਨ (ਸੀ .ਬੀ .ਐਸ .ਈ ) ਨੇ ਸੰਸਥਾ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਜੀ ਉਹਨਾਂ ਨਾਲ ਆਏ ਹੋਏ ਪਤਵੰਤੇ ਸੱਜਣਾਂ ਦਾ ਤੇ ਬੱਚਿਆਂ ਦੇ ਮਾਪਿਆਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ ।ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਨਿੰਦਰ ਸਿੰਘ ਭੋਏ ,ਬਾਬਾ ਜੱਸਾ ਸਿੰਘ ,ਰਣਜੀਤ ਸਿੰਘ ਬਾਬੋਵਾਲ, ਬਾਬਾ ਰਾਜਾ ,ਜਗਰੂਪ ਸਿੰਘ ਬੋਪਾਰਾਏ , ਗੁਰਬਾਜ ਸਿੰਘ ਅਵਤਾਰ ਸਿੰਘ ਬੋਪਾਰਾਏ ,ਮੇਜਰ ਸਿੰਘ ਸੁਖਵਿੰਦਰ ਸਿੰਘ ਬਾਠ, ਜਸਵਿੰਦਰ ਸਿੰਘ, ਵੀਰ ਸਿੰਘ, ਪਲਵਿੰਦਰ ਸਿੰਘ, ਰਵਿੰਦਰ ਸਿੰਘ ,ਗੁਰਪ੍ਰੀਤ ਸਿੰਘ ,ਸਰਬਜੀਤ ਸਿੰਘ ਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

International Newspaper & WEB TV

# ਹਾਈਕੋਰਟ ਨੇ ਸਾਬਕਾ ਡੀਜੀਪੀ ਸੁਮੇਧ ਸੈਣੀ ਉਪਰ ਚਾਰਜ ਫ਼੍ਰੇਮ ਕਰਨ 'ਤੇ ਲਗਾਈ ਰੋਕ



**ਨਵੀਂ ਦਿੱਲੀ, 25 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ-ਹਰਿਆਣਾ ਹਾਈਕੋਰਟ ਨੇ ਪੰਜਾਬ ਦੇ ਸਾਬਕਾ ਡੀ.ਜੀ.ਪੀ. ਸੁਮੇਧ ਸੈਣੀ ਨੂੰ ਵੱਡੀ ਰਾਹਤ ਦਿੱਤੀ ਹੈ।ਅਦਾਲਤ ਨੇ ਬਲਵੰਤ ਸਿੰਘ ਮੁਲਤਾਨੀ ਕੇਸ ਵਿਚ ਚਾਰਜ ਫ਼੍ਰੇਮ ਕਰਨ 'ਤੇ ਲੱਗੀ ਰੋਕ ਲਾ ਦਿੱਤੀ ਹੈ। ਕੋਰਟ ਨੇ ਇਹ ਵੀ ਆਖਿਆ ਹੈ ਕਿ ਚਾਰਜ ਫ਼੍ਰੇਮ ਕਰਨ ਤੋਂ ਪਹਿਲਾਂ ਦੀ ਕਾਰਵਾਈ ਜਾਰੀ ਰਹੇਗੀ। ਇਸ ਮਾਮਲੇ ਵਿਚ ਪੰਜਾਬ ਸਰਕਾਰ ਨੇ ਆਪਣਾ ਜੁਆਬ ਦਾਖਿਲ ਨਹੀਂ ਕੀਤਾ ਹੈ ਤੇ ਅਗਲੀ ਸੁਣਵਾਈ ਤਕ ਜੁਆਬ ਦਾਖਿਲ ਕਰਵਾਣ ਦੀ ਉੱਮੀਦ ਹੈ। ਅਦਾਲਤ ਅੰਦਰ ਚ ਰਹੇ ਇਸ ਮਾਮਲੇ ਦੀ ਅਗਲੀ ਸੁਣਵਾਈ 10 ਦਸੰਬਰ ਨੂੰ ਹੋਵੇਗੀ।

International Newspaper & WEB TV

## ਕਰਜ਼ਦਾਰ

ਕਰਜ਼ਦਾਰ ਬਣਗੇ ਉਹਦੇ ਇਸ਼ਕ ਦੇ
ਨੈਣ ਬਣ ਨੈਣ ਰਹਿੰਦੇ ਲਿਸ਼ਕਦੇ ਦੇ
ਮੱਲੋਮੱਲੀ ਧੂਹ ਲੈ ਗਏ ਰੂਹ ਸਾਡੀ
ਲੁਟਾ ਬੈਠੇ ਸਭ,ਰਹਿ ਗਏ ਹਾਂ ਫਾਡੀ
ਦੀਦ ਉਹਦੀ ਨੂੰ ਤਰਸਣ ਮੁੜ ਨੈਣ
ਮਿਲ ਜਾਵੇ ਅੱਖੀਆਂ ਇਹੋ ਕਹਿਣ
ਚਿਹਰਾ ਵੇਖਿਆ ਚੁਬਾਰੇ,ਰਫੀਕ ਦਾ
ਮਨ ਗੁਆਚਿਆ,ਉਹਨੂੰ ਉਡੀਕ ਦਾ
ਮਿਲਦਾ ਨੀ,ਖੰਨੇ ਹੁਣ ਗਾਹੇ ਬਗਾਹੇ
ਤੇਰੇ ਨੈਣਾਂ ਸ਼ਰਾਰਤ ਕੀਤੀ,ਬਿਨ ਚਾਹੇ

**-ਅਜੀਤ ਖੰਨਾ**

International Newspaper & WEB TV

# ਸੋਸ਼ਲ ਮੀਡੀਆ ਬਨਾਮ ਪਰੰਪਰਾਗਤ ਮੀਡੀਆ: ਉਹ ਕਿਵੇਂ ਵੱਖਰੇ ਹਨ ?

**ਇੱਕ ਵਿਅਕਤੀ** ਆਪਣੇ ਸੱਜੇ ਹੱਥ ਵਿੱਚ ਇੱਕ ਸਮਾਰਟਫ਼ੋਨ ਫੜੀ ਹੋਈ ਹੈ, ਜਿਸ ਦੇ ਗਲੇ ਵਿੱਚ ਹੈੱਡਸੈੱਟ ਹੈ, ਥੋੜ੍ਹਾ ਜਿਹਾ ਮੁਸਕਰਾਉਂਦਾ ਹੋਇਆ ਅੱਗੇ ਦੇਖਦਾ ਹੈ।ਮੀਡੀਆ ਇੱਕ ਵਿਆਪਕ ਉਦਯੋਗ ਹੈ ਜਿਸ ਵਿੱਚ ਜਨਤਕ ਸੰਚਾਰ ਦਾ ਕੋਈ ਵੀ ਰੂਪ ਸ਼ਾਮਲ ਹੈ, ਜਿਵੇਂ ਕਿ ਰੇਡੀਓ, ਟੈਲੀਵਿਜ਼ਨ ਅਤੇ ਇੰਟਰਨੈਟ ਪਲੇਟਫਾਰਮ। ਸੋਸ਼ਲ ਮੀਡੀਆ ਅਤੇ ਪਰੰਪਰਾਗਤ ਮੀਡੀਆ ਮੀਡੀਆ ਖੇਤਰ ਦੇ ਦੋ ਪ੍ਰਾਇਮਰੀ ਸੈਕਟਰ ਹਨ, ਅਤੇ ਦੋਵੇਂ ਵੱਖ-ਵੱਖ ਦਰਸ਼ਕਾਂ ਨੂੰ ਮਹੱਤਵਪੂਰਨ ਜਾਣਕਾਰੀ ਜਾਂ ਸੂਝ ਪ੍ਰਦਾਨ ਕਰਨ ਲਈ ਉਪਯੋਗੀ ਹੋ ਸਕਦੇ ਹਨ। ਜੇਕਰ ਤੁਸੀਂ ਮੀਡੀਆ ਖੇਤਰ ਦੇ ਅੰਦਰ ਇੱਕ ਕਰੀਅਰ ਵਿੱਚ ਦਿਲਚਸਪੀ ਰੱਖਦੇ ਹੋ ਜਾਂ ਤੁਸੀਂ ਕਿਸੇ ਖਾਸ ਦਰਸ਼ਕਾਂ ਨਾਲ ਗੱਲਬਾਤ ਕਰਨ ਲਈ ਮੀਡੀਆ ਦੀ ਵਰਤੋਂ ਕਰਨਾ ਚਾਹੁੰਦੇ ਹੋ, ਤਾਂ ਇਹਨਾਂ ਦੋ ਮੀਡੀਆ ਕਿਸਮਾਂ ਬਾਰੇ ਹੋਰ ਸਿੱਖਣ ਨਾਲ ਇਹ ਪਤਾ ਲਗਾਉਣ ਵਿੱਚ ਤੁਹਾਡੀ ਮਦਦ ਹੋ ਸਕਦੀ ਹੈ ਕਿ ਤੁਹਾਡੇ ਲਈ ਕਿਹੜਾ ਸਹੀ ਹੋ ਸਕਦਾ ਹੈ। ਇਸ ਲੇਖ ਵਿੱਚ, ਅਸੀਂ ਸਮਝਾਉਂਦੇ ਹਾਂ ਕਿ ਸਮਾਜਿਕ ਅਤੇ ਪਰੰਪਰਾਗਤ ਮੀਡੀਆ ਕੀ ਹਨ, ਦੋ ਮੀਡੀਆ ਕਿਸਮਾਂ ਦੇ ਵਿਚਕਾਰ ਮੁੱਖ ਅੰਤਰ ਦੀ ਸੂਚੀ ਬਣਾਓ ਅਤੇ ਹਰੇਕ ਸੈਕਟਰ ਦੇ ਅੰਦਰ ਪ੍ਰਾਇਮਰੀ ਨੌਕਰੀਆਂ ਦੀ ਸੂਚੀ ਪ੍ਰਦਾਨ ਕਰੋ। ਸੋਸ਼ਲ ਮੀਡੀਆ ਕੀ ਹੈ ? ਸੋਸ਼ਲ ਮੀਡੀਆ ਵੈੱਬਸਾਈਟਾਂ, ਇੰਟਰਨੈੱਟ ਪਲੇਟਫਾਰਮ ਅਤੇ ਹੋਰ ਤਕਨੀਕਾਂ ਹਨ ਜੋ ਕਾਰੋਬਾਰਾਂ ਅਤੇ ਵਿਅਕਤੀਆਂ ਨੂੰ ਔਨਲਾਈਨ ਗੱਲਬਾਤ ਕਰਨ ਦੀ ਇਜਾਜ਼ਤ ਦਿੰਦੀਆਂ ਹਨ। ਇੱਥੇ ਬਹੁਤ ਸਾਰੇ ਸੋਸ਼ਲ ਮੀਡੀਆ ਪਲੇਟਫਾਰਮ ਹਨ ਜਿਨ੍ਹਾਂ ਵਿੱਚ ਵੱਖ-ਵੱਖ ਵੈਬਸਾਈਟਾਂ, ਮੈਸੇਜਿੰਗ ਪਲੇਟਫਾਰਮ ਅਤੇ ਐਪਲੀਕੇਸ਼ਨ ਸ਼ਾਮਲ ਹਨ, ਅਤੇ ਹਰੇਕ ਪਲੇਟਫਾਰਮ ਵਿੱਚ ਵੱਖ-ਵੱਖ ਵਿਸ਼ੇਸ਼ਤਾਵਾਂ ਅਤੇ ਸਮਰੱਥਾਵਾਂ ਹੋ ਸਕਦੀਆਂ ਹਨ। ਕੰਪਨੀਆਂ ਸੋਸ਼ਲ ਮੀਡੀਆ ਦੀ ਵਰਤੋਂ ਆਪਣੇ ਉਤਪਾਦਾਂ ਜਾਂ ਸੇਵਾਵਾਂ ਦੀ ਮਸ਼ਹੂਰੀ ਕਰਨ, ਗਾਹਕਾਂ ਦੇ ਸਵਾਲਾਂ ਦੇ ਜਵਾਬ ਦੇਣ ਜਾਂ ਨਵੇਂ ਬ੍ਰਾਂਡ ਜਾਂ ਵਿਚਾਰ ਨੂੰ ਪ੍ਰਸਾਰਿਤ ਕਰਨ ਲਈ ਕਰ ਸਕਦੀਆਂ ਹਨ ।ਰਵਾਇਤੀ ਮੀਡੀਆ ਕੀ ਹੈ ?ਪਰੰਪਰਾਗਤ ਮੀਡੀਆ ਜਨਤਕ ਸੰਚਾਰ ਦਾ ਇੱਕ ਰੂਪ ਹੈ ਜਿਸ ਵਿੱਚ ਕਿਸੇ ਖਾਸ ਦਰਸ਼ਕਾਂ ਨਾਲ ਵਿਚਾਰਾਂ ਜਾਂ ਇਸ਼ਤਿਹਾਰਾਂ ਨੂੰ ਸਾਂਝਾ ਕਰਨਾ ਸ਼ਾਮਲ ਹੁੰਦਾ ਹੈ ।ਰਵਾਇਤੀ ਮੀਡੀਆ ਵਿੱਚ ਅਖ਼ਬਾਰਾਂ, ਟੈਲੀਵਿਜ਼ਨ ਪ੍ਰੋਗਰਾਮ, ਰਸਾਲੇ ਅਤੇ ਰੇਡੀਓ ਸ਼ੋਅ ਸ਼ਾਮਲ ਹੋ ਸਕਦੇ ਹਨ। ਇਸ ਵਿੱਚ ਇਹਨਾਂ ਸਾਧਨਾਂ ਦੇ ਡਿਜੀਟਲ ਸੰਸਕਰਣ ਵੀ ਸ਼ਾਮਲ ਹੋ ਸਕਦੇ ਹਨ, ਜਿਵੇਂ ਕਿ ਇੱਕ ਔਨਲਾਈਨ ਮੈਗਜ਼ੀਨ ਜਾਂ ਇੱਕ ਬਲੌਗ ।ਇੰਟਰਨੈਟ ਤੋਂ ਪਹਿਲਾਂ, ਪਰੰਪਰਾਗਤ ਮੀਡੀਆ ਅਕਸਰ ਸੰਭਾਵੀ ਗਾਹਕਾਂ ਨੂੰ ਸੰਸਥਾਵਾਂ ਦੁਆਰਾ ਇਸ਼ਤਿਹਾਰ ਦੇਣ ਦਾ ਪ੍ਰਾਇਮਰੀ ਤਰੀਕਾ ਸੀ। ਸੋਸ਼ਲ ਮੀਡੀਆ ਬਨਾਮ ਰਵਾਇਤੀ ਮੀਡੀਆ ਭਾਵੇਂ ਤੁਸੀਂ ਮੀਡੀਆ ਕਰੀਅਰ ਨੂੰ ਅੱਗੇ ਵਧਾਉਣ ਬਾਰੇ ਵਿਚਾਰ ਕਰ ਰਹੇ ਹੋ ਜਾਂ ਕਿਸੇ ਕਾਰੋਬਾਰ ਜਾਂ ਉਤਪਾਦ ਦੀ ਮਾਰਕੀਟਿੰਗ ਕਰਨ ਦੇ ਤਰੀਕਿਆਂ ਦੀ ਪੜਚੋਲ ਕਰ ਰਹੇ ਹੋ, ਸਮਾਜਿਕ ਅਤੇ ਪਰੰਪਰਾਗਤ ਮੀਡੀਆ ਵਿਚਕਾਰ ਅੰਤਰਾਂ ਬਾਰੇ ਸਿੱਖਣਾ ਤੁਹਾਨੂੰ ਬਿਹਤਰ ਢੰਗ ਨਾਲ ਇਹ ਨਿਰਧਾਰਤ ਕਰਨ ਵਿੱਚ ਮਦਦ ਕਰ ਸਕਦਾ ਹੈ ਕਿ ਤੁਹਾਡੇ ਇੱਛੁਕ ਦਰਸ਼ਕਾਂ ਲਈ ਕਿਹੜਾ ਵਧੇਰੇ ਪ੍ਰਭਾਵਸ਼ਾਲੀ ਹੋ ਸਕਦਾ ਹੈ।ਇੱਥੇ ਇਹਨਾਂ ਦੋ ਕਿਸਮਾਂ ਦੇ ਮੀਡੀਆ ਵਿਚਕਾਰ ਕੁਝ ਮੁੱਖ ਅੰਤਰ ਹਨ: ਦਰਸ਼ਕ ਸੋਸ਼ਲ ਅਤੇ ਪਰੰਪਰਾਗਤ ਮੀਡੀਆ ਦੋਵੇਂ ਇੱਕ ਖਾਸ ਦਰਸ਼ਕਾਂ ਨਾਲ ਜੁੜਨ ਲਈ ਉਪਯੋਗੀ ਸਾਧਨ ਹੋ ਸਕਦੇ ਹਨ। ਰਵਾਇਤੀ ਮੀਡੀਆ ਆਮ ਤੌਰ 'ਤੇ ਕਾਰੋਬਾਰਾਂ ਨੂੰ ਵਿਆਪਕ ਦਰਸ਼ਕਾਂ ਦਾ ਧਿਆਨ ਖਿੱਚਣ ਵਿੱਚ ਮਦਦ ਕਰਦਾ ਹੈ। ਉਦਾਹਰਨ ਲਈ, ਇੱਕ ਕੰਪਨੀ ਇੱਕ ਰਾਸ਼ਟਰੀ ਟੈਲੀਵਿਜ਼ਨ ਨੈੱਟਵਰਕ 'ਤੇ ਸਵੇਰ ਦੀਆਂ ਖਬਰਾਂ ਦੌਰਾਨ ਆਪਣੇ ਉਤਪਾਦ ਦੀ ਮਸ਼ਹੂਰੀ ਕਰਨ ਲਈ ਭੁਗਤਾਨ ਕਰ ਸਕਦੀ ਹੈ। ਇਹ ਉਸ ਕੰਪਨੀ ਨੂੰ ਵਧੇਰੇ ਦਰਸ਼ਕਾਂ ਨੂੰ ਆਕਰਸ਼ਿਤ ਕਰਨ ਦੀ ਇਜਾਜ਼ਤ ਦਿੰਦਾ ਹੈ, ਕਿਉਂਕਿ ਬਹੁਤ ਸਾਰੇ ਲੋਕ ਕੰਮ 'ਤੇ ਜਾਣ ਤੋਂ ਪਹਿਲਾਂ ਸਵੇਰ ਨੂੰ ਖ਼ਬਰਾਂ ਦੇਖਣ ਲਈ ਹੁੰਦੇ ਹਨ। ਸੋਸ਼ਲ ਮੀਡੀਆ ਆਮ ਤੌਰ 'ਤੇ ਇੱਕ ਛੋਟੇ, ਵਧੇਰੇ ਖਾਸ ਦਰਸ਼ਕਾਂ ਲਈ ਉਪਯੋਗੀ ਹੁੰਦਾ ਹੈ। ਸੋਸ਼ਲ ਮੀਡੀਆ ਮਾਹਰ ਕਿਸੇ ਕੰਪਨੀ ਦੇ ਪੈਰੋਕਾਰਾਂ ਨੂੰ ਨਿਸ਼ਾਨਾ ਬਣਾਉਣ ਲਈ ਪੋਸਟਾਂ ਬਣਾ ਸਕਦੇ ਹਨ ਜਾਂ ਉਹ ਕਿਸੇ ਖਾਸ ਸਮੂਹ ਦਾ ਧਿਆਨ ਬਰਕਰਾਰ ਰੱਖਣ ਲਈ ਇੱਕ ਹੋਰ ਵਿਅਕਤੀਗਤ ਇਸ਼ਤਿਹਾਰ ਵਿਕਸਿਤ ਕਰ ਸਕਦੇ ਹਨ। ਉਦਾਹਰਨ ਲਈ, ਇੱਕ ਕੱਪੜੇ ਦੀ ਕੰਪਨੀ ਜੋ ਛੋਟੀਆਂ ਔਰਤਾਂ ਲਈ ਕੱਪੜੇ ਬਣਾਉਂਦੀ ਹੈ, ਉਹ ਆਪਣੇ ਚੈਨਲਾਂ 'ਤੇ ਇੱਕ ਨਵੇਂ ਡਿਜ਼ਾਈਨ ਬਾਰੇ ਪੋਸਟ ਕਰ ਸਕਦੀ ਹੈ, ਜਿਸ ਨਾਲ ਇਸਦੇ ਸੋਸ਼ਲ ਮੀਡੀਆ ਪੈਰੋਕਾਰਾਂ ਨੂੰ ਪੋਸਟ ਨੂੰ ਹੋਰ ਆਸਾਨੀ ਨਾਲ ਲੱਭਣ ਅਤੇ ਸਾਂਝਾ ਕਰਨ ਦੀ ਇਜਾਜ਼ਤ ਮਿਲਦੀ ਹੈ। ਕੰਪਨੀ ਦੀ ਮਾਰਕੀਟਿੰਗ ਟੀਮ ਵਧੇਰੇ ਖਾਸ ਉਮਰ ਸਮੂਹਾਂ ਲਈ ਪੋਸਟ ਨੂੰ ਨਿਸ਼ਾਨਾ ਬਣਾਉਣ ਅਤੇ ਅਨੁਕੂਲਿਤ ਕਰਨ ਲਈ ਸੋਸ਼ਲ ਮੀਡੀਆ ਐਲਗੋਰਿਦਮ ਦੀ ਵਰਤੋਂ ਕਰ ਸਕਦੀ ਹੈ। ਸੰਵਾਦ ਸੋਸ਼ਲ ਅਤੇ ਪਰੰਪਰਾਗਤ ਮੀਡੀਆ ਦੋਵੇਂ ਵੱਖ-ਵੱਖ ਕਿਸਮਾਂ ਦੇ ਸੰਚਾਰ ਜਾਂ ਸੰਵਾਦ ਦੀ ਪੇਸ਼ਕਸ਼ ਕਰਦੇ ਹਨ। ਪਰੰਪਰਾਗਤ ਮੀਡੀਆ ਅਕਸਰ ਇੱਕ ਤਰਫਾ ਸੰਚਾਰ ਸਾਧਨ ਹੁੰਦਾ ਹੈ, ਮਤਲਬ ਕਿ ਇਹ ਮੁੱਖ ਤੌਰ 'ਤੇ ਦਰਸ਼ਕਾਂ ਨੂੰ ਸੂਚਿਤ ਕਰਨਾ ਜਾਂ ਮਨਾਉਣ ਦਾ ਇਰਾਦਾ ਰੱਖਦਾ ਹੈ।ਉਦਾਹਰਨ ਲਈ, ਕੋਈ ਕਾਰੋਬਾਰ ਸਥਾਨਕ ਵਿੱਚ ਇੱਕ ਇਸ਼ਤਿਹਾਰ ਪੋਸਟ ਕਰ ਸਕਦਾ ਹੈਅਖਬਾਰ ਜਾਂ ਦਿਨ ਦੇ ਸਮੇਂ ਟੈਲੀਵਿਜ਼ਨ 'ਤੇ ਆਪਣੇ ਖੁਦ ਦੇ ਵਪਾਰਕ ਨੂੰ ਦਰਸ਼ਕਾਂ ਨਾਲ ਤੇਜ਼ੀ ਨਾਲ ਸਾਂਝਾ ਕਰਨ ਲਈ. ਸੋਸ਼ਲ ਮੀਡੀਆ ਇਸ ਵਿੱਚ ਵੱਖਰਾ ਹੈ ਕਿ ਇਹ ਕੰਪਨੀਆਂ ਨੂੰ ਆਪਣੇ ਇੱਛਤ ਦਰਸ਼ਕਾਂ ਨਾਲ ਦੋ-ਪੱਖੀ ਸੰਵਾਦ ਨੂੰ ਉਤਸ਼ਾਹਿਤ ਕਰਨ ਅਤੇ ਉਹਨਾਂ ਨਾਲ ਨਿਰੰਤਰ ਗੱਲਬਾਤ ਨੂੰ ਕਾਇਮ ਰੱਖਣ ਦੀ ਇਜਾਜ਼ਤ ਦਿੰਦਾ ਹੈ। ਉਦਾਹਰਨ ਲਈ, ਕੋਈ ਕੰਪਨੀ ਆਪਣੀ ਨਵੀਂ ਸੇਵਾ ਦਾ ਇਸ਼ਤਿਹਾਰ ਦਿੰਦੇ ਹੋਏ ਆਪਣੇ ਸੋਸ਼ਲ ਮੀਡੀਆ ਚੈਨਲਾਂ 'ਤੇ ਤਸਵੀਰ ਪੋਸਟ ਕਰ ਸਕਦੀ ਹੈ। ਸੰਭਾਵੀ ਗਾਹਕ ਪੋਸਟ ਦਾ ਜਨਤਕ ਤੌਰ 'ਤੇ ਜਵਾਬ ਦੇ ਕੇ ਅਤੇ ਇਸਨੂੰ ਪਸੰਦ ਕਰਨ ਜਾਂ ਉਹਨਾਂ ਦੇ ਅਨੁਸਰਣ ਕਰਨ ਵਾਲਿਆਂ ਨਾਲ ਸਾਂਝਾ ਕਰਕੇ ਇਸ ਨਾਲ ਗੱਲਬਾਤ ਕਰ ਸਕਦੇ ਹਨ। ਇਹ ਕੰਪਨੀ ਨੂੰ ਆਪਣੀ ਬ੍ਰਾਂਡ ਜਾਗਰੂਕਤਾ ਵਧਾਉਣ, ਗਾਹਕਾਂ ਤੋਂ ਜਲਦੀ ਫੀਡਬੈਕ ਪ੍ਰਾਪਤ ਕਰਨ ਅਤੇ ਉਹਨਾਂ ਨਾਲ ਹੋਰ ਆਸਾਨੀ ਨਾਲ ਜੁੜਨ ਦੀ ਆਗਿਆ ਦੇ ਸਕਦਾ ਹੈ। ਲਾਗਤ ਫਾਰਮੈਟ 'ਤੇ ਨਿਰਭਰ ਕਰਦੇ ਹੋਏ, ਮਾਰਕੀਟਿੰਗ ਲਈ ਮੀਡੀਆ ਦੀ ਲਾਗਤ ਵੱਖ-ਵੱਖ ਹੋ ਸਕਦੀ ਹੈ।ਸੋਸ਼ਲ ਮੀਡੀਆ ਆਮ ਤੌਰ 'ਤੇ ਰਵਾਇਤੀ ਮੀਡੀਆ ਨਾਲੋਂ ਘੱਟ ਖਰਚ ਕਰਦਾ ਹੈ ਪਰ ਵਧੇਰੇ ਦਰਸ਼ਕਾਂ ਨੂੰ ਆਕਰਸ਼ਿਤ ਕਰਨ ਲਈ ਵਧੇਰੇ ਵਿਅਕਤੀਗਤ ਭੁਗਤਾਨਾਂ ਦੀ ਲੋੜ ਹੋ ਸਕਦੀ ਹੈ।ਉਦਾਹਰਨ ਲਈ, ਜੇਕਰ ਇੱਕ ਮਾਰਕੀਟਿੰਗ ਟੀਮ ਇੱਕ ਨਵੇਂ ਉਤਪਾਦ ਲਈ ਇੱਕ ਇਸ਼ਤਿਹਾਰ ਪੋਸਟ ਕਰਨਾ ਚਾਹੁੰਦੀ ਹੈ, ਤਾਂ ਇਹ ਮੁਫਤ ਵਿੱਚ ਜਾਂ ਇੱਕ ਛੋਟੀ ਜਿਹੀ ਲਾਗਤ ਲਈ ਇੱਕ ਸੋਸ਼ਲ ਮੀਡੀਆ ਘੋਸ਼ਣਾ ਬਣਾ ਸਕਦੀ ਹੈ।ਇੱਕ ਕੰਪਨੀ ਆਪਣੇ ਸੋਸ਼ਲ ਮੀਡੀਆ 'ਤੇ ਜਿੰਨੇ ਜ਼ਿਆਦਾ ਭੁਗਤਾਨ ਕੀਤੇ ਇਸ਼ਤਿਹਾਰ ਪੋਸਟ ਕਰਦੀ ਹੈ, ਓਨੀ ਹੀ ਆਸਾਨੀ ਨਾਲ ਇਹ ਆਪਣੇ ਨਿਸ਼ਾਨਾ ਦਰਸ਼ਕਾਂ ਦਾ ਧਿਆਨ ਖਿੱਚਣ ਦੇ ਯੋਗ ਹੋ ਸਕਦੀ ਹੈ। ਮੀਡੀਆ ਸੰਸਥਾ ਜਾਂ ਕੰਪਨੀ 'ਤੇ ਨਿਰਭਰ ਕਰਦੇ ਹੋਏ, ਰਵਾਇਤੀ ਮੀਡੀਆ ਨੇ ਅਕਸਰ ਦਰਾਂ ਨਿਰਧਾਰਤ ਕੀਤੀਆਂ ਹੁੰਦੀਆਂ ਹਨ।ਉਦਾਹਰਨ ਲਈ, ਇੱਕ ਕੰਪਨੀ ਜੋ ਇੱਕ ਮੈਗਜ਼ੀਨ ਵਿੱਚ ਇੱਕ ਇਸ਼ਤਿਹਾਰ ਪੋਸਟ ਕਰਨਾ ਚਾਹੁੰਦੀ ਹੈ, ਉਹ ਮੈਗਜ਼ੀਨ ਕੰਪਨੀ ਨੂੰ ਇੱਕ ਖਾਸ ਫੀਸ ਅਦਾ ਕਰ ਸਕਦੀ ਹੈ।ਟੀਵੀ ਅਤੇ ਰੇਡੀਓ ਵਿਗਿਆਪਨਾਂ ਦੀ ਲਾਗਤ ਅਕਸਰ ਦਿਨ ਦੇ ਖਾਸ ਸਮੇਂ ਜਾਂ ਦਰਸ਼ਕਾਂ ਦੀ ਗਿਣਤੀ 'ਤੇ ਨਿਰਭਰ ਕਰਦੀ ਹੈ। ਉਹ ਸ਼ੋਅ ਜੋ ਵਧੇਰੇ ਦਰਸ਼ਕ ਪ੍ਰਾਪਤ ਕਰਦੇ ਹਨ ਜਾਂ ਦਿਨ ਦੇ ਸਮੇਂ ਜਦੋਂ ਜ਼ਿਆਦਾ ਲੋਕ ਪ੍ਰੋਗਰਾਮ ਦੇਖ ਰਹੇ ਹੁੰਦੇ ਹਨ, ਉੱਚ ਵਿਗਿਆਪਨ ਲਾਗਤਾਂ ਨਾਲ ਸਬੰਧਿਤ ਹੋ ਸਕਦੇ ਹਨ। ਟਾਈਮਿੰਗ ਇਹਨਾਂ ਦੋ ਮੀਡੀਆ ਫਾਰਮੈਟਾਂ ਲਈ ਟਾਈਮਲਾਈਨ ਜਾਂ ਉਤਪਾਦਨ ਅਨੁਸੂਚੀ ਵੀ ਵੱਖ-ਵੱਖ ਹੋ ਸਕਦੀ ਹੈ। ਰਵਾਇਤੀ ਮੀਡੀਆ ਨੂੰ ਆਮ ਤੌਰ 'ਤੇ ਬਣਾਉਣ ਲਈ ਜ਼ਿਆਦਾ ਸਮਾਂ ਲੱਗਦਾ ਹੈ ਅਤੇ ਇਸਦੀ ਵਿਸਤ੍ਰਿਤ ਸਮਾਂ-ਸਾਰਣੀ ਹੁੰਦੀ ਹੈ ਜੋ ਵਿਗਿਆਪਨ ਦੇ ਖਾਸ ਰੂਪ 'ਤੇ ਨਿਰਭਰ ਕਰਦੀ ਹੈ।ਉਦਾਹਰਨ ਲਈ, ਇੱਕ ਮੈਗਜ਼ੀਨ ਵਿੱਚ ਇਸ਼ਤਿਹਾਰ ਦੇਣ ਵਿੱਚ ਦਿਲਚਸਪੀ ਰੱਖਣ ਵਾਲੀਆਂ ਮਾਰਕੀਟਿੰਗ ਟੀਮਾਂ ਲਈ ਉਸ ਮੈਗਜ਼ੀਨ ਦੇ ਪ੍ਰਕਾਸ਼ਨ ਅਨੁਸੂਚੀ ਦੇ ਆਧਾਰ 'ਤੇ ਆਪਣੇ ਇਸ਼ਤਿਹਾਰਾਂ ਨੂੰ ਵਿਕਸਤ ਕਰਨ ਲਈ ਇਹ ਜ਼ਰੂਰੀ ਹੋਵੇਗਾ।ਇਸਦਾ ਮਤਲਬ ਮਹੀਨਾਵਾਰ ਵਿਗਿਆਪਨ ਵਿਕਸਿਤ ਕਰਨਾ ਹੋ ਸਕਦਾ ਹੈ ਜੇਕਰ ਮੈਗਜ਼ੀਨ ਹਰ ਮਹੀਨੇ ਦੀ ਸ਼ੁਰੂਆਤ ਵਿੱਚ ਨਵੀਂ ਸਮੱਗਰੀ ਪ੍ਰਕਾਸ਼ਿਤ ਕਰਦੀ ਹੈ। ਸੋਸ਼ਲ ਮੀਡੀਆ ਦੀ ਅਕਸਰ ਵਧੇਰੇ ਲਚਕਦਾਰ ਟਾਈਮਲਾਈਨ ਹੁੰਦੀ ਹੈ। ਕੰਪਨੀਆਂ ਜਾਣਕਾਰੀ ਪੋਸਟ ਕਰ ਸਕਦੀਆਂ ਹਨ ਅਤੇ ਗਾਹਕਾਂ ਨਾਲ ਤੇਜ਼ੀ ਨਾਲ ਅਤੇ ਅਕਸਰ ਸੰਚਾਰ ਕਰ ਸਕਦੀਆਂ ਹਨ। ਉਹਨਾਂ ਦੁਆਰਾ ਬਣਾਏ ਗਏ ਇਸ਼ਤਿਹਾਰਾਂ ਦੀ ਗਿਣਤੀ ਅਤੇ ਉਹਨਾਂ ਦੁਆਰਾ ਉਹਨਾਂ ਨੂੰ ਪੋਸਟ ਕਰਨ ਦੀ ਬਾਰੰਬਾਰਤਾ ਅਕਸਰ ਉਹਨਾਂ ਦਾ ਫੈਸਲਾ ਹੁੰਦਾ ਹੈ। ਕੁਝ ਕੰਪਨੀਆਂ ਸਾਲ ਦੇ ਸਮੇਂ ਅਤੇ ਉਹਨਾਂ ਦੇ ਦਰਸ਼ਕਾਂ ਦੀਆਂ ਤਰਜੀਹਾਂ ਦੇ ਆਧਾਰ 'ਤੇ ਆਪਣੀ ਸੋਸ਼ਲ ਮੀਡੀਆ ਸਮੱਗਰੀ ਨੂੰ ਸੀਮਤ ਕਰਨ ਦਾ ਫੈਸਲਾ ਕਰ ਸਕਦੀਆਂ ਹਨ, ਜਦੋਂ ਕਿ ਦੂਜੀਆਂ ਜਿੰਨੀਆਂ ਸੰਭਵ ਹੋ ਸਕੇ ਪੋਸਟ ਕਰ ਸਕਦੀਆਂ ਹਨ। ਅਨੁਕੂਲਤਾ ਰਵਾਇਤੀ ਪੋਸਟਾਂ ਨਾਲੋਂ ਸੋਸ਼ਲ ਮੀਡੀਆ ਪੋਸਟਾਂ ਨੂੰ ਸੰਪਾਦਿਤ ਕਰਨਾ ਅਤੇ ਬਦਲਣਾ ਆਮ ਤੌਰ 'ਤੇ ਸੰਭਵ ਹੈ। ਉਦਾਹਰਨ ਲਈ, ਪੋਸਟ ਕਰਨ ਤੋਂ ਬਾਅਦ, ਇੱਕ ਸੋਸ਼ਲ ਮੀਡੀਆ ਮਾਹਰ ਪੋਸਟ ਨੂੰ ਸੰਪਾਦਿਤ ਕਰ ਸਕਦਾ ਹੈ, ਇਸਨੂੰ ਅੱਪਡੇਟ ਕਰ ਸਕਦਾ ਹੈ ਜਾਂ ਇਸਨੂੰ ਪ੍ਰਾਪਤ ਹੋਣ ਵਾਲੇ ਰਿਸੈਪਸ਼ਨ ਦੇ ਅਧਾਰ ਤੇ ਇਸਨੂੰ ਪੂਰੀ ਤਰ੍ਹਾਂ ਮਿਟਾ ਸਕਦਾ ਹੈ।ਰਵਾਇਤੀ ਮੀਡੀਆ ਦੇ ਨਾਲ, ਸਮੱਗਰੀ ਆਮ ਤੌਰ 'ਤੇ ਇੱਕੋ ਜਿਹੀ ਰਹਿੰਦੀ ਹੈ। ਉਦਾਹਰਨ ਲਈ, ਇੱਕ ਕੰਪਨੀ ਜੋ ਇੱਕ ਅਖਬਾਰ ਵਿੱਚ ਇੱਕ ਇਸ਼ਤਿਹਾਰ ਪੋਸਟ ਕਰਦੀ ਹੈ, ਪ੍ਰਕਾਸ਼ਨ ਤੋਂ ਬਾਅਦ ਇਸਨੂੰ ਆਸਾਨੀ ਨਾਲ ਬਦਲ ਨਹੀਂ ਸਕਦੀ।ਹਾਲਾਂਕਿ ਰਵਾਇਤੀ ਫਾਰਮੈਟਾਂ ਵਿੱਚ ਜਾਣਕਾਰੀ ਨੂੰ ਸੰਪਾਦਿਤ ਕਰਨਾ ਜਾਂ ਬਦਲਣਾ ਆਮ ਤੌਰ 'ਤੇ ਵਧੇਰੇ ਚੁਣੌਤੀਪੂਰਨ ਹੁੰਦਾ ਹੈ, ਪਰ ਇਹਨਾਂ ਫਾਰਮੈਟਾਂ ਦੇ ਨਤੀਜੇ ਵਜੋਂ ਉੱਚ ਦਰਸ਼ਕ ਪ੍ਰਭਾਵ ਹੋ ਸਕਦਾ ਹੈ। ਲੇਖਕ ਕੰਟਰੋਲ ਇਹ ਮੀਡੀਆ ਕਿਸਮਾਂ ਲੇਖਕ ਨਿਯੰਤਰਣ ਦੇ ਵੱਖ-ਵੱਖ ਪੱਧਰਾਂ ਦੀ ਪੇਸ਼ਕਸ਼ ਕਰ ਸਕਦੀਆਂ ਹਨ। ਉਦਾਹਰਨ ਲਈ, ਜੇਕਰ ਕੋਈ ਸਥਾਨਕ ਰੇਡੀਓ ਸ਼ੋਅ ਕਿਸੇ ਕੰਪਨੀ ਦੀ ਇੰਟਰਵਿਊ ਲੈਣਾ ਚਾਹੁੰਦਾ ਹੈ, ਤਾਂ ਰੇਡੀਓ ਸ਼ੋਅ ਦੇ ਲੇਖਕ ਪ੍ਰੋਗਰਾਮ ਦੀ ਯੋਜਨਾ ਬਣਾ ਸਕਦੇ ਹਨ, ਲਿਖ ਸਕਦੇ ਹਨ ਅਤੇ ਨਿਰਦੇਸ਼ਿਤ ਕਰ ਸਕਦੇ ਹਨ। ਸੋਸ਼ਲ ਮੀਡੀਆ ਕੰਪਨੀਆਂ ਨੂੰ ਆਪਣੀ ਸਮਗਰੀ ਬਣਾਉਣ ਦੇ ਵਧੇਰੇ ਮੌਕੇ ਦੀ ਇਜਾਜ਼ਤ ਦਿੰਦਾ ਹੈ ਜਦੋਂ ਤੱਕ ਇਹ ਕੁਝ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਾ ਹੈ। ਸੋਸ਼ਲ ਮੀਡੀਆ ਦੀ ਵਰਤੋਂ ਕਰਨ ਵਾਲੀਆਂ ਕੰਪਨੀਆਂ ਆਪਣੇ ਪ੍ਰਕਾਸ਼ਨ ਦੀ ਮਿਤੀ ਵਿੱਚ ਦੇਰੀ ਕਰਨ ਜਾਂ ਇਹ ਨਿਰਧਾਰਤ ਕਰਨ ਦਾ ਫੈਸਲਾ ਵੀ ਕਰ ਸਕਦੀਆਂ ਹਨ ਕਿ ਕੀ☆ ਦਰਸ਼ਕ ਉਹ ਨਿਸ਼ਾਨਾ ਬਣਾਉਣਾ ਚਾਹੁੰਦੇ ਹਨ। ਪ੍ਰਭਾਵ ਜਦੋਂ ਕਿ ਦੋਵੇਂ ਮੀਡੀਆ ਕਿਸਮਾਂ ਦਾ ਉਦੇਸ਼ ਦਰਸ਼ਕਾਂ ਨੂੰ ਪ੍ਰਭਾਵਿਤ ਕਰਨਾ ਹੁੰਦਾ ਹੈ, ਪਰੰਪਰਾਗਤ ਫਾਰਮੈਟ ਅਕਸਰ ਦਰਸ਼ਕਾਂ ਨੂੰ ਸਿੱਧੇ ਤੌਰ 'ਤੇ ਪ੍ਰਭਾਵਿਤ ਕਰਨ ਦਾ ਟੀਚਾ ਰੱਖਦੇ ਹਨ। ਇਹ ਸੋਸ਼ਲ ਮੀਡੀਆ ਉਪਭੋਗਤਾਵਾਂ ਲਈ ਸਪੱਸ਼ਟ ਨਹੀਂ ਹੋ ਸਕਦਾ ਹੈ ਕਿ ਇੱਕ ਪੋਸਟ ਇੱਕ ਇਸ਼ਤਿਹਾਰ ਹੈ, ਕਿਉਂਕਿ ਸੋਸ਼ਲ ਮੀਡੀਆ ਅਕਸਰ ਵਧੇਰੇ ਰਚਨਾਤਮਕਤਾ ਦੀ ਆਗਿਆ ਦਿੰਦਾ ਹੈ. ਉਦਾਹਰਨ ਲਈ, ਜੁੱਤੀਆਂ ਵੇਚਣ ਵਾਲੀ ਕੰਪਨੀ ਉਪਭੋਗਤਾ ਦੀ ਸ਼ਮੂਲੀਅਤ ਨੂੰ ਵਧਾਉਣ ਲਈ ਆਪਣੇ ਸੋਸ਼ਲ ਮੀਡੀਆ ਚੈਨਲ 'ਤੇ ਇੱਕ ਮਜ਼ੇਦਾਰ ਕਵਿਜ਼ ਪੋਸਟ ਕਰ ਸਕਦੀ ਹੈ।ਸੋਸ਼ਲ ਮੀਡੀਆ ਦਰਸ਼ਕਾਂ ਨੂੰ ਵੱਖ-ਵੱਖ ਤਰੀਕਿਆਂ ਨਾਲ ਪ੍ਰਭਾਵਿਤ ਕਰ ਸਕਦਾ ਹੈ ਜੋ ਮਾਰਕੀਟਿੰਗ ਲਈ ਬਾਹਰੀ ਹਨ।ਉਦਾਹਰਨ ਲਈ, ਕੋਈ ਕੰਪਨੀ ਆਪਣੇ ਮੌਜੂਦਾ ਉਤਪਾਦਾਂ ਨੂੰ ਬਿਹਤਰ ਬਣਾਉਣ ਲਈ ਉਪਭੋਗਤਾ ਫੀਡਬੈਕ ਪ੍ਰਾਪਤ ਕਰਨ ਲਈ ਇਸਦੀ ਵਰਤੋਂ ਕਰ ਸਕਦੀ ਹੈ। ਸੋਸ਼ਲ ਮੀਡੀਆ ਵਿੱਚ ਕਰੀਅਰ ਇਸ ਕਿਸਮ ਦੇ ਮੀਡੀਆ ਦੇ ਅੰਦਰ ਨੌਕਰੀ ਦੇ ਮੌਕਿਆਂ ਦੀ ਤੁਲਨਾ ਕਰਨਾ ਤੁਹਾਨੂੰ ਇਹ ਨਿਰਧਾਰਤ ਕਰਨ ਵਿੱਚ ਮਦਦ ਕਰ ਸਕਦਾ ਹੈ ਕਿ ਤੁਹਾਡੇ ਲਈ ਕਿਹੜਾ ਸਭ ਤੋਂ ਵਧੀਆ ਹੈ। ਇੱਥੇ ਸੋਸ਼ਲ ਮੀਡੀਆ ਵਿੱਚ ਕੁਝ ਖਾਸ ਨੌਕਰੀਆਂ ਹਨ।ਸੱਚਮੁੱਚ ਤੋਂ ਸਭ ਤੋਂ ਤਾਜ਼ਾ ਤਨਖਾਹ ਜਾਣਕਾਰੀ ਲਈ, 1.ਸੋਸ਼ਲ ਮੀਡੀਆ ਰਣਨੀਤੀਕਾਰ ਰਾਸ਼ਟਰੀ ਔਸਤ ਤਨਖਾਹ: £63,875 ਪ੍ਰਤੀ ਸਾਲ ਪ੍ਰਾਇਮਰੀ ਫਰਜ਼: ਇੱਕ ਸੋਸ਼ਲ ਮੀਡੀਆ ਰਣਨੀਤੀਕਾਰ ਕੰਪਨੀਆਂ ਲਈ ਡਿਜੀਟਲ ਮਾਰਕੀਟਿੰਗ ਰਣਨੀਤੀਆਂ ਬਣਾਉਂਦਾ ਹੈ।ਉਹ ਸ਼ੁਰੂਆਤੀ ਰਣਨੀਤੀਆਂ ਦੀ ਯੋਜਨਾ ਬਣਾ ਸਕਦੇ ਹਨ, ਸੋਸ਼ਲ ਮੀਡੀਆ ਮੁਹਿੰਮਾਂ ਦਾ ਵਿਕਾਸ ਕਰ ਸਕਦੇ ਹਨ ਅਤੇ ਨਵੀਆਂ ਮੁਹਿੰਮਾਂ ਦੀ ਪ੍ਰਭਾਵਸ਼ੀਲਤਾ ਦਾ ਵਿਸ਼ਲੇਸ਼ਣ ਕਰਨ ਲਈ ਡੇਟਾ ਇਕੱਠਾ ਕਰ ਸਕਦੇ ਹਨ।ਉਹ ਕਿਸੇ ਮੁਹਿੰਮ ਦੇ ਨਤੀਜਿਆਂ ਬਾਰੇ ਚਰਚਾ ਕਰਨ ਲਈ ਸੋਸ਼ਲ ਮੀਡੀਆ ਟੀਮਾਂ ਨਾਲ ਵੀ ਮਿਲ ਸਕਦੇ ਹਨ।2.ਸੋਸ਼ਲ ਮੀਡੀਆ ਮਾਹਰ ਰਾਸ਼ਟਰੀ ਔਸਤ ਤਨਖਾਹ: £53,255 ਪ੍ਰਤੀ ਸਾਲ ਪ੍ਰਾਇਮਰੀ ਫਰਜ਼: ਇੱਕ ਸੋਸ਼ਲ ਮੀਡੀਆ ਮਾਹਰ ਇੱਕ ਮਾਰਕੀਟਿੰਗ ਪੇਸ਼ੇਵਰ ਹੁੰਦਾ ਹੈ ਜੋ ਸੋਸ਼ਲ ਮੀਡੀਆ ਪਲੇਟਫਾਰਮਾਂ ਦੇ ਪ੍ਰਬੰਧਨ ਵਿੱਚ ਮੁਹਾਰਤ ਰੱਖਦਾ ਹੈ। ਉਹਨਾਂ ਦੇ ਕਰਤੱਵਾਂ ਵਿੱਚ ਇੱਕ ਨਿਸ਼ਾਨਾ ਦਰਸ਼ਕਾਂ ਦੀ ਖੋਜ ਕਰਨਾ, ਪੋਸਟਾਂ ਬਣਾਉਣਾ ਅਤੇ ਗਾਹਕਾਂ ਨਾਲ ਸੰਚਾਰ ਕਰਨਾ ਸ਼ਾਮਲ ਹੋ ਸਕਦਾ ਹੈ।ਉਹ ਇਹ ਨਿਰਧਾਰਤ ਕਰਨ ਲਈ ਇੱਕ ਮਾਰਕੀਟਿੰਗ ਟੀਮ ਨਾਲ ਵੀ ਸਹਿਯੋਗ ਕਰ ਸਕਦੇ ਹਨ ਕਿ ਕਿਹੜੀਆਂ ਮੀਡੀਆ ਰਣਨੀਤੀਆਂ ਸਭ ਤੋਂ ਪ੍ਰਭਾਵਸ਼ਾਲੀ ਹੋ ਸਕਦੀਆਂ ਹਨ। 3. ਸੋਸ਼ਲ ਮੀਡੀਆ ਮੈਨੇਜਰ ਰਾਸ਼ਟਰੀ ਔਸਤ ਤਨਖਾਹ: £55,933 ਪ੍ਰਤੀ ਸਾਲ ਪ੍ਰਾਇਮਰੀ ਫਰਜ਼: ਸੋਸ਼ਲ ਮੀਡੀਆ ਪ੍ਰਬੰਧਕ ਸੋਸ਼ਲ ਮੀਡੀਆ ਟੀਮਾਂ ਦੀ ਨਿਗਰਾਨੀ ਕਰਨ ਵਿੱਚ ਮਦਦ ਕਰਦੇ ਹਨ। ਉਹ ਕੰਮ ਸੌਂਪ ਸਕਦੇ ਹਨ, ਪ੍ਰਕਾਸ਼ਨ ਅਨੁਸੂਚੀ ਦੀ ਨਿਗਰਾਨੀ ਕਰ ਸਕਦੇ ਹਨ ਅਤੇ ਕਿਸੇ ਕੰਪਨੀ ਲਈ ਕਈ ਸੋਸ਼ਲ ਮੀਡੀਆ ਪਲੇਟਫਾਰਮਾਂ ਦਾ ਪ੍ਰਬੰਧਨ ਕਰ ਸਕਦੇ ਹਨ। ਉਹ ਸੋਸ਼ਲ ਮੀਡੀਆ ਵਿਸ਼ਲੇਸ਼ਣ ਨੂੰ ਵੀ ਟਰੈਕ ਕਰ ਸਕਦੇ ਹਨ ਅਤੇ ਵੱਖ-ਵੱਖ ਸਮੱਗਰੀ ਰਣਨੀਤੀਆਂ ਬਣਾ ਸਕਦੇ ਹਨ ਅਤੇ ਪ੍ਰਬੰਧਿਤ ਕਰ ਸਕਦੇ ਹਨ। ਹੋਰ ਪੜ੍ਹੋ: ਸੋਸ਼ਲ ਮੀਡੀਆ ਮੈਨੇਜਰ ਬਣਨ ਬਾਰੇ ਜਾਣੋ 4.ਸਮੱਗਰੀ ਰਣਨੀਤੀਕਾਰ ਰਾਸ਼ਟਰੀ ਔਸਤ ਤਨਖਾਹ: £72,825 ਪ੍ਰਤੀ ਸਾਲ ਪ੍ਰਾਇਮਰੀ ਕਰਤੱਵਾਂ: ਇੱਕ ਸਮੱਗਰੀ ਰਣਨੀਤੀਕਾਰ ਬਲੌਗ ਪੋਸਟਾਂ, ਲੇਖਾਂ ਅਤੇ ਸੋਸ਼ਲ ਮੀਡੀਆ ਪੋਸਟਾਂ ਸਮੇਤ ਸਮੱਗਰੀ ਬਣਾਉਣ ਲਈ ਯੋਜਨਾਵਾਂ ਤਿਆਰ ਕਰਨ ਵਿੱਚ ਮਦਦ ਕਰਦਾ ਹੈ।ਉਹ ਨਵੀਂ ਸਮੱਗਰੀ ਡਿਜ਼ਾਈਨ ਕਰ ਸਕਦੇ ਹਨ, ਉਤਪਾਦਨ ਕੈਲੰਡਰ ਦੀ ਨਿਗਰਾਨੀ ਕਰ ਸਕਦੇ ਹਨ ਅਤੇ ਪ੍ਰਕਾਸ਼ਨ ਤੋਂ ਪਹਿਲਾਂ ਪੋਸਟਾਂ ਦੀ ਸਮੀਖਿਆ ਕਰ ਸਕਦੇ ਹਨ। ਉਹ ਮਾਰਕੀਟ ਖੋਜ ਵੀ ਕਰ ਸਕਦੇ ਹਨ। 5. ਬ੍ਰਾਂਡ ਰਣਨੀਤੀਕਾਰ ਰਾਸ਼ਟਰੀ ਔਸਤ ਤਨਖਾਹ: £78,280 ਪ੍ਰਤੀ ਸਾਲ ਪ੍ਰਾਇਮਰੀ ਕਰਤੱਵਾਂ: ਬ੍ਰਾਂਡ ਰਣਨੀਤੀਕਾਰ ਇੱਕ ਬ੍ਰਾਂਡ ਜਾਂ ਪਛਾਣ ਨੂੰ ਉਤਸ਼ਾਹਿਤ ਕਰਨ ਵਿੱਚ ਮੁਹਾਰਤ ਰੱਖਦੇ ਹਨ। ਉਹ ਮਾਰਕੀਟ ਦੇ ਰੁਝਾਨਾਂ ਦਾ ਵਿਸ਼ਲੇਸ਼ਣ ਕਰਦੇ ਹਨ, ਨਿਸ਼ਾਨਾ ਦਰਸ਼ਕਾਂ ਨੂੰ ਨਿਰਧਾਰਤ ਕਰਦੇ ਹਨ ਅਤੇ ਕੰਪਨੀਆਂ ਲਈ ਮਾਰਕੀਟਿੰਗ ਰਣਨੀਤੀਆਂ ਵਿਕਸਿਤ ਕਰਦੇ ਹਨ।ਉਹ ਕੰਪਨੀਆਂ ਨੂੰ ਸਕਾਰਾਤਮਕ ਬ੍ਰਾਂਡ ਚਿੱਤਰਾਂ ਨੂੰ ਬਣਾਈ ਰੱਖਣ ਵਿੱਚ ਵੀ ਮਦਦ ਕਰਦੇ ਹਨ। ਕੀ ਤੁਹਾਨੂੰ ਆਪਣੇ ਰੈਜ਼ਿਊਮੇ ਵਿੱਚ ਮਦਦ ਦੀ ਲੋੜ ਹੈ ?ਰਵਾਇਤੀ ਮੀਡੀਆ ਵਿੱਚ ਕਰੀਅਰ ਇੱਥੇ ਰਵਾਇਤੀ ਮੀਡੀਆ ਵਿੱਚ ਕੁਝ ਖਾਸ ਨੌਕਰੀਆਂ ਹਨ।ਅਸਲ ਵਿੱਚ ਸਭ ਤੋਂ ਨਵੀਨਤਮ ਤਨਖਾਹ ਜਾਣਕਾਰੀ ਲਈ 1. ਪ੍ਰਚਾਰਕ ਰਾਸ਼ਟਰੀ ਔਸਤ ਤਨਖਾਹ: £52,869 ਪ੍ਰਤੀ ਸਾਲ ਪ੍ਰਾਇਮਰੀ ਕਰਤੱਵਾਂ: ਇੱਕ ਪ੍ਰਚਾਰਕ ਇਹ ਯਕੀਨੀ ਬਣਾਉਣ ਵਿੱਚ ਮਦਦ ਕਰਦਾ ਹੈ ਕਿ ਇੱਕ ਸੁਨੇਹਾ ਇਸਦੇ ਉਦੇਸ਼ ਵਾਲੇ ਟੀਚੇ ਵਾਲੇ ਦਰਸ਼ਕਾਂ ਨਾਲ ਮੇਲ ਖਾਂਦਾ ਹੈ।

**-ਵਿਜੇ ਗਰਗ**